ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 16 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੩੦ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪਰਵਿੰਦਰ ਸਿੰਘ ਝੋਟਾ ਦੇ ਕਤਲ ਦਾ ਮਾਮਲਾ ਪੁੱਜਾ ਹਾਈਕੋਰਟ, ਅਦਾਲਤ ਨੂੰ ਕੀਤੀ ਗਈ ਵੱਡੀ ਮੰਗ




**ਚੰਡੀਗੜ੍ਹ/ਮਾਨਸਾ, 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮਾਨਸਾ 'ਚ ਨਸ਼ਾ ਵਿਰੋਧੀ ਕੁਰਕੰਨ ਪਰਵਿੰਦਰ ਸਿੰਘ ਝੋਟਾ ਦੇ ਕਤਲ ਦਾ ਮਾਮਲਾ ਹੁਣ ਪੰਜਾਬ ਅਤੇ ਹਰਿਆਣਾ ਹਾਈਕੋਰਟ 'ਚ ਪਹੁੰਚ ਗਿਆ ਹੈ। ਇਸ ਕਤਲਕਾਂਡ ਮਾਮਲੇ 'ਚ ਇਨਸਾਫ਼ ਦੀ ਮੰਗ ਨੂੰ ਲੈ ਕੇ ਅਦਾਲਤ 'ਚ ਇਕ ਜਨਹਿੱਤ ਪਟੀਸ਼ਨ (ਪੀ. ਆਈ. ਐੱਲ.) ਦਾਇਰ ਕੀਤੀ ਗਈ ਹੈ। ਇਸ ਪਟੀਸ਼ਨ 'ਚ ਮੰਗ ਕੀਤੀ ਗਈ ਹੈ ਕਿ ਮਾਮਲੇ ਦੀ ਨਿਰਪੱਖ ਜਾਂਚ ਸੀ. ਬੀ. ਆਈ. ਤੋਂ ਕਰਵਾਈ ਜਾਵੇ। ਦੱਸ ਦੇਈਏ ਕਿ ਇਸ ਕਤਲਕਾਂਡ ਨੂੰ ਲੈ ਕੇ ਅੱਜ ਪੰਜਾਬ ਬੰਦ ਦਾ ਸੱਦਾ ਦਿੱਤਾ ਗਿਆ ਹੈ। ਪੁਲਸ ਨੇ ਮਾਮਲੇ ਸਬੰਧੀ ਮੁੱਖ ਮੁਲਜ਼ਮ ਅਸ਼ਵਨੀ ਕੁਮਾਰ ਦੀ ਪਤਨੀ ਸਣੇ ਜਿੱਥੇ 2 ਲੋਕਾਂ ਨੂੰ ਨਾਮਜ਼ਦ ਕੀਤਾ ਹੈ, ਉੱਥੇ ਹੀ ਮਾਨਸਾ ਦੇ ਥਾਣਾ ਸਿਟੀ-2 ਦੀ ਐੱਸ. ਐੱਚ. ਓ. ਬੇਅੰਤ ਕੌਰ ਨੂੰ ਸਸਪੈਂਡ ਕੀਤਾ ਗਿਆ ਹੈ।

## ਪਰਵਿੰਦਰ ਸਿੰਘ 'ਝੋਟਾ' ਕਤਲਕਾਂਡ

# ਪੰਜਾਬ ਰਿਹਾ ਮੁਕੰਮਲ ਬੰਦ




**ਚੰਡੀਗੜ੍ਹ/ਮਾਨਸਾ, 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਮਾਨਸਾ 'ਚ ਪਰਵਿੰਦਰ ਸਿੰਘ ਝੋਟਾ ਦੇ ਕਤਲ ਲਈ ਇਨਸਾਫ਼ ਦੀ ਮੰਗ ਨੂੰ ਲੈ ਕੇ ਵੱਖ-ਵੱਖ ਕਿਸਾਨ ਸੰਗਠਨਾਂ ਨੇ ਅੱਜ ਪੰਜਾਬ ਬੰਦ ਦੀ ਕਾਲ ਦਿੱਤੀ ਸੀ, ਜਿਸ ਦੌਰਾਨ ਪੂਰਾ ਪੰਜਾਬ ਮੁਕੰਮਲ ਤੌਰ 'ਤੇ ਬੰਦ ਰਿਹਾ। ਪੁਲਿਸ ਅਤੇ ਕਿਸਾਨ ਜਥੇਬੰਦੀਆਂ ਨਾਲ ਇੱਕਾ-ਦੁੱਕਾ ਤਣਾਅਪੂਰਨ ਘਟਨਾਵਾਂ ਨੂੰ ਛੱਡ ਕੇ ਬੰਦ ਮੁਕੰਮਲ ਤੌਰ 'ਤੇ ਸ਼ਾਂਤੀਪੂਰਨ ਰਿਹਾ। ਪੂਰੇ ਪੰਜਾਬ ਦੇ ਨੌਜਵਾਨ ਤੇ ਹੋਰ ਲੋਕ ਆਪ ਮੁਹਾਰੇ ਸੜਕਾਂ 'ਤੇ ਉਤਰੇ ਅਤੇ ਪੰਜਾਬ ਸਰਕਾਰ ਦੇ ਵਿਰੁੱਧ ਆਪਣਾ ਗੁੱਸਾ ਜ਼ਾਹਰ ਕੀਤਾ। ਇਸੇ ਦੌਰਾਨ ਇਨਸਾਫ਼ ਦੀ ਮੰਗ ਨੂੰ ਲੈ ਕੇ ਜਲੰਧਰ-ਫਗਵਾੜਾ ਰਾਸ਼ਟਰੀ ਰਾਜਮਾਰਗ ਨੂੰ ਕਿਸਾਨਾਂ ਨੇ ਪੂਰੀ ਤਰ੍ਹਾਂ ਬੰਦ ਕਰ ਦਿੱਤਾ ਗਿਆ। ਕਿਸਾਨ ਸੰਗਠਨਾਂ ਦੇ ਮੈਂਬਰ ਜਲੰਧਰ-ਪਰਾਗਪੁਰ ਰਾਸ਼ਟਰੀ ਰਾਜਮਾਰਗ 'ਤੇ ਪਹੁੰਚੇ ਅਤੇ ਜਾਮ ਲਗਾ ਕੇ ਧਰਨਾ ਪ੍ਰਦਰਸ਼ਨ ਸ਼ੁਰੂ ਕੀਤਾ। ਕਿਸਾਨਾਂ ਦੇ ਧਰਨੇ ਕਾਰਨ ਨੈਸ਼ਨਲ ਹਾਈਵੇਅ 'ਤੇ ਲੰਬਾ ਜਾਮ ਲੱਗ ਗਿਆ ਹੈ। ਇਸ ਨਾਲ ਹਾਈਵੇਅ ਤੋਂ ਲੰਘਣ ਵਾਲੇ ਚਾਲਕਾਂ ਅਤੇ ਰਾਹਗੀਰਾਂ ਨੂੰ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸੜਕ 'ਤੇ ਵਾਹਨਾਂ ਦੀਆਂ ਲੰਬੀਆਂ ਕਤਾਰਾਂ ਲੱਗਣ ਕਾਰਨ ਆਵਾਜਾਈ ਵਿਘਨ ਪਈ ਹੈ। ਕਿਸਾਨ ਸੰਗਠਨ ਪਰਮਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਵਿੱਚ ਪੀੜਤ ਪਰਿਵਾਰ ਲਈ ਇਨਸਾਫ਼ ਦੀ ਮੰਗ ਕਰ ਰਹੇ ਹਨ। ਮਾਨਸਾ ਵਿਖੇ ਵੀ ਭਾਰੀ ਇਕੱਠ ਹੋਇਆ। ਲੋਕਾਂ ਦਾ ਹੜ੍ਹ ਪੂਰੇ ਮਾਨਸਾ 'ਚ ਦੇਖਣ ਨੂੰ ਮਿਲਿਆ ਅਤੇ ਸਿੱਖ ਜਥੇਬੰਦੀਆਂ ਤੇ ਲੋਕ ਆਪ ਮੁਹਾਰੇ ਲੰਗਰ ਅਤੇ ਹੋਰ ਜ਼ਰੂਰੀ ਵਸਤਾਂ ਦੀ ਸੇਵਾ ਕਰਦੇ ਦੇਖੇ ਗਏ।

## ਪਰਵਿੰਦਰ ਝੋਟਾ ਕਤਲਕਾਂਡ 'ਚ ਮਾਨਸਾ ਦੀ SHO ਸਸਪੈਂਡ, DSP ਹਰਜਿੰਦਰ ਸਿੰਘ ਗਿੱਲ ਖਿਲਾਫ਼ ਵੀ ਐਕਸ਼ਨ ਦੀ ਤਿਆਰੀ


OFFICE OF THE SENIOR SUPDT. OF POLICE, MANSA.

3966-73 ... 15-10-2026

**ਮਾਨਸਾ, 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪਰਵਿੰਦਰ ਝੋਟਾ ਕਤਲਕਾਂਡ 'ਚ ਪੰਜਾਬ ਸਰਕਾਰ ਵੱਲੋਂ ਵੱਡਾ ਐਕਸ਼ਨ ਲਿਆ ਗਿਆ ਹੈ। ਮਾਨਸਾ ਦੀ ਐਸ. ਐਚ. ਓ. ਬੇਅੰਤ ਕੌਰ ਨੂੰ ਸਸਪੈਂਡ ਕੀਤਾ ਗਿਆ ਹੈ। ਇੰਨਾ ਹੀ ਨਹੀਂ ਡੀ. ਐਸ. ਪੀ. ਹਰਜਿੰਦਰ ਸਿੰਘ ਗਿੱਲ ਖਿਲਾਫ਼ ਵੀ ਐਕਸ਼ਨ ਦੀ ਤਿਆਰੀ ਹੋ ਰਹੀ ਹੈ। ਪੰਜਾਬੀਸੱਭਿਆਚਾਰਕ ਸਮਾਗਮ ਇਸ ਦੇ ਨਾਲ ਹੀ ਮੈਡੀਕਲ ਸਟੋਰ ਮਾਲਕ ਅਸ਼ਵਨੀ ਦੇ ਅਸਲੇ ਬਾਰੇ ਵੀ ਵੱਡਾ ਖੁਲਾਸਾ ਹੋਇਆ ਹੈ। ਕਾਤਲ ਅਸ਼ਵਨੀ ਕੁਮਾਰ ਦੇ ਨਾਂ 'ਤੇ ਦੋਵਾਂ ਹਥਿਆਰਾਂ ਦਾ ਲਾਇਸੈਂਸ ਸੀ। ਅਸ਼ਵਨੀ ਕੁਮਾਰ ਕੋਲ ਪਿਸਤੌਲ 'ਤੇ 12 ਬੋਰ ਦੀ ਬੰਦੂਕ ਸੀ ਜਿਸ ਦਾ ਲਾਇਸੈਂਸ ਉਸ ਨੇ ਸਾਲ 2024 'ਚ ਬਣਾਇਆ ਸੀ। ਉਸ ਨੇ ਜਨਵਰੀ 2025 'ਚ ਦੋਵੇਂ ਹਥਿ/ਆਰ ਖਰੀਦੇ ਸਨ। ਦੱਸ ਦੇਈਏ ਕਿ ਪਰਵਿੰਦਰ ਝੋਟਾ ਦੇ 13 ਅਕਤੂਬਰ ਨੂੰ ਮਾਨਸਾ ਵਿਚ ਨਸ਼ਾ ਵੇਚਣ ਦਾ ਵਿਰੋਧ ਕਰਨ 'ਤੇ ਫੇਸਬੁੱਕ ਲਾਈਵ ਦੌਰਾਨ ਮੈਡੀਕਲ ਸਟੋਰ ਮਾਲਕ ਅਸ਼ਵਨੀ ਕੁਮਾਰ ਨੇ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਸੀ। ਅਸ਼ਵਨੀ ਨੂੰ ਪੁਲਿਸ ਰਾਜਸਥਾਨ ਤੋਂ ਗ੍ਰਿਫਤਾਰ ਕਰ ਚੁੱਕੀ ਹੈ। ਉਸ ਦੇ ਘਰ ਤੇ ਦੁਕਾਨ 'ਤੇ ਵੀ ਬੁਲਡੋਜ਼ਰ ਚਲਾਇਆ ਗਿਆ ਹੈ। ਪਰਵਿੰਦਰ ਝੋਟਾ ਦੇ ਪਰਿਵਾਰ ਨੇ ਅੰਤਿਮ ਸਸਕਾਰ ਕਰਨ ਤੋਂ ਇਨਕਾਰ ਕਰ ਦਿੱਤਾ ਹੈ ਤੇ ਨਾਲ ਹੀ ਉਨ੍ਹਾਂ ਨੇ ਪੂਰੇ ਮਾਮਲੇ ਦੀ ਸੀਬੀਆਈ ਜਾਂਚ ਦੀ ਮੰਗ ਕੀਤੀ ਹੈ।

## ਪਾਕਿਸਤਾਨ 'ਚ ਵੱਡਾ ਹਾਦਸਾ, ਸਕੂਲ ਦੀ ਛੱਤ ਡਿੱਗਣ ਕਾਰਨ 28 ਬੱਚਿਆਂ ਤੇ ਅਧਿਆਪਕਾਂ ਦੀ ਮੌਤ, 13 ਸਾਲ ਤੋਂ ਘੱਟ ਦੇ ਸਨ ਮ੍ਰਿਤਕ ਬੱਚੇ



**ਇਸਲਾਮਾਬਾਦ, 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਦੇ ਇੱਕ ਨਿੱਜੀ ਸਕੂਲ ਵਿੱਚ ਇੱਕ ਵੱਡਾ ਹਾਦਸਾ ਵਾਪਰਿਆ। ਵੀਰਵਾਰ, 15 ਅਕਤੂਬਰ ਨੂੰ ਪੇਸ਼ਾਵਰ ਦੀ ਦੀਰ ਕਲੋਨੀ ਵਿੱਚ ਇੱਕ ਨਿੱਜੀ ਸਕੂਲ ਦੀ ਛੱਤ ਡਿੱਗਣ ਨਾਲ ਘੱਟੋ-ਘੱਟ 28 ਜਣਿਆਂ ਦੀ ਮੌਤ ਹੋ ਗਈ, ਜਿਨ੍ਹਾਂ ਵਿੱਚ 20 ਵਿਦਿਆਰਥੀ ਅਤੇ ਇੱਕ ਮਹਿਲਾ ਅਧਿਆਪਕਾ ਸ਼ਾਮਲ ਸੀ। (ਮੌਤਾਂ ਦੀ ਗਿਣਤੀ ਵੱਧਣ ਦਾ ਖਦਸ਼ਾ ਹੈ।) ਪਾਕਿਸਤਾਨੀ ਅਖਬਾਰ ਡਾਨ ਦੀ ਰਿਪੋਰਟ ਅਨੁਸਾਰ, ਲੇਡੀ ਰੀਡਿੰਗ ਹਸਪਤਾਲ ਦੇ ਬੁਲਾਰੇ ਮੁਹੰਮਦ ਅਸੀਮ ਨੇ ਇੱਕ ਬਿਆਨ ਵਿੱਚ ਪੁਸ਼ਟੀ ਕੀਤੀ ਕਿ ਇਸ ਘਟਨਾ ਵਿੱਚ 28 ਲੋਕਾਂ ਦੀ ਮੌਤ ਹੋ ਗਈ ਹੈ ਅਤੇ ਹਸਪਤਾਲ ਵਿੱਚ ਐਮਰਜੈਂਸੀ ਘੋਸ਼ਿਤ ਕਰ ਦਿੱਤੀ ਗਈ ਹੈ। ਇਸ ਤੋਂ ਪਹਿਲਾਂ, ਬੁਲਾਰੇ ਅਸੀਮ ਨੇ ਕਿਹਾ ਸੀ ਕਿ 17 ਵਿਦਿਆਰਥੀਆਂ ਦੀ ਮੌਤ ਹੋ ਗਈ ਹੈ, ਜਿਨ੍ਹਾਂ ਵਿੱਚੋਂ ਸਾਰੇ 13 ਸਾਲ ਜਾਂ ਇਸ ਤੋਂ ਘੱਟ ਉਮਰ ਦੇ ਸਨ। ਉਨ੍ਹਾਂ ਇਹ ਵੀ ਕਿਹਾ ਕਿ 17 ਹੋਰ ਜ਼ਖਮੀ ਵਿਦਿਆਰਥੀਆਂ ਨੂੰ ਹਸਪਤਾਲ ਲਿਆਂਦਾ ਗਿਆ ਹੈ। ਸਕੂਲ ਵਿੱਚ ਬਚਾਅ ਕਾਰਜ ਜਾਰੀ ਹਨ। ਰਿਪੋਰਟ ਦੇ ਅਨੁਸਾਰ, ਪਾਕਿਸਤਾਨ ਵਿੱਚ ਛੱਤਾਂ ਅਤੇ ਇਮਾਰਤਾਂ ਦੇ ਢਹਿਣ ਦੀਆਂ ਘਟਨਾਵਾਂ ਆਮ ਹਨ, ਮੁੱਖ ਤੌਰ 'ਤੇ ਮਾੜੇ ਸੁਰੱਖਿਆ ਮਾਪਦੰਡਾਂ ਅਤੇ ਘਟੀਆ ਨਿਰਮਾਣ ਸਮੱਗਰੀ ਦੀ ਵਰਤੋਂ ਕਾਰਨ। ਜੁਲਾਈ ਦੇ ਸ਼ੁਰੂ ਵਿੱਚ, ਉਮਰਕੋਟ ਨੇੜੇ ਇੱਕ ਸਰਕਾਰੀ ਪ੍ਰਾਇਮਰੀ ਸਕੂਲ ਦੀ ਬਾਹਰੀ ਕੰਧ ਦਾ ਇੱਕ ਹਿੱਸਾ ਡਿੱਗ ਗਿਆ ਸੀ, ਜਿਸ ਵਿੱਚ 3 ਤੋਂ 13 ਸਾਲ ਦੀਆਂ ਤਿੰਨ ਕੁੜੀਆਂ ਦੀ ਮੌਤ ਹੋ ਗਈ ਸੀ। ਉਸੇ ਮਹੀਨੇ, ਲਾਹੌਰ ਦੇ ਬਾਗਬਾਨਪੁਰਾ ਖੇਤਰ ਵਿੱਚ ਨਿਰਮਾਣ ਅਧੀਨ ਇੱਕ ਨਿੱਜੀ ਸਕੂਲ ਦੀ ਇਮਾਰਤ ਦੀ ਛੱਤ ਡਿੱਗ ਗਈ ਸੀ, ਜਿਸ ਵਿੱਚ ਇੱਕ ਬੱਚੇ ਦੀ ਮੌਤ ਹੋ ਗਈ ਸੀ ਅਤੇ ਘੱਟੋ-ਘੱਟ ਪੰਜ ਹੋਰ ਜ਼ਖਮੀ ਹੋ ਗਏ ਸਨ। ਰਿਪੋਰਟ ਅਨੁਸਾਰ, ਜੂਨ ਵਿੱਚ, ਲਾਹੌਰ ਦੇ ਕਾਹਨਾ ਖੇਤਰ ਵਿੱਚ ਇੱਕ ਨਿੱਜੀ ਟਿਊਸ਼ਨ ਸੈਂਟਰ ਦੀ ਛੱਤ ਡਿੱਗ ਗਈ ਸੀ, ਜਿਸ ਵਿੱਚ 14 ਬੱਚਿਆਂ ਦੀ ਮੌਤ ਹੋ ਗਈ ਸੀ। ਇਹ ਘਟਨਾ ਡੇਰਾ ਗਾਜ਼ੀ ਖਾਨ ਦੇ ਇੱਕ ਨਿੱਜੀ ਸਕੂਲ ਵਿੱਚ ਇੱਕ ਕਲਾਸਰੂਮ ਦੀ ਛੱਤ ਡਿੱਗਣ ਤੋਂ ਦੋ ਮਹੀਨਿਆਂ ਤੋਂ ਵੀ ਘੱਟ ਸਮੇਂ ਬਾਅਦ ਵਾਪਰੀ ਹੈ, ਜਿਸ ਵਿੱਚ ਚਾਰ ਬੱਚੇ ਮਾਰੇ ਗਏ ਸਨ ਅਤੇ 20 ਜ਼ਖਮੀ ਹੋ ਗਏ ਸਨ। ਡੇਰਾ ਗਾਜ਼ੀ ਖਾਨ ਘਟਨਾ ਦੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਟਿਊਸ਼ਨ ਸੈਂਟਰ ਦੇ ਵਿਸਥਾਰ ਦੇ ਕੰਮ ਦੌਰਾਨ ਕਲਾਸਰੂਮ ਦੀ ਛੱਤ ਡਿੱਗ ਗਈ ਸੀ।

## 'ਪੰਜਾਬ ਬੰਦ' ਵਿਚਾਲੇ ਇਨ੍ਹਾਂ ਸਕੂਲਾਂ ਨੂੰ ਧਮਕੀ, ਚੰਡੀਗੜ੍ਹ ਪੁਲਸ ਨੇ ਵਧਾਈ ਸੁਰੱਖਿਆ



**ਚੰਡੀਗੜ੍ਹ, 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪਰਵਿੰਦਰ ਸਿੰਘ ਝੋਟਾ ਕਤਲ ਮਾਮਲੇ ਨੂੰ ਲੈ ਕੇ ਜਿੱਥੇ ਅੱਜ ਪੰਜਾਬ ਬੰਦ ਦੀ ਕਾਲ ਦਿੱਤੀ ਗਈ ਹੈ, ਉੱਥੇ ਹੀ ਚੰਡੀਗੜ੍ਹ ਦੇ ਤਿੰਨ ਸਰਕਾਰੀ ਸਕੂਲਾਂ ਸੈਕਟਰ-20, ਸੈਕਟਰ-23 ਅਤੇ ਸੈਕਟਰ-32 ਨੂੰ ਅੱਜ ਸਵੇਰੇ ਈਮੇਲ ਰਾਹੀਂ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ, ਜਿਸ ਨਾਲ ਸ਼ਹਿਰ 'ਚ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ। ਇਹ ਈਮੇਲ ਵੀਰਵਾਰ ਸਵੇਰੇ ਕਰੀਬ 9:08 ਵਜੇ 'ਕੈਨੇਥ ਮੈਕਸਿਮਸ' ਨਾਮ ਦੇ ਖ਼ਾਤੇ ਤੋਂ ਭੇਜੀ ਗਈ ਹੈ। ਈਮੇਲ 'ਚ 'ਖਾਲਿਸਤਾਨ ਜ਼ਿੰਦਾਬਾਦ' ਦੇ ਨਾਅਰੇ ਲਿਖਣ ਦੇ ਨਾਲ-ਨਾਲ ਸਕੂਲਾਂ ਵਿੱਚ ਧਮਾਕੇ ਕਰਨ ਦੀ ਚਿਤਾਵਨੀ ਦਿੱਤੀ ਗਈ ਹੈ। ਇਸ ਤੋਂ ਇਲਾਵਾ ਈਮੇਲ 'ਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਡੀ. ਜੀ. ਪੀ. ਦਫ਼ਤਰ ਨੂੰ ਵੀ ਨਿਸ਼ਾਨਾ ਬਣਾਉਣ ਦਾ ਜ਼ਿਕਰ ਕੀਤਾ ਗਿਆ ਹੈ। ਧਮਕੀ ਭਰੇ ਸੰਦੇਸ਼ 'ਚ ਸਪੱਸ਼ਟ ਲਿਖਿਆ ਗਿਆ ਹੈ ਕਿ ਪਰਵਿੰਦਰ ਸਿੰਘ ਝੋਟਾ ਦੀ ਮੌਤ ਦਾ ਬਦਲਾ ਲੈਣ ਲਈ ਮੁੱਖ ਮੰਤਰੀ ਨੂੰ ਨਿਸ਼ਾਨਾ ਬਣਾਇਆ ਜਾਵੇਗਾ। ਸੰਦੇਸ਼ ਦੇ ਅਖ਼ੀਰ 'ਚ 'ਖਾਲਿਸਤਾਨ ਨੈਸ਼ਨਲ ਆਰਮੀ' ਅਤੇ 'ਬੱਬਰ ਖਾਲਸਾ (ਪਰਮਾਰ-ਕੈਨੇਡਾ)' ਵਰਗੇ ਸੰਗਠਨਾਂ ਸਮੇਤ ਕੁੱਝ ਵਿਅਕਤੀਆਂ ਦੇ ਨਾਮ ਲਿਖੇ ਹੋਏ ਹਨ। ਧਮਕੀ ਮਿਲਣ ਤੋਂ ਤੁਰੰਤ ਬਾਅਦ ਚੰਡੀਗੜ੍ਹ ਪੁਲਸ ਅਤੇ ਬੰਬ ਨਿਰੋਧਕ ਦਸਤੇ ਦੀਆਂ ਟੀਮਾਂ ਜਾਂਚ ਲਈ ਮੌਕੇ 'ਤੇ ਪਹੁੰਚ ਗਈਆਂ। ਪੁਲਸ ਵੱਲੋਂ ਬਾਰੀਕੀ ਨਾਲ ਤਲਾਸ਼ੀ ਲਈ ਗਈ ਪਰ ਅਜੇ ਤੱਕ ਕੋਈ ਵੀ ਬੰਬ ਜਾਂ ਸ਼ੱਕੀ ਵਸਤੂ ਬਰਾਮਦ ਨਹੀਂ ਹੋਈ ਹੈ। ਪੁਲਸ ਈਮੇਲ ਭੇਜਣ ਵਾਲੇ ਦੀ ਪਛਾਣ ਅਤੇ ਸੰਦੇਸ਼ ਦੀ ਸੱਚਾਈ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ।

## 'ਪੰਜਾਬ ਬੰਦ' ਦੌਰਾਨ ਨੌਜਵਾਨ ਦੀ ਮੌਤ ! ਪਰਵਿੰਦਰ ਝੋਟੇ ਦੇ ਇਨਸਾਫ਼ ਲਈ ਲੱਗੇ ਧਰਨੇ ਦੌਰਾਨ ਵਾਪਰੀ ਅਣਹੋਣੀ

**ਲੁਧਿਆਣਾ, 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-'ਪੰਜਾਬ ਬੰਦ' ਦੌਰਾਨ ਚੰਡੀਗੜ੍ਹ ਰੋਡ ਤੇ ਉਸ ਸਮੇਂ ਭਿਆਨਕ ਹਾਦਸਾ ਵਾਪਰ ਗਿਆ, ਜਦੋਂ ਸੋਸ਼ਲ ਐਕਟੀਵਿਸਟ ਪਰਵਿੰਦਰ ਸਿੰਘ ਝੋਟਾ ਨੂੰ ਇਨਸਾਫ ਦਵਾਉਣ ਲਈ ਆਲੇ ਦੁਆਲੇ ਦੇ ਪਿੰਡ ਦੇ ਲੋਕਾਂ ਨੇ ਰੋਸ ਪ੍ਰਦਰਸ਼ਨ ਕਰਦੇ ਹੋਇਆਂ ਮੁੱਖ ਸੜਕ 'ਤੇ ਧਰਨਾ ਲਗਾਇਆ ਤੇ ਇਸ ਦੌਰਾਨ ਇਕ ਨੌਜਵਾਨ 11000 ਵੋਲਟੇਜ ਦੀਆਂ ਨਿਕਲ ਰਹੀਆਂ ਬਿਜਲੀ ਦੀਆਂ ਤਾਰਾਂ ਦੀ ਚਪੇਟ ਵਿਚ ਆ ਗਿਆ, ਜਿਸ ਦੀ ਮੌਕੇ 'ਤੇ ਹੀ ਦਰਦਨਾਕ ਮੌਤ ਹੋ ਗਈ। ਪ੍ਰਾਪਤ ਵੇਰਵੇ ਅਨੁਸਾਰ ਲੋਕਾਂ ਵੱਲੋਂ ਕੀਤੇ ਜਾ ਰਹੇ ਭਾਰੀ ਪ੍ਰਦਰਸ਼ਨ



ਵਿਚ ਪੁਹੰਚੇ ਨੌਜਵਾਨ ਦੇ ਹੱਥ ਵਿਚ ਲੋਹੇ ਦੀ ਇਕ ਰਾਡ ਫੜੀ ਸੀ, ਜੋ ਉੱਪਰੋਂ ਲੰਘ ਰਹੀਆਂ ਬਿਜਲੀ ਦੀਆਂ 11000 ਵੋਲਟੇਜ ਤਾਰਾਂ ਨਾਲ ਟਕਰਾਈ ਅਤੇ ਨੌਜਵਾਨ ਉਸ ਦੀ ਲਪੇਟ ਵਿਚ ਆ ਗਿਆ। ਉਸ ਨੂੰ ਤੁਰੰਤ ਹਸਪਤਾਲ ਲੈ ਕੇ ਗਿਆ ਪਰ ਰਸਤੇ ਦੇ ਵਿਚ ਨੌਜਵਾਨ ਦੀ ਮੌਤ ਹੋ ਗਈ ਉਸ ਤੋਂ ਬਾਅਦ ਪਰਿਵਾਰ ਵਾਲਿਆਂ ਦਾ ਰੋ-ਰੋ ਬੁਰਾ ਹਾਲ ਹੈ।

### 'ਪੰਜਾਬ ਬੰਦ' ਦੌਰਾਨ ਵੱਡੀ ਘਟਨਾ; ਨਸ਼ੇ ਦੀ ਓਵਰਡੋਜ਼ ਨਾਲ ਮੁੰਡੇ ਦੀ ਮੌਤ ! ਲੋਕਾਂ ਨੇ ਭੰਨ੍ਹ'ਤਾ ਮੈਡੀਕਲ ਸਟੋਰ

**ਲੁਧਿਆਣਾ :** ਇੱਕ ਪਾਸੇ ਜਿੱਥੇ ਨਸ਼ਿਆਂ ਖ਼ਿਲਾਫ਼ ਲੜਾਈ ਲੜਣ ਵਾਲੇ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਗਰੋਂ ਅੱਜ 'ਪੰਜਾਬ ਬੰਦ' ਹੈ, ਉੱਥੇ ਹੀ ਲੁਧਿਆਣਾ ਵਿਚ ਇਕ ਨੌਜਵਾਨ ਦੀ ਕਥਿਤ ਤੌਰ 'ਤੇ ਨਸ਼ੇ ਦੀ ਓਵਰਡੋਜ਼ ਨਾਲ ਮੌਤ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸ ਮਗਰੋਂ ਲੋਕਾਂ ਦਾ ਗੁੱਸਾ ਹੋਰ ਭੜਕ ਉੱਠਿਆ ਤੇ ਉਨ੍ਹਾਂ ਨੇ ਮੈਡੀਕਲ ਸਟੋਰ 'ਤੇ ਭੰਨ੍ਹਤੋੜ ਕੀਤੀ। ਜਾਣਕਾਰੀ ਮੁਤਾਬਕ, ਅੱਜ ਲੁਧਿਆਣਾ ਦੇ ਕਰਾਬਾਰਾ ਰੋਡ 'ਤੇ ਇਕ ਮੈਡੀਕਲ ਸਟੋਰ 'ਤੇ ਭੰਨ੍ਹਤੋੜ ਦਾ ਮਾਮਲਾ ਸਾਹਮਣੇ ਆਇਆ ਹੈ। ਲੋਕਾਂ ਦਾ ਦੋਸ਼ ਹੈ ਕਿ ਇਕ ਨੌਜਵਾਨ ਦੀ ਮੌਤ ਨਸ਼ੇ ਦੀ ਓਵਰਡੋਜ਼ ਨਾਲ ਹੋਈ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਨੌਜਵਾਨ ਨੇ ਉਸੇ ਮੈਡੀਕਲ ਸਟੋਰ ਤੋਂ ਨਸ਼ੇ ਦੀਆਂ ਦਵਾਈਆਂ ਖਰੀਦੀਆਂ ਸਨ। ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਦਾ ਦਾਅਵਾ ਹੈ ਕਿ ਸਾਹਿਲ ਨੇ ਆਪਣੀਆਂ ਨਵੀਆਂ ਪੈਂਟਾਂ ਦੇ ਕੇ ਨਸ਼ਿਆਂ ਲਈ ਗੋਲੀਆਂ ਸਨ। ਮ੍ਰਿਤਕ ਨੌਜਵਾਨ ਦੀ ਪਛਾਣ ਕਰਾਬਾਰਾ ਦੇ ਰਹਿਣ ਵਾਲੇ ਸਾਹਿਲ ਠਾਕੁਰ ਉਰਫ਼ ਸੈਫ਼ੀ ਵਜੋਂ ਹੋਈ ਹੈ, ਜਿਸ ਦੀ ਉਮਰ ਮਹਿਜ਼ 33 ਸਾਲ ਸੀ। ਉਸ ਦੀਆਂ 2 ਛੋਟੀਆਂ ਧੀਆਂ ਵੀ ਹਨ, ਜਿਨ੍ਹਾਂ ਵਿਚੋਂ ਇਕ ਦੀ ਉਮਰ ਢਾਈ ਤੇ ਦੂਜੀ ਦੀ 5 ਸਾਲ ਹੈ।


ਪੰਜਾਬੀਓ ਜਾਗੋ
ਪੰਜਾਬ ਬਚਾਓ
ਆਪਣੇ ਪੁੱਤ ਨਾ ਮਰਵਾਓ
SIDHU & DELHI ROYALS
THE BRIKS RESTAURANT
ਪਿਛਲੇ ਦਿਨੀ ਨਸ਼ੇ ਦੇ ਸੌਦਾਗਰਾਂ ਨੇ ਪੰਜਾਬ ਦੇ ਉਸ ਯੋਧੇ ਦੀ ਜਾਨ ਲੈ ਲਈ ਜਿਹਦੀ ਹਾਲੇ ਪੰਜਾਬ ਨੂੰ ਬਹੁਤ ਲੋੜ ਸੀ
ਭਾਈ ਪਰਵਿੰਦਰ ਸਿੰਘ ਝੋਟਾ
ਲੋਕਾਂ ਦੇ ਧੀਆਂ ਪੁੱਤਾਂ ਨੂੰ ਨਸ਼ੇ ਤੋਂ ਬਚਾਉਣ ਲਈ ਆਪਣੀ ਜਾਨ ਨਿਛਾਵਰ ਕਰ ਗਿਆ ਅਤੇ ਆਪਣੇ ਛੋਟੇ ਛੋਟੇ ਬੱਚਿਆਂ ਨੂੰ ਯਤੀਮ ਬਣਾ ਗਿਆ।
ਉਸ ਯੋਧੇ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਵਾਸਤੇ
ਮੋਮਬੱਤੀਆਂ ਜਗਾ ਕੇ ਇੱਕ
ਸ਼ਰਧਾਂਜਲੀ ਪ੍ਰੋਗਰਾਮ
ਫੋਨਿਕਸ ਪਾਰਕ ਡਡਲੀ ਰੋਡ ਵੂਲਵਹਹੈਂਪਟਨ ਵਿਖੇ 18 ਅਕਤੂਬਰ 2026 ਦਿਨ ਐਤਵਾਰ ਸ਼ਾਮ 4 ਵਜੇ ਤੋਂ 5:30 ਵਜੇ ਤੱਕ ਕੀਤਾ ਜਾਵੇਗਾ
ਜਿਸ ਵਿੱਚ ਹਰ ਉਸ ਪੰਜਾਬੀ ਨੂੰ ਸ਼ਾਮਿਲ ਹੋਣ ਲਈ ਅਪੀਲ ਕੀਤੀ ਜਾਂਦੀ ਹੈ ਜਿਹੜਾ ਆਪਣੇ ਪੰਜਾਬ ਅਤੇ ਪੰਜਾਬੀਆਂ ਨੂੰ ਬਚਾਉਣਾ ਚਾਹੁੰਦਾਂ ਹੈ ਅਤੇ ਨਸ਼ੇ ਦੇ ਸੌਦਾਗਰਾਂ ਨੂੰ ਪੰਜਾਬ ਵਿਚੋਂ ਭਜਾਉਣਾ ਚਾਹੁੰਦਾ ਹੈ
ਅਖੀਰ ਵਿੱਚ ਦੁਬਾਰਾ ਬੇਨਤੀ ਹੈ ਕਿ ਭਾਈ ਪਰਵਿੰਦਰ ਸਿੰਘ ਝੋਟਾ ਨੂੰ ਮੋਮਬੱਤੀਆਂ ਜਗਾ ਕੇ ਸ਼ਰਧਾਂਜਲੀ ਭੇਟ ਕਰੀਏ ਤੇ ਪੰਜਾਬ ਦੇ ਚੰਗੇ ਭਵਿੱਖ ਦੇ ਸੰਘਰਸ ਦਾ ਹਿੱਸਾ ਬਣੀਏ।
Phoenix Park, Dudley Road, WV2 3JU
18 ਅਕਤੂਬਰ, ਐਤਵਾਰ 4 ਤੋਂ 5:30
ਭਾਈ ਕਪਤਾਨ ਸਿੰਘ +44 7788 283485
ਭਾਈ ਪਰਮਜੀਤ ਸਿੰਘ ਢਾਡੀ +44 7917 353349
ਆਵਾਜ਼ਿ ਕੌਮ AWAZE QAUM
International Newspaper & WEB TV

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ



ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar

www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

---

ਧੁਰਕੀ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net

---


ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ

---

ਦੇਗ ਤੇਗ ਫ਼ਤਿਹ - ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

### ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

**1 ਨਵੰਬਰ 2026, ਦਿਨ ਐਤਵਾਰ ਨੂੰ**

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**

**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
FREE VEHICLE HEALTH CHECK
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

DHAN DHAN SRI GURU NANAK DEV JI
PARKASH PURAB

SANDWELL

# NAGAR KIRTAN

# ਨਗਰ ਕੀਰਤਨ



## SUNDAY 1ST NOVEMBER 2026

| | | | |
|---|---|---|---|
| **GURDWARA GURU HAR RAI SAHIB JI**<br>George Street, West Bromwich | START 9:00AM | ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ<br>ਜਰੋਜ ਸਟਰੀਟ, ਵੈਸਟ ਬ੍ਰਮਮਿਚ | ਅਰੰਭਤਾ: ੯:੦੦ ਵਜੇ |
| **GURU NANAK GURDWARA**<br>Edward Street, West Bromwich | 11:00AM | ਗੁਰੂ ਨਾਨਕ ਗੁਰਦੁਆਰਾ<br>ਏਡਵਰਡ ਸਟਰੀਟ, ਵੈਸਟ ਬ੍ਰਮਮਿਚ | ੧੧:੦੦ ਵਜੇ |
| **GURDWARA AMRIT PARCHAR DHARMIK DIWAN**<br>Birmingham Road, Oldbury | 1:00PM | ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ<br>ਬ੍ਰਮਿੰਘਮ ਰੋਡ, ਓਲਡਬਰੀ | ੧:੦੦ ਵਜੇ |
| **GURDWARA GURU MANEYO GRANTH**<br>Popes Lane, Oldbury | 2:00PM | ਗੁਰਦੁਆਰਾ ਗੁਰੂ ਮਾਨਯੋ ਗ੍ਰੰਥ<br>ਪੋਪਸ ਲੇਨ, ਓਲਡਬਰੀ | ੨:੦੦ ਵਜੇ |
| **GURDWARA BABA SANG**<br>St. Paul's Road, Smethwick | 3:15PM | ਗੁਰਦੁਆਰਾ ਬਾਬਾ ਸੰਗ ਜੀ<br>ਸਟ, ਪੋਲਜ ਰੋਡ, ਸਮੇਦਿਕ | ੩:੧੫ ਵਜੇ |
| **GURU NANAK GURDWARA SMETHWICK**<br>High Street, Smethwick | 4:00PM | ਗੁਰੂ ਨਾਨਕ ਗੁਰਦੁਆਰਾ<br>ਸਮੇਦਿਕ | ੪:੦੦ ਵਜੇ |

**GURDWARA GURU HAR RAI SAHIB - 0121 553 7219**
**GURU NANAK GURDWARA SMETHWICK - 0121 558 2527**

ਆਵਾਜ਼ਿ ਕੌਮ AWAZE QAUM
International Newspaper & WEB TV


TPU - THE PANJAB UNIVERSE
LEARN | TRADE | GROW | EARN FOR LIFE
ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ
ਸਾਡੀਆਂ ਸੇਵਾਵਾਂ:
100% ਪ੍ਰੈਕਟੀਕਲ ਟਰੇਡਿੰਗ
ਲਾਈਵ ਮਾਰਕੀਟ ਸਿਖਲਾਈ
ਬਿਗਨਰ ਤੋਂ ਐਡਵਾਂਸ ਲੈਵਲ ਤੱਕ
ਇਨਕਿਊਬੇਟਰ ਗਾਈਡੈਂਸ
ਲਾਈਫ ਟਾਈਮ ਸਪੋਰਟ
ਕੋਰਸ ਵਿੱਚ ਸ਼ਾਮਲ:
ਇੰਟਰਾਡੇ
ਸਵਿੰਗ
ਆਪਸ਼ਨ
ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
ਰਿਸਕ ਮੈਨੇਜਮੈਂਟ
ਇਨਵੈਸਟਮੈਂਟ ਸਟ੍ਰੈਟਜੀ
ਪ੍ਰੈਕਟੀਕਲ ਟਰੇਡਿੰਗ ਸਿਸਟਮ
ਆਵਾਜ਼ਿ ਕੌਮ AWAZE QAUM
International Newspaper & WEB TV
ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ
ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ
ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ
+91 76961 59766
Instagram: thepanjabuniverse / the.panjabuniverse (ਜਲੰਧਰ)
ਸਾਡਾ ਪਤਾ: Lambra near Jalandhar



ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ
ਪ੍ਰਕਾਸ਼ ਪੁਰਬ
ਨੂੰ ਸਮਰਪਿਤ ਸਮਾਗਮ ਗੁਰਦੁਆਰਾ ਸਿੰਘ ਸਭਾ ਘੱਗਾ ਵਿਖੇ
ਮਿਤੀ:-
25, ਅਤੇ 26 ਅਕਤੂਬਰ
ਸ਼ਾਮ 6 ਵਜੇ ਤੋਂ ਰਾਤ 9 ਵਜੇ ਤੱਕ
ਦੀਵਾਨ
27 ਅਕਤੂਬਰ ਨੂੰ
ਸਵੇਰੇ 9 ਵਜੇ ਤੋਂ ਸਵੇਰੇ 11:30 ਵਜੇ ਤੱਕ
ਸਮਾਗਮ
ਬਾਬਾ ਸੁਖਵਿੰਦਰ ਸਿੰਘ ਜੀ (ਘੱਗੇ ਵਾਲੇ)
ਗਿਆਨੀ ਰਵਿੰਦਰ ਸਿੰਘ (ਦਮਦਮੀ ਟਕਸਾਲ)
ਗਿਆਨੀ ਜਗਜੀਤ ਸਿੰਘ ਜੀ (ਹੈੱਡ ਗ੍ਰੰਥੀ ਗੁ: ਨਾਢਾ ਸਾਹਿਬ)
ਗਿਆਨੀ ਜਸਵੀਰ ਸਿੰਘ ਜੀ (ਖਤਰ)
ਬਾਬਾ ਬਲਜੀਤ ਸਿੰਘ ਜੀ (ਢੱਕਰ)
ਬਾਬਾ ਦਰਸ਼ਨ ਸਿੰਘ ਜੀ
ਗਿਆਨੀ ਦਇਆ ਸਿੰਘ ਜੀ
ਭਾਈ ਗੁਰਸੇਵਕ ਸਿੰਘ ਰੰਗੀਲਾ ਜੀ (ਹਜ਼ੂਰੀ ਜੱਥਾ ਗੁ: ਦਾਦੂ ਸਾਹਿਬ)
ਬਾਬਾ ਦਲਜੀਤ ਸਿੰਘ ਜੀ (ਬਰਾਸ ਵਾਲੇ)
ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਆਪ ਜੀ ਨੇ ਇਹਨਾਂ ਸਮਾਗਮਾਂ ਵਿੱਚ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।
ਮੋ. 90411-47540, 90413-28422, 91150-66349
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ, ਅਤੇ ਸਮੂਹ ਸਾਧਸੰਗਤ, ਘੱਗਾ




7ਵਾਂ ਸਾਲਾਨਾ ਗੁਰਮਤਿ ਸਮਾਗਮ
ਪਿੰਡ ਸੰਗਤਪੁਰਾ ਮੋਹਾਲੀ
21 ਤੋਂ 25 ਅਕਤੂਬਰ 2026
ਸਮਾ: ਸ਼ਾਮ 6 ਤੋਂ 10 ਵਜੇ ਤੱਕ
ਦਸਤਾਰ ਬੰਦੀ ਮੁਕਾਬਲੇ
23 ਅਕਤੂਬਰ 2026 ਸਵੇਰ 10 ਵਜੇ
ਲੰਬੇ ਕੇਸ ਮੁਕਾਬਲੇ
ਅੰਮ੍ਰਿਤ ਸੰਚਾਰ
25 ਅਕਤੂਬਰ, ਸ਼ਾਮ 5 ਵਜੇ
ਸੰਗਤਾਂ ਲਈ ਬੱਸਾਂ ਦੀ ਸੇਵਾ ਮੁਫਤ ਲਗਾਈ ਜਾਵੇਗੀ
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਖੂਨਦਾਨ ਕੈਂਪ
23 ਅਕਤੂਬਰ, ਸਵੇਰੇ 10 ਵਜੇ
ਮੈਡੀਕਲ ਕੈਂਪ
5 ਦਿਨ
DARVESH TV
LIVE ON
ਸੰਪਰਕ :-
62845-76824
94642-46744
SCAN FOR LOCATION
ਬਾਬਾ ਇਸ਼ਰ ਸਿੰਘ ਜੀ
ਸੰਗਤਪੁਰੇ ਵਾਲੇ
ਵਿਸ਼ੇਸ਼ ਹਾਜ਼ਰੀ
ਸੰਤ ਬਾਬਾ ਗੁਲਾਬ ਸਿੰਘ ਜੀ
ਸ੍ਰੀ ਚਮਕੌਰ ਸਾਹਿਬ ਵਾਲੇ
ਬੇਨਤੀ ਕਰਤਾ :- ਬਾਬਾ ਇਸ਼ਰ ਸਿੰਘ ਜੀ ਸੰਗਤਪੁਰੇ ਵਾਲੇ ਅਤੇ ਸਮੂਹ ਇਲਾਕਾ ਨਿਵਾਸੀ ਪਿੰਡ ਸੰਗਤਪੁਰਾ





# ਕੈਨੇਡਾ ਦੀ ਏਕਤਾ 'ਤੇ 19 ਅਕਤੂਬਰ ਨੂੰ ਵੱਡਾ ਜਨਮਤ ਸੰਗ੍ਰਹਿ, ਅਲਬਰਟਾ ਦੀ ਵੱਖਰੇ ਦੇਸ਼ ਦੀ ਮੰਗ 'ਤੇ ਹੋਵੇਗਾ ਫ਼ੈਸਲਾ

# 18 ਅਕਤੂਬਰ ਨੂੰ ਐਡਮਿੰਟਨ 'ਚ ਖ਼ਾਲਿਸਤਾਨ ਰੈਫਰੈਂਡਮ, ਅਗਲੇ ਹੀ ਦਿਨ ਅਲਬਰਟਾ ਦੇ ਭਵਿੱਖ ਬਾਰੇ ਸਰਕਾਰੀ ਵੋਟਿੰਗ

## ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਵੱਲੋਂ ਦੇਸ਼ ਦੀ ਏਕਤਾ ਬਰਕਰਾਰ ਰੱਖਣ ਦੀ ਅਪੀਲ, ਵੱਖਵਾਦ ਦੇ ਮੁੱਦੇ 'ਤੇ ਸਿਆਸੀ ਬਹਿਸ ਤੇਜ਼

**ਲੰਡਨ/ਐਡਮਿੰਟਨ, 15 ਅਕਤੂਬਰ ( ਸਰਬਜੀਤ ਸਿੰਘ ਬਨੂੜ)**- ਕੈਨੇਡਾ ਦੀ ਰਾਜਨੀਤੀ ਵਿੱਚ 19 ਅਕਤੂਬਰ 2026 ਦਾ ਦਿਨ ਬੇਹੱਦ ਮਹੱਤਵਪੂਰਨ ਬਣਨ ਜਾ ਰਿਹਾ ਹੈ। ਦੇਸ਼ ਦੇ ਅਮੀਰ ਤੇ ਤੇਲ ਉਤਪਾਦਕ ਸੂਬਿਆਂ ਵਿੱਚੋਂ ਇੱਕ ਅਲਬਰਟਾ ਦੇ ਲੋਕ ਇਸ

**ਅਲਬਰਟਾ ਦੇ ਲੋਕ ਤੈਅ ਕਰਨਗੇ ਕਿ ਕੈਨੇਡਾ ਨਾਲ ਰਹਿਣਾ ਹੈ ਜਾਂ ਵੱਖ ਹੋਣ ਲਈ ਭਵਿੱਖ ਵਿੱਚ ਕਾਨੂੰਨੀ ਪ੍ਰਕਿਰਿਆ ਸ਼ੁਰੂ ਕਰਨੀ ਹੈ**

ਦਿਨ ਹੋਣ ਵਾਲੇ ਸਰਕਾਰੀ ਜਨਮਤ ਸੰਗ੍ਰਹਿ ਵਿੱਚ ਆਪਣੇ ਸੂਬੇ ਦੇ ਭਵਿੱਖ ਬਾਰੇ ਰਾਇ ਦੇਣਗੇ। ਇਸ ਵੋਟਿੰਗ ਵਿੱਚ ਮੁੱਖ ਸਵਾਲ ਇਹ ਹੋਵੇਗਾ ਕਿ ਅਲਬਰਟਾ ਕੈਨੇਡਾ ਦਾ ਹਿੱਸਾ ਬਣਿਆ ਰਹੇ ਜਾਂ ਕੈਨੇਡਾ ਤੋਂ ਵੱਖ ਹੋਣ ਬਾਰੇ ਭਵਿੱਖ ਵਿੱਚ ਇੱਕ ਹੋਰ ਜਨਮਤ ਸੰਗ੍ਰਹਿ ਕਰਵਾਉਣ ਲਈ ਸੰਵਿਧਾਨਕ ਪ੍ਰਕਿਰਿਆ ਸ਼ੁਰੂ ਕੀਤੀ ਜਾਵੇ।

ਇਸ ਤੋਂ ਇੱਕ ਦਿਨ ਪਹਿਲਾਂ, 18 ਅਕਤੂਬਰ ਨੂੰ ਅਲਬਰਟਾ ਦੀ ਰਾਜਧਾਨੀ ਐਡਮਿੰਟਨ ਵਿੱਚ ਸਿੱਖਸ ਫਾਰ ਜਸਟਿਸ ਵੱਲੋਂ ਖ਼ਾਲਿਸਤਾਨ ਰੈਫਰੈਂਡਮ ਕਰਵਾਉਣ ਦਾ ਐਲਾਨ ਕੀਤਾ ਗਿਆ ਹੈ। ਪ੍ਰਬੰਧਕਾਂ ਅਨੁਸਾਰ ਇਹ ਵੋਟਿੰਗ ਅਲਬਰਟਾ ਵਿਧਾਨ ਸਭਾ ਦੇ ਮੈਦਾਨ ਵਿੱਚ ਹੋਵੇਗੀ। ਇਸ ਤਰ੍ਹਾਂ ਇੱਕੋ ਸੂਬੇ ਵਿੱਚ ਲਗਾਤਾਰ ਦੋ ਦਿਨ ਵੱਖ-ਵੱਖ ਸਵੈ-ਨਿਰਣੇ ਦੇ ਮੁੱਦਿਆਂ ਨਾਲ ਜੁੜੀਆਂ ਵੋਟਿੰਗਾਂ ਹੋਣ ਜਾ ਰਹੀਆਂ ਹਨ। ਹਾਲਾਂਕਿ 18 ਅਕਤੂਬਰ ਦਾ ਖ਼ਾਲਿਸਤਾਨ ਰੈਫਰੈਂਡਮ ਗੈਰ-ਸਰਕਾਰੀ ਹੈ, ਜਦਕਿ 19 ਅਕਤੂਬਰ ਦੀ ਵੋਟਿੰਗ ਕੈਨੇਡਾ ਦੇ ਅਲਬਰਟਾ ਸੂਬੇ ਦੀ ਅਧਿਕਾਰਤ ਸੰਵਿਧਾਨਕ ਪ੍ਰਕਿਰਿਆ ਦਾ ਹਿੱਸਾ ਹੈ। ਅਲਬਰਟਾ ਵਿੱਚ ਵੱਖਰੇ ਦੇਸ਼ ਦੀ ਮੰਗ ਪਿਛਲੇ ਕਈ ਸਾਲਾਂ ਤੋਂ ਚਰਚਾ ਵਿੱਚ ਰਹੀ ਹੈ। ਇਸ ਮੰਗ ਨਾਲ ਜੁੜੇ ਆਗੂਆਂ ਦਾ ਕਹਿਣਾ ਹੈ ਕਿ ਕੈਨੇਡਾ ਦੀ ਸੰਘੀ ਸਰਕਾਰ ਦੀਆਂ ਆਰਥਿਕ, ਊਰਜਾ ਅਤੇ ਹੋਰ ਨੀਤੀਆਂ ਕਾਰਨ ਸੂਬੇ ਦੇ ਹਿੱਤ ਪ੍ਰਭਾਵਿਤ ਹੁੰਦੇ ਹਨ। ਦੂਜੇ ਪਾਸੇ ਕੈਨੇਡਾ ਦੀ ਏਕਤਾ ਦੇ ਸਮਰਥਕਾਂ ਦਾ ਮੰਨਣਾ ਹੈ ਕਿ ਵੱਖ ਹੋਣ ਦੀ ਪ੍ਰਕਿਰਿਆ ਨਾਲ ਵਪਾਰ, ਰੁਜ਼ਗਾਰ, ਨਿਵੇਸ਼ ਅਤੇ ਦੇਸ਼ ਦੀ ਆਰਥਿਕ ਸਥਿਰਤਾ ਸਾਹਮਣੇ ਨਵੀਆਂ ਚੁਣੌਤੀਆਂ ਖੜ੍ਹੀਆਂ ਹੋ ਸਕਦੀਆਂ ਹਨ।




ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਆਪਣੇ ਥੈਂਕਸਗਿਵਿੰਗ ਸੰਦੇਸ਼ ਵਿੱਚ ਅਲਬਰਟਾ ਦੇ ਲੋਕਾਂ ਨੂੰ ਕੈਨੇਡਾ ਨਾਲ ਬਣੇ ਰਹਿਣ ਦੀ ਅਪੀਲ ਕੀਤੀ। ਉਨ੍ਹਾਂ ਚਿਤਾਵਨੀ ਦਿੱਤੀ ਕਿ ਵੱਖ ਹੋਣ ਦੀ ਪ੍ਰਕਿਰਿਆ ਲੰਮੀ ਅਤੇ ਅਨਿਸ਼ਚਿਤ ਹੋ ਸਕਦੀ ਹੈ। ਅਲਬਰਟਾ ਦੀ ਪ੍ਰੀਮੀਅਰ ਡੈਨੀਅਲ ਸਮਿਥ ਨੇ ਵੀ ਕੈਨੇਡਾ ਵਿੱਚ ਬਣੇ ਰਹਿਣ ਦੇ ਆਪਣੇ ਸਮਰਥਨ ਨੂੰ ਦੁਹਰਾਇਆ ਹੈ।

19 ਅਕਤੂਬਰ ਦੀ ਵੋਟਿੰਗ ਵਿੱਚ ਅਲਬਰਟਾ ਦੇ ਲੋਕਾਂ ਸਾਹਮਣੇ ਕੁੱਲ ਦਸ ਸਵਾਲ ਰੱਖੇ ਜਾਣਗੇ। ਇਨ੍ਹਾਂ ਵਿੱਚ ਸੂਬੇ ਦੇ ਸੰਵਿਧਾਨਕ ਭਵਿੱਖ ਤੋਂ ਇਲਾਵਾ ਇਮੀਗ੍ਰੇਸ਼ਨ, ਸੰਘੀ ਅਤੇ ਸੂਬਾਈ ਅਧਿਕਾਰਾਂ ਅਤੇ ਹੋਰ ਨੀਤੀਗਤ ਮੁੱਦਿਆਂ ਨਾਲ ਸਬੰਧਤ ਸਵਾਲ ਵੀ ਸ਼ਾਮਲ ਹਨ। ਚੋਣ ਅਧਿਕਾਰੀਆਂ ਅਨੁਸਾਰ 13 ਅਕਤੂਬਰ ਤੋਂ ਅਗਾਊਂ ਵੋਟਿੰਗ ਸ਼ੁਰੂ ਹੋ ਚੁੱਕੀ ਹੈ, ਜੋ 17 ਅਕਤੂਬਰ ਤੱਕ ਜਾਰੀ ਰਹੇਗੀ। 19 ਅਕਤੂਬਰ ਨੂੰ ਸਵੇਰੇ 9 ਵਜੇ ਤੋਂ ਰਾਤ 8 ਵਜੇ ਤੱਕ ਵੋਟਾਂ ਪੈਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

ਦਿਲਚਸਪ ਗੱਲ ਇਹ ਹੈ ਕਿ ਅਲਬਰਟਾ ਵਿੱਚ ਇਹ ਸੰਵਿਧਾਨਕ ਬਹਿਸ ਉਸ ਸਮੇਂ ਚੱਲ ਰਹੀ ਹੈ, ਜਦੋਂ ਕੈਨੇਡਾ ਵਿੱਚ ਖ਼ਾਲਿਸਤਾਨ ਦੀ ਮੰਗ ਨੂੰ ਲੈ ਕੇ ਵੀ ਸਿਆਸੀ ਸਰਗਰਮੀਆਂ ਜਾਰੀ ਹਨ। ਸਿੱਖਸ ਫਾਰ ਜਸਟਿਸ ਦੇ ਆਗੂ ਗੁਰਪਤਵੰਤ ਸਿੰਘ ਪੰਨੂ ਨੇ ਕਿਊਬੈਕ ਦੀ ਆਜ਼ਾਦੀ ਪੱਖੀ ਪਾਰਟੀ ਦੇ ਨੁਮਾਇੰਦਿਆਂ ਨੂੰ 18 ਅਕਤੂਬਰ ਦੀ ਵੋਟਿੰਗ ਵਿੱਚ ਨਿਗਰਾਨ ਵਜੋਂ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ। ਕਿਊਬੈਕ ਅਤੇ ਅਲਬਰਟਾ ਦੀਆਂ ਵੱਖਵਾਦੀ ਲਹਿਰਾਂ ਅਤੇ ਖ਼ਾਲਿਸਤਾਨ ਦੀ ਮੰਗ ਦੇ ਇਤਿਹਾਸਕ, ਸਿਆਸੀ ਅਤੇ ਕਾਨੂੰਨੀ ਹਾਲਾਤ ਵੱਖਰੇ ਹਨ, ਪਰ ਇਨ੍ਹਾਂ ਤਿੰਨਾਂ ਵਿੱਚ ਸਵੈ-ਨਿਰਣੇ ਦੇ ਅਧਿਕਾਰ ਦਾ ਸਵਾਲ ਸਿਆਸੀ ਚਰਚਾ ਦਾ ਹਿੱਸਾ ਬਣਿਆ ਹੋਇਆ ਹੈ।

ਕੈਨੇਡਾ ਦੇ ਕਾਨੂੰਨੀ ਮਾਹਿਰਾਂ ਅਨੁਸਾਰ ਕਿਸੇ ਸੂਬੇ ਵਿੱਚ ਵੱਖ ਹੋਣ ਦੇ ਹੱਕ ਵਿੱਚ ਵੋਟਿੰਗ ਹੋ ਜਾਣ ਨਾਲ ਉਹ ਆਪਣੇ ਆਪ ਆਜ਼ਾਦ ਦੇਸ਼ ਨਹੀਂ ਬਣ ਜਾਂਦਾ। ਇਸ ਲਈ ਸੰਵਿਧਾਨਕ ਨਿਯਮਾਂ, ਸੰਘੀ ਸਰਕਾਰ ਨਾਲ ਗੱਲਬਾਤ ਅਤੇ ਹੋਰ ਕਾਨੂੰਨੀ ਪ੍ਰਕਿਰਿਆਵਾਂ ਦੀ ਲੋੜ ਪੈਂਦੀ ਹੈ। ਇਸ ਲਈ 19 ਅਕਤੂਬਰ ਦੇ ਨਤੀਜੇ ਨੂੰ ਅਲਬਰਟਾ ਦੀ ਤੁਰੰਤ ਆਜ਼ਾਦੀ ਦਾ ਫ਼ੈਸਲਾ ਮੰਨਣਾ ਗਲਤ ਹੋਵੇਗਾ।

ਚੋਣ ਕਮਿਸ਼ਨ ਮੁਤਾਬਕ ਵੋਟਿੰਗ ਦੇ ਗੈਰ-ਸਰਕਾਰੀ ਨਤੀਜੇ 19 ਅਕਤੂਬਰ ਨੂੰ ਵੋਟਾਂ ਪੈਣ ਦੀ ਪ੍ਰਕਿਰਿਆ ਖ਼ਤਮ ਹੋਣ ਤੋਂ ਬਾਅਦ 48 ਘੰਟਿਆਂ ਦੇ ਅੰਦਰ ਜਾਰੀ ਕੀਤੇ ਜਾਣਗੇ, ਜਦਕਿ ਅਧਿਕਾਰਤ ਨਤੀਜਿਆਂ ਦਾ ਐਲਾਨ 29 ਅਕਤੂਬਰ ਨੂੰ ਕੀਤਾ ਜਾਵੇਗਾ।

ਹੁਣ ਕੈਨੇਡਾ ਦੀ ਸਿਆਸਤ ਵਿੱਚ ਸਭ ਦੀਆਂ ਨਜ਼ਰਾਂ 19 ਅਕਤੂਬਰ ਦੇ ਜਨਮਤ ਸੰਗ੍ਰਹਿ ਉੱਤੇ ਟਿਕੀਆਂ ਹੋਈਆਂ ਹਨ। ਇਹ ਵੋਟਿੰਗ ਸਿਰਫ਼ ਅਲਬਰਟਾ ਦੇ ਭਵਿੱਖ ਬਾਰੇ ਲੋਕਾਂ ਦੀ ਰਾਇ ਹੀ ਸਾਹਮਣੇ ਨਹੀਂ ਲਿਆਵੇਗੀ, ਸਗੋਂ ਕੈਨੇਡਾ ਵਿੱਚ ਸੰਘੀ ਢਾਂਚੇ, ਸੂਬਾਈ ਅਧਿਕਾਰਾਂ ਅਤੇ ਸਵੈ-ਨਿਰਣੇ ਦੇ ਸਵਾਲ ਉੱਤੇ ਚੱਲ ਰਹੀ ਬਹਿਸ ਨੂੰ ਵੀ ਨਵੀਂ ਦਿਸ਼ਾ ਦੇ ਸਕਦੀ ਹੈ।

### ਪਰਮਿੰਦਰ ਸਿੰਘ ਝੋਟੇ ਦੇ ਕਤਲ ਦੀ ਐਫ ਐਸ ਓ ਯੂ.ਕੇ. ਵੱਲੋਂ ਸਖ਼ਤ ਨਿਖੇਧੀ

# 'ਸਾਫ਼-ਸੁਥਰੇ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਖ਼ਾਲਿਸਤਾਨ ਤੋਂ ਬਿਨਾਂ ਸੰਭਵ ਨਹੀਂ' - ਫੈਡਰੇਸ਼ਨ ਆਫ ਸਿੱਖ ਆਰਗੇਨਾਈਜ਼ੇਸ਼ਨਜ਼ ਯੂ.ਕੇ.



**ਲੰਡਨ - ਸਰਬਜੀਤ ਸਿੰਘ ਬਨੂੜ** - ਪੰਜਾਬ ਅਤੇ ਸਿੱਖ ਕੌਮ ਨੂੰ ਦਰਪੇਸ਼ ਸਮਾਜਿਕ, ਆਰਥਿਕ, ਰਾਜਨੀਤਕ ਅਤੇ ਸੱਭਿਆਚਾਰਕ ਸਮੱਸਿਆਵਾਂ ਦਾ ਸਥਾਈ ਹੱਲ ਆਜ਼ਾਦ ਸਿੱਖ ਰਾਜ ਖ਼ਾਲਿਸਤਾਨ ਦੀ ਸਥਾਪਨਾ ਵਿੱਚ ਹੀ ਹੈ। ਫੈਡਰੇਸ਼ਨ ਆਫ ਸਿੱਖ ਆਰਗੇਨਾਈਜ਼ੇਸ਼ਨਜ਼ ਯੂ.ਕੇ. ਦੇ ਕੋਆਰਡੀਨੇਟਰ ਭਾਈ ਕੁਲਦੀਪ ਸਿੰਘ ਚਹੇੜੂ, ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਅਤੇ ਭਾਈ ਜੋਗਾ ਸਿੰਘ ਨੇ ਇਕ ਸਾਂਝੇ ਬਿਆਨ ਵਿੱਚ ਪਰਮਿੰਦਰ ਸਿੰਘ ਝੋਟੇ ਦੇ ਕਤਲ ਉੱਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪੀੜਤ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਇਸ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਉਨ੍ਹਾਂ ਕਿਹਾ ਕਿ ਸਾਫ਼-ਸੁਥਰੇ, ਨਿਆਂਪੂਰਨ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਸਿੱਖ ਕੌਮ ਨੂੰ ਆਪਣੇ ਕੌਮੀ ਨਿਸ਼ਾਨੇ ਪ੍ਰਤੀ ਸੁਚੇਤ ਅਤੇ ਕਾਰਜਸ਼ੀਲ ਹੋਣਾ ਚਾਹੀਦਾ ਹੈ। ਜਥੇਬੰਦੀ ਨੇ ਕਿਹਾ ਕਿ ਨਸ਼ਿਆਂ ਦੇ ਕਾਰੋਬਾਰ ਵਿਰੁੱਧ ਸੰਘਰਸ਼ ਕਰਨ ਵਾਲੇ ਨੌਜਵਾਨ ਦਾ ਦਿਨ-ਦਿਹਾੜੇ ਕਤਲ ਹੋਣਾ ਪੰਜਾਬ ਵਿੱਚ ਮਾਨ ਸਰਕਾਰ ਦੀ ਕਾਨੂੰਨ-ਵਿਵਸਥਾ ਅਤੇ ਸਮਾਜਿਕ ਕਾਰਕੁਨਾਂ ਦੀ ਸੁਰੱਖਿਆ ਉੱਤੇ ਵੱਡੇ ਸਵਾਲ ਖੜ੍ਹੇ ਕਰਦਾ ਹੈ। ਫੈਡਰੇਸ਼ਨ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦਾ ਫੈਲਾਅ ਕੇਵਲ ਕਾਨੂੰਨ-ਵਿਵਸਥਾ ਦਾ ਮਸਲਾ ਨਹੀਂ, ਸਗੋਂ ਸਮੁੱਚੇ ਪੰਜਾਬੀ ਸਮਾਜ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਨਾਲ ਜੁੜਿਆ ਗੰਭੀਰ ਸੰਕਟ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਕਾਰਨ ਹਜ਼ਾਰਾਂ ਪਰਿਵਾਰ ਸਮਾਜਿਕ, ਆਰਥਿਕ ਅਤੇ ਮਾਨਸਿਕ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ। ਅਜਿਹੇ ਹਾਲਾਤ ਵਿੱਚ ਜੇਕਰ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਸਮਾਜਿਕ ਕਾਰਕੁਨ ਹੀ ਸੁਰੱਖਿਅਤ ਨਹੀਂ ਹਨ ਤਾਂ ਆਮ ਲੋਕਾਂ ਵਿੱਚ ਡਰ ਅਤੇ ਬੇਭਰੋਸਗੀ ਪੈਦਾ ਹੋਣੀ ਸੁਭਾਵਿਕ ਹੈ। ਆਗੂਆਂ ਨੇ ਭਾਰਤੀ ਰਾਜ ਪ੍ਰਬੰਧ ਦੀਆਂ ਨੀਤੀਆਂ ਦੀ ਆਲੋਚਨਾ ਕਰਦਿਆਂ ਦੋਸ਼ ਲਾਇਆ ਕਿ ਸਿੱਖ ਕੌਮ ਨੂੰ ਦਰਪੇਸ਼ ਸਮਾਜਿਕ, ਧਾਰਮਿਕ ਅਤੇ ਰਾਜਨੀਤਕ ਸਮੱਸਿਆਵਾਂ ਦੇ ਹੱਲ ਲਈ ਲੋੜੀਂਦੀ ਗੰਭੀਰਤਾ ਨਹੀਂ ਦਿਖਾਈ ਜਾ ਰਹੀ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੇ ਹਿੱਤਾਂ ਨੂੰ ਨੁਕਸਾਨ ਪਹੁੰਚਾਉਣ ਵਾਲੀਆਂ ਨੀਤੀਆਂ ਅਤੇ ਪ੍ਰਬੰਧਕੀ ਨਾਕਾਮੀਆਂ ਵਿਰੁੱਧ ਸਿੱਖ ਜਥੇਬੰਦੀਆਂ ਨੂੰ ਇਕਜੁੱਟ ਹੋ ਕੇ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ। ਫੈਡਰੇਸ਼ਨ ਨੇ ਕਿਹਾ ਕਿ ਸਕੂਲਾਂ ਅਤੇ ਕਾਲਜਾਂ ਵਿੱਚ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮਾਂ ਚਲਾਉਣ, ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਨਸ਼ੀਲੇ ਪਦਾਰਥਾਂ ਦੀ ਗੈਰ-ਕਾਨੂੰਨੀ ਵਿਕਰੀ ਅਤੇ ਤਸਕਰੀ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਨਸ਼ੇ ਦੀ ਲਤ ਨਾਲ ਜੂਝ ਰਹੇ ਨੌਜਵਾਨਾਂ ਨੂੰ ਅਪਰਾਧੀ ਸਮਝਣ ਦੀ ਬਜਾਏ ਉਨ੍ਹਾਂ ਲਈ ਢੁਕਵੇਂ ਡਾਕਟਰੀ ਇਲਾਜ, ਕੌਂਸਲਿੰਗ ਅਤੇ ਮੁੜ ਵਸੇਬੇ ਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣੀਆਂ ਚਾਹੀਦੀਆਂ ਹਨ। ਮਾਪਿਆਂ, ਅਧਿਆਪਕਾਂ, ਪੰਚਾਇਤਾਂ, ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਨੌਜਵਾਨ ਕਲੱਬਾਂ ਨੂੰ ਵੀ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਵਿੱਚ ਸਰਗਰਮ ਭੂਮਿਕਾ ਨਿਭਾਉਣੀ ਚਾਹੀਦੀ ਹੈ। ਫੈਡਰੇਸ਼ਨ ਦੇ ਆਗੂਆਂ ਨੇ ਸਿੱਖੀ ਦੇ ਪ੍ਰਚਾਰ ਅਤੇ ਪਸਾਰ ਵਿੱਚ ਤੇਜ਼ੀ ਲਿਆਉਣ ਦੀ ਲੋੜ ਉੱਤੇ ਵੀ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਗੁਰਬਾਣੀ ਦੇ ਸਿਧਾਂਤਾਂ, ਸਿੱਖ ਇਤਿਹਾਸ, ਨੈਤਿਕ ਕਦਰਾਂ-ਕੀਮਤਾਂ ਅਤੇ ਸੇਵਾ ਦੀ ਭਾਵਨਾ ਨਾਲ ਨੌਜਵਾਨ ਪੀੜ੍ਹੀ ਨੂੰ ਜੋੜਨਾ ਸਮੇਂ ਦੀ ਵੱਡੀ ਲੋੜ ਹੈ। ਜਥੇਬੰਦੀ ਨੇ ਸਮੂਹ ਪੰਜਾਬੀਆਂ ਅਤੇ ਸਿੱਖ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਵਿਰੁੱਧ ਸੰਘਰਸ਼ ਨੂੰ ਹੋਰ ਮਜ਼ਬੂਤ ਕੀਤਾ ਜਾਵੇ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਨਸ਼ਿਆਂ ਦੀ ਮਾਰ ਤੋਂ ਬਚਾਇਆ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

### ਸਿੱਖ ਨਿਵੇਸ਼ਕਾਂ ਦੀ ਬਜਾਏ ਪਾਕਿਸਤਾਨ ਕਰਤਾਰਪੁਰ ਸਾਹਿਬ ਅਤੇ

# ਲਾਂਘਾ ਭਾਰਤ ਨੂੰ ਸੌਂਪੇ: ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਪਾਕਿਸਤਾਨ ਵੱਲੋਂ ਸਿੱਖ ਨਿਵੇਸ਼ਕਾਂ ਨੂੰ 'ਗੁਰੂ ਨਾਨਕ ਐਕਸਪ੍ਰੈਸਵੇਅ' ਵਿੱਚ ਪੈਸਾ ਲਾਉਣ ਦਾ ਮੁੜ ਸੱਦਾ ਦੇਣ 'ਤੇ ਟਿੱਪਣੀ ਕਰਦਿਆਂ ਕਿਹਾ ਕਿ ਜੇ ਪਾਕਿਸਤਾਨ ਗੁਰਦੁਆਰਾ ਕਰਤਾਰਪੁਰ ਸਾਹਿਬ ਅਤੇ ਕਰਤਾਰਪੁਰ ਲਾਂਘਾ ਭਾਰਤ ਨੂੰ ਸੌਂਪਣ ਲਈ ਰਾਜ਼ੀ ਹੋਵੇ ਤਾਂ ਉਹ ਇਸ ਐਕਸਪ੍ਰੈਸਵੇਅ ਦੀ ਲਾਗਤ ਭਾਰਤ ਸਰਕਾਰ ਤੋਂ ਦਿਵਾਉਣ ਲਈ ਵਕਾਲਤ ਕਰਨ ਨੂੰ ਤਿਆਰ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰੋ. ਖਿਆਲਾ ਨੇ ਕਿਹਾ ਕਿ ਪਾਕਿਸਤਾਨ ਦੇ ਸੰਘੀ ਸੰਚਾਰ ਮੰਤਰੀ ਅਬਦੁਲ ਅਲੀਮ ਖ਼ਾਨ ਨੇ 8 ਅਕਤੂਬਰ ਨੂੰ ਮੁੜ ਯੂਕੇ, ਕੈਨੇਡਾ ਅਤੇ ਅਮਰੀਕਾ ਵਿੱਚ ਰਹਿੰਦੇ ਸਿੱਖ ਨਿਵੇਸ਼ਕਾਂ ਨੂੰ ਕਰਤਾਰ ਪੁਰ ਤੋਂ ਨਨਕਾਣਾ ਸਾਹਿਬ ਲਈ ਸਿਆਲਕੋਟ- ਕਰਤਾਰਪੁਰ ਮੋਟਰਵੇਅ, ਜਿਸ ਨੂੰ 'ਗੁਰੂ ਨਾਨਕ ਐਕਸਪ੍ਰੈੱਸਵੇਅ' ਦਾ ਨਾਮ ਦਿੱਤਾ ਗਿਆ ਹੈ, ਵਿੱਚ ਨਿਵੇਸ਼ ਕਰਨ ਦਾ ਸੱਦਾ ਦਿੱਤਾ ਹੈ। ਲਗਭਗ 84 ਕਿਲੋਮੀਟਰ ਲੰਬੇ ਇਸ ਪ੍ਰਸਤਾਵਿਤ ਪ੍ਰਾਜੈਕਟ ਦਾ ਐਲਾਨ ਜਨਵਰੀ 2026 ਵਿੱਚ ਕੀਤਾ ਗਿਆ ਸੀ, ਪਰ ਸਾਲ ਬੀਤਣ 'ਤੇ ਆਗਿਆ, ਲੇਕਿਨ ਪਾਕਿਸਤਾਨ ਦੀ ਖਸਤਾ ਮਾਲੀ ਹਾਲਤ ਕਾਰਨ ਨਾ ਉਸਾਰੀ ਸ਼ੁਰੂ ਹੋ ਸਕੀ ਅਤੇ ਨਾ ਹੀ ਇਸ ਨੂੰ ਮੁਕੰਮਲ ਕਰਨ ਦੀ ਸਮਾਂ-ਸੀਮਾ ਨਿਰਧਾਰਿਤ ਕੀਤਾ ਜਾ ਸਕਿਆ।

ਉਨ੍ਹਾਂ ਕਿਹਾ ਕਿ ਵਾਰ-ਵਾਰ ਐਲਾਨਾਂ ਦੇ ਬਾਵਜੂਦ ਪ੍ਰਾਜੈਕਟ ਨੂੰ ਅਮਲੀ ਰੂਪ ਦੇਣ ਵਿੱਚ ਨਿਵੇਸ਼ਕਾਂ ਵੱਲੋਂ ਪਾਕਿਸਤਾਨ ਦੀ ਅੰਦਰੂਨੀ ਕਾਨੂੰਨ ਵਿਵਸਥਾ ਦੀ ਮਾੜੀ ਹਾਲਤ ਅਤੇ ਨਿਵੇਸ਼ ਨਾਲ ਜੁੜੇ ਜੋਖ਼ਮਾਂ ਕਾਰਨ ਕੋਈ ਦਿਲਚਸਪੀ ਦਿਖਾਈ। ਇਸ ਲਈ ਤਾਜ਼ਾ ਐਲਾਨ ਪਾਕਿਸਤਾਨ ਵੱਲੋਂ ਵਿਦੇਸ਼ਾਂ ਵਿੱਚ ਵੱਸਦੇ ਸਿੱਖ ਭਾਈਚਾਰੇ ਤੋਂ ਨਿਵੇਸ਼ ਹਾਸਲ ਕਰਨ ਦੀਆਂ ਲਗਾਤਾਰ ਕੋਸ਼ਿਸ਼ ਹੈ। ਪਾਕਿਸਤਾਨ ਨੂੰ ਇਸ ਪ੍ਰਾਜੈਕਟ ਰਾਹੀਂ ਧਾਰਮਿਕ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ, ਹੋਟਲਾਂ, ਸ਼ਾਪਿੰਗ ਮਾਲਾਂ ਅਤੇ ਹੋਰ ਸਹੂਲਤਾਂ ਦੇ ਵਿਕਾਸ ਰਾਹੀਂ ਰੁਜ਼ਗਾਰ ਪੈਦਾ ਕਰਨ ਦੀ ਉਮੀਦ ਹੈ। ਪਰ ਸਿਰਫ਼ ਐਲਾਨਾਂ ਨਾਲ ਵਿਕਾਸ ਨਹੀਂ ਹੁੰਦਾ; ਇਸ ਲਈ ਵਿੱਤੀ ਸਰੋਤਾਂ, ਪਾਰਦਰਸ਼ੀ ਨਿਵੇਸ਼ ਨੀਤੀ ਅਤੇ ਭਰੋਸੇਯੋਗ ਪ੍ਰਬੰਧਾਂ ਦੀ ਲੋੜ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਪਾਕਿਸਤਾਨ ਲਈ ਧਾਰਮਿਕ ਸਦਭਾਵਨਾ ਦੀ ਗੱਲ ਕਰਨਾ 'ਹਾਥੀ ਦੇ ਦੰਦ ਖਾਣ ਦੇ ਹੋਰ, ਦਿਖਾਉਣ ਦੇ ਹੋਰ' ਵਾਲੀ ਕਹਾਵਤ ਵਾਂਗ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪਾਕਿਸਤਾਨ ਵਿੱਚ ਸਿੱਖਾਂ ਅਤੇ ਹਿੰਦੂਆਂ ਦੇ ਇਤਿਹਾਸਕ ਧਾਰਮਿਕ ਅਸਥਾਨਾਂ ਅਤੇ ਜਾਇਦਾਦਾਂ ਦੀ ਸੰਭਾਲ ਦੀ ਹਾਲਤ ਚਿੰਤਾਜਨਕ ਹੈ। ਉਨ੍ਹਾਂ ਅਨੁਸਾਰ, ਉੱਥੇ 517 ਗੁਰਦੁਆਰਿਆਂ ਅਤੇ 1,130 ਹਿੰਦੂ ਮੰਦਰਾਂ ਅਤੇ ਇਨਾਂ ਨਾਲ ਸਬੰਧਤ ਲੱਖਾਂ ਏਕੜ ਜ਼ਮੀਨਾਂ- ਜਾਇਦਾਦਾਂ ਦਾ ਪ੍ਰਬੰਧ ਇਵੈਕੂਈ ਟ੍ਰਸਟ ਪ੍ਰਾਪਰਟੀ ਬੋਰਡ ਕੋਲ ਹੈ, ਜਿਸ ਦੀ ਸਾਲਾਨਾ ਆਮਦਨ ਕਰੀਬ 600 ਕਰੋੜ ਰੁਪਏ ਹੈ। ਪਰ ਕੇਵਲ 21 ਗੁਰਦੁਆਰੇ ਅਤੇ 14 ਹਿੰਦੂ ਮੰਦਰ ਹੀ ਚਾਲੂ ਹਾਲਤ 'ਚ ਹਨ। ਬਾਕੀ ਵਿਚੋਂ ਬਹੁਤ ਸਾਰੇ ਧਾਰਮਿਕ ਅਸਥਾਨ ਖਸਤਾ ਹਾਲਤ ਵਿੱਚ ਹਨ ਜਾਂ ਨਾਜਾਇਜ਼ ਕਬਜ਼ਿਆਂ ਦੀ ਮਾਰ ਹੇਠ ਹਨ। ਉਨ੍ਹਾਂ ਪਾਕਿਸਤਾਨ ਵਿੱਚ ਹਿੰਦੂ ਅਤੇ ਸਿੱਖ ਘੱਟਗਿਣਤੀਆਂ ਨਾਲ ਹੁੰਦੀ ਧੱਕੇਸ਼ਾਹੀ, ਜਬਰੀ ਧਰਮ ਪਰਿਵਰਤਨ ਅਤੇ ਧਾਰਮਿਕ ਅਸਥਾਨਾਂ ਦੀ ਮਾੜੀ ਸਾਂਭ-ਸੰਭਾਲ 'ਤੇ ਵੀ ਸਵਾਲ ਉਠਾਏ। ਉਨ੍ਹਾਂ ਕਿਹਾ ਕਿ ਪਾਕਿਸਤਾਨ ਨੂੰ ਵਿਦੇਸ਼ਾਂ ਵਿੱਚ ਵੱਸਦੇ ਸਿੱਖਾਂ ਤੋਂ ਨਿਵੇਸ਼ ਮੰਗਣ ਤੋਂ ਪਹਿਲਾਂ ਆਪਣੇ ਦੇਸ਼ ਵਿੱਚ ਸਿੱਖ ਅਤੇ ਹਿੰਦੂ ਧਾਰਮਿਕ ਅਸਥਾਨਾਂ ਦੀ ਸੁਰੱਖਿਆ, ਸਾਂਭ-ਸੰਭਾਲ ਅਤੇ ਘੱਟਗਿਣਤੀਆਂ ਦੇ ਅਧਿਕਾਰਾਂ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ।

**ਪਾਕਿਸਤਾਨ ਵੱਲੋਂ ਕਰਤਾਰ ਪੁਰ ਤੋਂ ਨਨਕਾਣਾ ਸਾਹਿਬ ਲਈ 'ਗੁਰੂ ਨਾਨਕ ਐਕਸਪ੍ਰੈੱਸਵੇਅ' ਵਿੱਚ ਨਿਵੇਸ਼ ਦਾ ਮੁੜ ਸੱਦਾ**

ਉਨ੍ਹਾਂ ਕਿਹਾ ਕਿ ਭਾਰਤ ਨੂੰ ਅਸਥਿਰ ਕਰਨ ਦੀਆਂ ਕੋਸ਼ਿਸ਼ਾਂ ਕਰਨ ਵਾਲਾ ਪਾਕਿਸਤਾਨ ਅੱਜ ਖ਼ੁਦ ਗੰਭੀਰ ਆਰਥਿਕ ਸੰਕਟ ਵਿੱਚ ਘਿਰਿਆ ਹੋਇਆ ਹੈ। ਕਰਜ਼ੇ ਦੇ ਭਾਰੀ ਬੋਝ, ਕਰਜ਼ੇ ਦੀ ਅਦਾਇਗੀ ਦੀਆਂ ਮੁਸ਼ਕਲਾਂ ਅਤੇ ਸਰਕਾਰੀ ਖ਼ਰਚਿਆਂ ਲਈ ਵਿੱਤੀ ਸਰੋਤਾਂ ਦੀ ਘਾਟ ਕਾਰਨ ਉੱਥੋਂ ਦੇ ਲੋਕ ਗ਼ਰੀਬੀ ਅਤੇ ਮਹਿੰਗਾਈ ਝੱਲ ਰਹੇ ਹਨ। ਅਜਿਹੇ ਹਾਲਾਤ ਵਿੱਚ ਪਾਕਿਸਤਾਨ ਲਈ ਵੱਡੇ ਵਿਕਾਸ ਪ੍ਰਾਜੈਕਟਾਂ ਨੂੰ ਅਮਲੀ ਰੂਪ ਦੇਣਾ ਆਸਾਨ ਨਹੀਂ ਹੋਵੇਗਾ।

# ਰਾਮਾਂ ਮੰਡੀ ਵਿੱਚ ਭਾਜਪਾ ਦਾ ਕੁਨਬਾ ਹੋਰ ਵੱਡਾ, ਨਵਜੋਤ ਗੁਣੀ ਗਾਟਵਾਲੀ ਦੀ ਅਗਵਾਈ ਹੇਠ 17 ਪਰਿਵਾਰ ਭਾਜਪਾ ਵਿੱਚ ਸ਼ਾਮਲ

### ਸਰਕਲ ਰਾਮਾ ਮੰਡੀ ਦੇ ਬੂਥ ਨੰਬਰ 55 ਵਿਖੇ ਮੈਂਬਰਸ਼ਿਪ ਮੁਹਿੰਮ ਨੂੰ ਮਿਲਿਆ ਹੁੰਗਾਰਾ, ਨਵੀਆਂ ਸ਼ਮੂਲੀਅਤਾਂ ਦਾ ਸਿਰੋਪੇ ਪਾ ਕੇ ਕੀਤਾ ਸਵਾਗਤ



**ਤਲਵੰਡੀ ਸਾਬੋ, 15 ਅਕਤੂਬਰ (ਗੁਰਜੰਟ ਸਿੰਘ ਨਥੇਹਾ)**-ਭਾਰਤੀ ਜਨਤਾ ਪਾਰਟੀ ਵੱਲੋਂ ਚਲਾਈ ਜਾ ਰਹੀ 'ਮੈਂਬਰਸ਼ਿਪ ਅਭਿਆਨ ਅਤੇ ਪਰਿਵਾਰ ਜੋੜੋ ਮੁਹਿੰਮ' ਤਹਿਤ ਰਾਮਾ ਮੰਡੀ ਵਿੱਚ ਪਾਰਟੀ ਨੂੰ ਉਸ ਸਮੇਂ ਹੁੰਗਾਰਾ ਮਿਲਿਆ, ਜਦੋਂ ਸਰਕਲ ਰਾਮਾ ਮੰਡੀ ਦੇ ਬੂਥ ਨੰਬਰ 55 ਵਿਖੇ 17 ਪਰਿਵਾਰਾਂ ਨੇ ਭਾਜਪਾ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਵੱਖ-ਵੱਖ ਵਰਗਾਂ ਨਾਲ ਸਬੰਧਤ ਨੌਜਵਾਨਾਂ, ਔਰਤਾਂ ਅਤੇ ਬਜ਼ੁਰਗਾਂ ਨੇ ਵਿਰੋਧੀ ਪਾਰਟੀਆਂ ਨੂੰ ਛੱਡ ਕੇ ਭਾਜਪਾ ਦੇ ਜ਼ਿਲ੍ਹਾ ਬਠਿੰਡਾ ਦਿਹਾਤੀ ਦੇ ਸੀਨੀਅਰ ਆਗੂ ਨਵਜੋਤ ਸਿੰਘ ਗੁਣੀ ਗਾਟਵਾਲੀ ਦੀ ਅਗਵਾਈ ਹੇਠ ਪਾਰਟੀ ਨਾਲ ਜੁੜਨ ਦਾ ਐਲਾਨ ਕੀਤਾ। ਇਸ ਮੌਕੇ ਨਵਜੋਤ ਸਿੰਘ ਗੁਣੀ ਗਾਟਵਾਲੀ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਪਰਿਵਾਰਾਂ ਦਾ ਸਿਰੋਪੇ ਪਾ ਕੇ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀਆਂ ਗਰੀਬ ਅਤੇ ਆਮ ਲੋਕਾਂ ਦੀ ਭਲਾਈ ਲਈ ਬਣਾਈਆਂ ਨੀਤੀਆਂ ਅਤੇ ਪੰਜਾਬ ਦੇ ਵਿਕਾਸ ਲਈ ਨਵੀਂ ਸੋਚ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਵਰਗਾਂ ਦੇ ਲੋਕ ਭਾਜਪਾ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਦੀ ਮੈਂਬਰਸ਼ਿਪ ਮੁਹਿੰਮ ਦਾ ਮੁੱਖ ਉਦੇਸ਼ ਲੋਕਾਂ ਨੂੰ ਭਾਜਪਾ ਦੀਆਂ ਨੀਤੀਆਂ ਨਾਲ ਜੋੜਨਾ ਅਤੇ ਪਾਰਟੀ ਦੇ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨਾ ਹੈ। ਰਾਮਾ ਮੰਡੀ ਵਿਖੇ ਹੋਈ ਇਹ ਸ਼ਮੂਲੀਅਤ ਵਰਕਰਾਂ ਲਈ ਉਤਸ਼ਾਹਜਨਕ ਹੈ ਅਤੇ ਇਸ ਨਾਲ ਹਲਕਾ ਤਲਵੰਡੀ ਸਾਬੋ ਵਿੱਚ ਪਾਰਟੀ ਦੀਆਂ ਸਰਗਰਮੀਆਂ ਨੂੰ ਹੋਰ ਬਲ ਮਿਲੇਗਾ।ਭਾਜਪਾ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਵੀਰੂ, ਨਵੀ, ਕਰਨੀ, ਸੋਨੂੰ, ਅਜੈ ਸਿੰਘ, ਰਾਜ ਕੁਮਾਰ, ਚੰਦਰ ਪ੍ਰਕਾਸ਼, ਹਰਮਨ, ਗੁਰਦਾਸ, ਰਾਕੇਸ਼ ਕੁਮਾਰ, ਪਵਨ ਕੁਮਾਰ, ਅਮਰਜੀਤ ਸਿੰਘ, ਨੀਲਮ ਰਾਣੀ, ਰਾਣੀ, ਸਿੰਦਰ ਕੌਰ, ਨਸੀਬ ਕੌਰ ਅਤੇ ਦੁਰਗਾ ਸਮੇਤ ਹੋਰ ਪਰਿਵਾਰ ਸ਼ਾਮਲ ਹਨ।ਇਸ ਮੌਕੇ ਨਵੇਂ ਸ਼ਾਮਲ ਹੋਏ ਪਰਿਵਾਰਾਂ ਨੇ ਭਰੋਸਾ ਦਿਵਾਇਆ ਕਿ ਉਹ ਭਾਜਪਾ ਦੀਆਂ ਨੀਤੀਆਂ ਅਤੇ ਲੋਕ ਭਲਾਈ ਦੇ ਸੁਨੇਹੇ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਬੂਥ ਨੰਬਰ 55 ਨੂੰ ਮਜ਼ਬੂਤ ਬਣਾਉਣ ਲਈ ਪਾਰਟੀ ਦੇ ਹੋਰ ਵਰਕਰਾਂ ਨਾਲ ਮਿਲ ਕੇ ਕੰਮ ਕੀਤਾ ਜਾਵੇਗਾ। ਇਸ ਮੌਕੇ ਸਰਕਲ ਅਤੇ ਬੂਥ ਪੱਧਰ ਦੀ ਭਾਜਪਾ ਟੀਮ ਦੇ ਮੈਂਬਰ ਵੀ ਮੌਜੂਦ ਸਨ। ਨਵੀਆਂ ਸ਼ਮੂਲੀਅਤਾਂ ਨੂੰ ਪਾਰਟੀ ਦੇ ਸੰਗਠਨ ਨੂੰ ਮਜ਼ਬੂਤ ਕਰਨ ਵੱਲ ਇੱਕ ਅਹਿਮ ਕਦਮ ਦੱਸਿਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਵਿਸ਼ਵ ਪੱਧਰੀ ਸਕਾਲਰ ਇੰਡੈਕਸ ਵਿੱਚ ਜੀ.ਕੇ.ਯੂ ਦੇ ਅਧਿਆਪਕਾਂ ਦੀਆਂ ਸ਼ਲਾਘਾਯੋਗ ਖੋਜ ਪ੍ਰਾਪਤੀਆਂ





**ਤਲਵੰਡੀ ਸਾਬੋ, 14 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਅੰਤਰ-ਰਾਸ਼ਟਰੀ ਪੱਧਰ ਤੇ ਵਿੱਦਿਅਕ ਅਤੇ ਖੇਡਾਂ ਦੇ ਨਾਲ-ਨਾਲ ਅਕਾਦਮਿਕ ਖੇਤਰ ਵਿੱਚ ਨਾਮਣਾ ਖੱਟਣ ਵਾਲੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਤਿੰਨ ਅਧਿਆਪਕਾਂ ਨੇ ਵਿਸ਼ਵ ਪੱਧਰੀ ਸਕਾਲਰ ਇੰਡੈਕਸ ਵਿੱਚ ਦੁਨੀਆਂ ਦੇ ਪਹਿਲੇ 1000 ਖੋਜਾਰਥੀਆਂ ਵਿੱਚ ਆਪਣਾ ਨਾਮ ਦਰਜ ਕਰਵਾ ਕੇ ਯੂਨੀਵਰਸਿਟੀ ਦਾ ਨਾਮ ਰੌਸ਼ਨ ਕੀਤਾ ਹੈ। ਡਾ. ਅਨੂ ਪ੍ਰਿਆ, ਡਾ. ਲਖਵਿੰਦਰ ਸਿੰਘ ਅਤੇ ਡਾ. ਨਵਦੀਪ ਸਿੰਘ ਗਰੇਵਾਲ ਨੇ ਖੋਜ ਦੇ ਖੇਤਰ ਵਿੱਚ ਮਾਣਮੱਤੀ ਅਕਾਦਮਿਕ ਪ੍ਰਾਪਤੀ ਹਾਸਲ ਕੀਤੀ ਹੈ। ਚਾਂਸਲਰ ਗੁਰਲਾਭ ਸਿੰਘ ਸਿੱਧੂ ਤੇ ਵਾਈਸ ਚਾਂਸਲਰ ਡਾ. ਬਲਰਾਜ ਸਿੰਘ ਨੇ ਇਨ੍ਹਾਂ ਵਿਗਿਆਨੀਆਂ ਨੂੰ ਇਸ ਸ਼ਾਨਾਮਤੀ ਪ੍ਰਾਪਤੀ ਲਈ ਵਧਾਈ ਦਿੰਦਿਆਂ ਕਿਹਾ ਕਿ ਇਹ ਉਹਨਾਂ ਦੀ ਲਗਣ ਤੇ ਖੋਜ ਗਤੀਵਿਧੀਆਂ ਨੇ ਯੂਨੀਵਰਸਿਟੀ ਨੂੰ ਅੰਤਰ-ਰਾਸ਼ਟਰੀ ਪਛਾਣ ਦਿੱਤੀ ਹੈ। ਉਹਨਾਂ ਹੋਰਨਾਂ ਸਾਇੰਸਦਾਨਾਂ ਨੂੰ ਨਿਰੰਤਰ ਅਤੇ ਉਦੇਸ਼ਪੂਰਨ ਖੋਜਾਂ ਕਰਨ ਅਤੇ ਸਦਾ ਗਤੀਸ਼ੀਲ ਰਹਿਣ ਦੀ ਪ੍ਰੇਰਣਾ ਦਿੱਤੀ। ਪਰੋ. ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ ਅਤੇ ਡਾਇਰੈਕਟਰ ਕੈਂਪਸ ਡਾ. ਹਰਜਸਪਾਲ ਸਿੰਘ ਸਿੱਧੂ ਨੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਸਫ਼ਲਤਾ ਵਰਸਿਟੀ ਦੇ ਅਧਿਆਪਕਾਂ ਦੀ ਉੱਚ-ਸਿੱਖਿਆ ਵਿੱਚ ਖੋਜ, ਨਵੀਨਤਾ ਅਤੇ ਵਿਗਿਆਨਿਕ ਉੱਨਤੀ ਲਈ ਲੋੜੀਂਦੀਆਂ ਪਹਿਲ-ਕਦਮੀਆਂ ਦੀ ਮਹੱਤਤਾ ਨੂੰ ਦਰਸਾਉਂਦੀ ਹੈ। ਸਕਾਲਰ ਇੰਡੈਕਸ ਵੱਲੋਂ ਜਾਰੀ ਪ੍ਰਮਾਣਿਤ ਦਰਜਾਬੰਦੀ ਅਨੁਸਾਰ ਫੈਕਲਟੀ ਆਫ ਐਗਰੀਕਲਚਰ ਦੇ ਸਹਾਇਕ ਪ੍ਰੋਫੈਸਰ ਡਾ. ਲਖਵਿੰਦਰ ਸਿੰਘ ਦੇ "ਬੇਰੀ ਜੈਨੇਟਿਕਸ ਐਂਡ ਕਲਟੀਵੇਸ਼ਨ" ਵਿਸ਼ੇ 'ਤੇ ਆਧਾਰਿਤ ਖੋਜ ਪੱਤਰ ਨੂੰ ਭਾਰਤ ਵਿੱਚ ਤੀਜਾ ਅਤੇ ਵਿਸ਼ਵ ਪੱਧਰ ਤੇ 256ਵਾਂ ਸਥਾਨ ਹਾਸਿਲ ਹੋਇਆ ਹੈ। ਇਹ ਦਰਜਾਬੰਦੀ 2021 ਤੋਂ 2025 ਤੱਕ ਦੇ ਖੋਜ ਪ੍ਰਭਾਵਾਂ ਤੇ ਆਧਾਰਿਤ ਹੈ। ਵਰਸਿਟੀ ਦੇ ਫੈਕਲਟੀ ਆਫ਼ ਸਾਇੰਸਜ਼, ਹਿਉਮੈਨਟੀਜ਼ ਐਂਡ ਲੈਂਗੁਏਜਿਸ ਵਿੱਚ ਸਹਾਇਕ ਪ੍ਰੋਫੈਸਰ ਡਾ. ਅਨੂ ਪ੍ਰਿਆ ਦੇ ਖੋਜ ਪੱਤਰ "ਮਲਟੀਕੰਪੋਨੈਂਟ ਸਿੰਥੇਸਿਸ ਆਫ਼ ਹੈਟਰੋਸਾਈਕਲਜ਼" ਜੋ (ਡੀ-ਇੰਡੈਕਸ-7) ਅਤੇ (ਐੱਚ-ਇੰਡੈਕਸ-7) ਵਿੱਚ ਦਰਜ ਹੈ, ਨੂੰ ਵਿਸ਼ਵ ਪੱਧਰ ਤੇ 357ਵਾਂ ਅਤੇ ਭਾਰਤ ਵਿੱਚ 93ਵਾਂ ਸਥਾਨ ਹਾਸਿਲ ਹੋਇਆ। ਖੋਜ ਤੇ ਵਿਕਾਸ ਸੈੱਲ ਦੇ ਸਹਾਇਕ ਨਿਰਦੇਸ਼ਕ ਡਾ. ਗਰੇਵਾਲ ਦਾ ਖੋਜ ਪੱਤਰ ਮੈਗਨੀਸ਼ੀਅਮ ਸਮੱਗਰੀ, ਸੁਰੱਖਿਆਤਮਕ ਕੋਟਿੰਗਾਂ ਅਤੇ ਬਾਇਓਡੀਗ੍ਰੇਡੇਬਲ ਇਮਪਲਾਂਟਾਂ ਤੇ ਕੇਂਦ੍ਰਿਤ ਹੈ, ਨੂੰ ਵਿਸ਼ਵ ਪੱਧਰ ਤੇ 893ਵਾਂ ਤੇ ਭਾਰਤ ਵਿੱਚੋਂ 36ਵਾਂ ਸਥਾਨ ਹਾਸਿਲ ਹੋਇਆ ਹੈ। ਡਾ. ਗਰੇਵਾਲ ਦਾ ਖੋਜ ਪੱਤਰ, ਜੋ ਮਕੈਨੀਕਲ ਇੰਜੀਨੀਅਰਿੰਗ, ਧਾਤੂ ਵਿਗਿਆਨ, ਸਮੱਗਰੀ ਵਿਗਿਆਨ ਅਤੇ ਬਾਇਓਮੈਡੀਕਲ ਇੰਜੀਨੀਅਰਿੰਗ ਨੂੰ ਇਕੱਠਾ ਕਰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਪਰਮਿੰਦਰ ਸਿੰਘ ਝੋਟਾ ਦੇ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਲੈ ਕੇ ਵਿਦਿਆਰਥੀ ਜਥੇਬੰਦੀ ਸੱਥ ਵੱਲੋਂ

# ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਗੇਟ ’ਤੇ ਧਰਨਾ



**ਅੰਮ੍ਰਿਤਸਰ, 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪਰਮਿੰਦਰ ਸਿੰਘ ਝੋਟਾ ਦੇ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਲੈ ਕੇ ਅੱਜ 15 ਅਕਤੂਬਰ ਨੂੰ ਪੰਜਾਬ ਬੰਦ ਦੇ ਦਿੱਤੇ ਗਏ ਸੱਦੇ ਦੇ ਸਮਰਥਨ ਵਿੱਚ ਵਿਦਿਆਰਥੀ ਜਥੇਬੰਦੀ ‘ਸੱਥ’ ਵੱਲੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਮੁੱਖ ਗੇਟ ’ਤੇ ਸ੍ਰ. ਜਸਕਰਨ

## ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਪਹੁੰਚ ਕੇ ਵਿਦਿਆਰਥੀਆਂ ਦੇ ਸੰਘਰਸ਼ ਨੂੰ ਦਿੱਤਾ ਪੂਰਨ ਸਮਰਥਨ

ਸਿੰਘ ਜੀਰਾ, ਸ੍ਰ. ਵੰਸ਼ਦੀਪ ਸਿੰਘ ਪੱਟੀ, ਸ੍ਰ. ਅਕਾਸ਼ਦੀਪ ਸਿੰਘ ਅਤੇ ਸ੍ਰ. ਖੁਸ਼ਮਨਦੀਪ ਸਿੰਘ ਸਿੱਧੂ ਦੀ ਅਗਵਾਈ ਵਿੱਚ ਧਰਨਾ ਦੇ ਕੇ ਰੋਸ ਪ੍ਰਗਟ ਕੀਤਾ ਗਿਆ। ਇਸ ਧਰਨੇ ਰਾਹੀਂ ਵਿਦਿਆਰਥੀਆਂ ਨੇ ਇਨਸਾਫ਼ ਦੀ ਮੰਗ ਨੂੰ ਆਪਣੀ ਆਵਾਜ਼ ਦਿੰਦਿਆਂ ਪੰਜਾਬ ਬੰਦ ਦੇ ਸੱਦੇ ਨੂੰ ਸਫ਼ਲ ਬਣਾਉਣ ਵਿੱਚ ਯੋਗਦਾਨ ਪਾਇਆ। ਵਿਦਿਆਰਥੀ ਜਥੇਬੰਦੀ ਸੱਥ ਵੱਲੋਂ ਲਗਾਏ ਇਸ ਧਰਨੇ

ਆਵਾਜ਼ਿ ਕੌਮ AWAZE QAUM International Newspaper & WEB TV

ਨੂੰ ਸਮਰਥਨ ਦੇਣ ਲਈ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਟੀਮ ਵੀ ਮੀਡੀਆ ਇੰਚਾਰਜ ਭਾਈ ਸ਼ਮਸ਼ੇਰ ਸਿੰਘ ਪੱਧਰੀ ਅਤੇ ਸ਼ਹਿਰੀ ਯੂਥ ਪ੍ਰਧਾਨ ਭਾਈ ਸੁਖਬੀਰ ਸਿੰਘ ਚੀਮਾਂ ਦੀ ਅਗਵਾਈ ਵਿੱਚ ਭਾਈ ਜਰਮਨਦੀਪ ਸਿੰਘ, ਭਾਈ ਗੁਰਪਾਲ ਸਿੰਘ, ਬਾਬਾ ਲਖਦੀਪ ਸਿੰਘ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਹਰਪ੍ਰੀਤ ਸਿੰਘ, ਭਾਈ ਜਰਨੈਲ ਸਿੰਘ ਕੋਟ ਖਾਲਸਾ, ਸ੍ਰੀ ਅਮਨ ਕੁਮਾਰ ਜੀ, ਸੰਦੀਪ ਸਿੰਘ ਗੁੰਮਟਾਲਾ ਅਤੇ ਭਾਈ ਕੁਲਵਿੰਦਰ ਸਿੰਘ ਵਡਾਲੀ ਇਸ ਮੌਕੇ ’ਤੇ ਪਹੁੰਚੇ ਅਤੇ ਧਰਨੇ ਵਿੱਚ ਬੈਠ ਕੇ ਉਨ੍ਹਾਂ ਦੇ ਸੰਘਰਸ਼ ਨਾਲ ਇਕਜੁੱਟਤਾ ਪ੍ਰਗਟਾਈ ਅਤੇ ਪਰਮਿੰਦਰ ਸਿੰਘ ਝੋਟਾ ਦੇ ਮਾਮਲੇ ਵਿੱਚ ਇਨਸਾਫ਼ ਦੀ ਮੰਗ ਦਾ ਸਮਰਥਨ ਕੀਤਾ। ਇਸ ਮੌਕੇ ਸ਼ਮਸ਼ੇਰ ਸਿੰਘ ਪੱਧਰੀ ਨੇ ਕਿਹਾ ਕਿ ਕਿਸੇ ਵੀ ਸਮਾਜ ਵਿੱਚ ਵਿਦਿਆਰਥੀਆਂ ਦੀ ਭੂਮਿਕਾ ਸਿਰਫ਼ ਵਿੱਦਿਅਕ ਸੰਸਥਾਵਾਂ ਤੱਕ ਸੀਮਤ ਨਹੀਂ ਹੁੰਦੀ, ਸਗੋਂ ਸਮਾਜਿਕ ਸਰੋਕਾਰਾਂ, ਲੋਕਤੰਤਰੀ ਕਦਰਾਂ-ਕੀਮਤਾਂ ਅਤੇ ਇਨਸਾਫ਼ ਦੇ ਮੁੱਦਿਆਂ ’ਤੇ ਜਾਗਰੂਕਤਾ ਪੈਦਾ ਕਰਨ ਵਿੱਚ ਵੀ ਵਿਦਿਆਰਥੀ ਵਰਗ ਅਹਿਮ ਯੋਗਦਾਨ ਪਾ ਸਕਦਾ ਹੈ। ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਗੇਟ ’ਤੇ ਵਿਦਿਆਰਥੀਆਂ ਵੱਲੋਂ ਧਰਨਾ ਦੇਣਾ ਇਸ ਗੱਲ ਦਾ ਪ੍ਰਗਟਾਵਾ ਹੈ ਕਿ ਪੰਜਾਬ ਦੇ ਨੌਜਵਾਨ ਸਮਾਜ ਵਿੱਚ ਵਾਪਰ ਰਹੀਆਂ ਘਟਨਾਵਾਂ ਪ੍ਰਤੀ ਸੁਚੇਤ ਹਨ ਅਤੇ ਇਨਸਾਫ਼ ਦੀ ਮੰਗ ਨੂੰ ਆਪਣੀ ਆਵਾਜ਼




ਦੇਣਾ ਚਾਹੁੰਦੇ ਹਨ। ਇਸ ਮੌਕੇ ਤੇ ਸੱਥ ਜਥੇਬੰਦੀ ਦੇ ਆਗੂ ਸ੍ਰ. ਜਸਕਰਨ ਸਿੰਘ ਜੀਰਾ ਨੇ ਕਿਹਾ ਕਿ ਪਰਮਿੰਦਰ ਸਿੰਘ ਝੋਟਾ ਦੇ ਮਾਮਲੇ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ ਅਤੇ ਕਾਨੂੰਨ ਅਨੁਸਾਰ ਜ਼ਿੰਮੇਵਾਰ ਵਿਅਕਤੀਆਂ ਵਿਰੁੱਧ ਕਾਰਵਾਈ ਯਕੀਨੀ ਬਣਾਈ ਜਾਣੀ ਚਾਹੀਦੀ ਹੈ। ਇਨਸਾਫ਼ ਦੀ ਮੰਗ ਨੂੰ ਗੰਭੀਰਤਾ ਨਾਲ ਸੁਣਨਾ ਅਤੇ ਪੀੜਤ ਪਰਿਵਾਰ ਨੂੰ ਨਿਆਂ ਦਿਵਾਉਣਾ ਸਰਕਾਰ ਅਤੇ ਪ੍ਰਸ਼ਾਸਨ ਦੀ ਅਹਿਮ ਜ਼ਿੰਮੇਵਾਰੀ ਹੈ। ਇਸ ਮੌਕੇ ਦੋਵੇ ਜਥੇਬੰਦੀਆਂ ਦੇ ਆਗੂਆਂ ਨੇ ਪਰਮਿੰਦਰ ਸਿੰਘ ਝੋਟਾ ਦੇ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਉਭਾਰਨ ਦੇ ਨਾਲ-ਨਾਲ ਸਮਾਜਿਕ ਜ਼ਿੰਮੇਵਾਰੀ ਅਤੇ ਲੋਕਤੰਤਰੀ ਢੰਗ ਨਾਲ ਵਿਰੋਧ ਦਰਜ ਕਰਵਾਉਣ ਦਾ ਸੁਨੇਹਾ ਵੀ ਦਿੱਤਾ ਗਿਆ।

### ਪਿੰਡ ਚੰਨਣਕੇ ਵਿਖੇ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ ਗੁਰਦੁਆਰਾ ਸਾਹਿਬ ਦਾ

# ਦੂਜੀ ਮੰਜ਼ਿਲ ਦਾ ਨੀਂਹ ਪੱਥਰ ਰੱਖਿਆ

**ਚੌਂਕ ਮਹਿਤਾ, 15 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਧੰਨ ਧੰਨ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਜੀ ਪਿੰਡ ਚੰਨਣਕੇ ਦੇ ਗੁਰਦੁਆਰੇ ਸਾਹਿਬ ਦਾ ਦੂਜ਼ੀ ਮੰਜ਼ਿਲ ਦਾ ਨੀਂਹ ਪੱਥਰ ਇਲਾਕੇ ਦੇ ਸਮੂਹ ਸੰਤਾਂ ਮਹਾਪੁਰਸ਼ਾਂ ਨੇ ਰੱਖਿਆ ।ਸਭ ਤੋਂ ਸੰਤਾਂ ਮਹਾਪੁਰਸ਼ਾਂ ਨੇ ਵਾਹਿਗੁਰੂ ਜੀ ਅਤੇ ਮੂਲ ਮੰਤਰ ਦਾ ਜਾਪ ਕੀਤਾ ਗਿਆ। ਉਪਰੰਤ ਬਾਬਾ ਸੁਖਵੰਤ ਸਿੰਘ ਚੰਨਣਕੇ ਨੇ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਗਈ। ਇਸ ਤੋਂ ਦਮਦਮੀ ਟਕਸਾਲ ਦੇ ਮੁੱਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਜੀ ਵੱਲੋਂ ਜਥੇਦਾਰ ਬਾਬਾ ਬੋਹੜ ਸਿੰਘ, ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਦੇ ਮੁੱਖੀ ਸੰਤ ਬਾਬਾ ਸੱਜਣ ਸਿੰਘ ਜੀ, ਗੁਰਦੁਆਰਾ ਨਾਗੀਆਨਾ ਸਾਹਿਬ ਉਦੋਕੇ ਮੁੱਖੀ ਸੰਤ ਬਾਬਾ ਕਵਲਜੀਤ ਸਿੰਘ, ਗੁਰਦੁਆਰਾ ਚੇਲੇਆਨਾ ਸਾਹਿਬ ਮਹਿਸਮਪੁਰ ਦੇ ਮੁੱਖੀ ਸੰਤ ਬਾਬਾ ਨਵਤੇਜ ਸਿੰਘ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ, ਬਾਬਾ ਸੁਖਵੰਤ ਸਿੰਘ ਚੰਨਣਕੇ, ਸੰਤਾਂ ਮਹਾਪੁਰਸ਼ਾਂ ਨੇ ਜੈਕਾਰੇ ਛੱਡਦੇ ਹੋਏ ਦੂਜੀ ਮੰਜ਼ਿਲ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਤੇ ਸਰਪੰਚ ਕੁਲਵਿੰਦਰ ਸਿੰਘ ਮਿੱਠਾ, ਸਾਬਕਾ ਸਰਪੰਚ ਮੇਜਰ ਸਿੰਘ ਸਹੋਤਾ, ਜਸਪਿੰਦਰ ਸਿੰਘ ਸੁਨੂੰ, ਬਾਬਾ ਸਾਹਿਬ ਸਿੰਘ ਸਾਬੀ, ਬੀਰ ਸਿੰਘ, ਪਿੰਦੂ ਸ਼ਾਹ,ਪ੍ਰਧਾਨ ਜਗੀਰ ਸਿੰਘ,ਬੀਰ ਸਿੰਘ ਬਾਬਾ ਬਲਵਿੰਦਰ ਸਿੰਘ ਹੈਂਡ ਗ੍ਰੰਥੀ, ਠੇਕੇਦਾਰ ਬਲਵਿੰਦਰ ਸਿੰਘ ਜਥੇਦਾਰ ਗੁਲਾਬ ਸਿੰਘ,ਬੀਬੀ ਜੋਗਿੰਦਰ ਕੌਰ,ਅਤੇ ਬਹੁਤ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

# ਚਿੱਟੇ ਦੇ ਸੁਦਾਗਰਾਂ ਨੂੰ ਬੇਨਕਾਬ ਕਰੋ, ਪੰਜਾਬ ਦੀ ਜਵਾਨੀ ਬਚਾਓ !




ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਸਿਰਫ਼ ਨਾਅਰੇ ਲਾਉਣੇ ਕਾਫ਼ੀ ਨਹੀਂ, ਸਗੋਂ ਸਰਕਾਰ, ਪ੍ਰਸ਼ਾਸਨ, ਪੁਲਿਸ, ਸਮਾਜ ਅਤੇ ਪਰਿਵਾਰਾਂ ਨੂੰ ਮਿਲ ਕੇ ਠੋਸ ਕਦਮ ਚੁੱਕਣੇ ਪੈਣਗੇ।

ਪੰਜਾਬ ਦੀ ਜਵਾਨੀ ਬਚਾਉਣ ਲਈ ਹੇਠ ਲਿਖੇ ਕਦਮ ਬੇਹੱਦ ਜ਼ਰੂਰੀ ਹਨ:

ਪੰਜਾਬ ਨੂੰ ਨਸ਼ਾ ਮੁਕਤ ਕਿਵੇਂ ਬਣਾਇਆ ਜਾਵੇ ?

1 ਨਸ਼ਾ ਤਸਕਰੀ ਦੇ ਪੂਰੇ ਨੈੱਟਵਰਕ ਦੀ ਜਾਂਚ ਹੋਵੇ।

ਸਿਰਫ਼ ਛੋਟੇ ਤਸਕਰਾਂ ਨੂੰ ਫੜ ਕੇ ਮਾਮਲਾ ਖ਼ਤਮ ਨਾ ਕੀਤਾ ਜਾਵੇ। ਨਸ਼ਿਆਂ ਦੀ ਸਪਲਾਈ, ਵਿੱਤੀ ਲੈਣ-ਦੇਣ, ਸਟੋਰੇਜ ਅਤੇ ਵੰਡ ਨਾਲ ਜੁੜੀਆਂ ਕੜੀਆਂ ਦੀ ਨਿਰਪੱਖ ਜਾਂਚ ਹੋਵੇ। ਜੇ ਕਿਸੇ ਸਿਆਸੀ ਆਗੂ, ਅਧਿਕਾਰੀ ਜਾਂ ਪ੍ਰਭਾਵਸ਼ਾਲੀ ਵਿਅਕਤੀ ਦੀ ਸ਼ਮੂਲੀਅਤ ਦੇ ਸਬੂਤ ਮਿਲਣ, ਤਾਂ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇ।

2 ਨਸ਼ਾ ਤਸਕਰਾਂ ਨੂੰ ਸਰਪ੍ਰਸਤੀ ਦੇਣ ਵਾਲਿਆਂ ਦੀ ਜਵਾਬਦੇਹੀ ਤੈਅ ਹੋਵੇ।

ਆਵਾਜ਼ਿ ਕੌਮ AWAZE QAUM International Newspaper & WEB TV

ਕੋਈ ਵੀ ਵਿਅਕਤੀ ਕਾਨੂੰਨ ਤੋਂ ਉੱਪਰ ਨਹੀਂ ਹੋਣਾ ਚਾਹੀਦਾ। ਜਾਂਚ ਨਿਰਪੱਖ ਹੋਵੇ, ਸਬੂਤ ਜਨਤਕ ਜਵਾਬਦੇਹੀ ਦੇ ਮਾਪਦੰਡਾਂ ਅਨੁਸਾਰ ਸਾਹਮਣੇ ਆਉਣ ਅਤੇ ਦੋਸ਼ ਸਾਬਤ ਹੋਣ ’ਤੇ ਸਖ਼ਤ ਕਾਨੂੰਨੀ ਸਜ਼ਾ ਮਿਲੇ।

3 ਨਸ਼ਾ ਪੀੜਤ ਨੌਜਵਾਨਾਂ ਨੂੰ ਅਪਰਾਧੀ ਨਹੀਂ, ਮਰੀਜ਼ ਸਮਝ ਕੇ ਇਲਾਜ ਦਿੱਤਾ ਜਾਵੇ।

ਨਸ਼ੇ ਦੀ ਲਤ ਇੱਕ ਗੰਭੀਰ ਸਿਹਤ ਸਮੱਸਿਆ ਹੈ। ਹਰ ਜ਼ਿਲ੍ਹੇ ਵਿੱਚ ਮਿਆਰੀ ਨਸ਼ਾ ਛੁਡਾਊ ਕੇਂਦਰ, ਮਨੋਵਿਗਿਆਨਕ ਸਲਾਹ, ਪਰਿਵਾਰਕ ਸਹਾਇਤਾ ਅਤੇ ਇਲਾਜ ਤੋਂ ਬਾਅਦ ਰੁਜ਼ਗਾਰ ਨਾਲ ਜੋੜਨ ਦੀ ਵਿਵਸਥਾ ਹੋਵੇ।

4 ਨੌਜਵਾਨਾਂ ਨੂੰ ਰੁਜ਼ਗਾਰ ਅਤੇ ਖੇਡਾਂ ਦੇ ਮੌਕੇ ਮਿਲਣ।

ਪਿੰਡਾਂ ਵਿੱਚ ਖੇਡ ਮੈਦਾਨ, ਲਾਇਬ੍ਰੇਰੀਆਂ, ਹੁਨਰ ਸਿਖਲਾਈ ਕੇਂਦਰ ਅਤੇ ਰੁਜ਼ਗਾਰ ਦੇ ਮੌਕੇ ਵਧਾਏ ਜਾਣ। ਨੌਜਵਾਨਾਂ ਨੂੰ ਨਿਰਾਸ਼ਾ ਤੋਂ ਬਾਹਰ ਕੱਢ ਕੇ ਸਿਹਤਮੰਦ ਅਤੇ ਸਵੈ-ਮਾਣ ਵਾਲੀ ਜ਼ਿੰਦਗੀ ਵੱਲ ਲਿਜਾਣਾ ਜ਼ਰੂਰੀ ਹੈ।

5 ਸਕੂਲਾਂ ਅਤੇ ਕਾਲਜਾਂ ਵਿੱਚ ਨਸ਼ਾ ਵਿਰੋਧੀ ਸਿੱਖਿਆ ਦਿੱਤੀ ਜਾਵੇ।

ਵਿਦਿਆਰਥੀਆਂ ਨੂੰ ਨਸ਼ਿਆਂ ਦੇ ਸਰੀਰਕ, ਮਾਨਸਿਕ, ਪਰਿਵਾਰਕ ਅਤੇ ਸਮਾਜਿਕ ਨੁਕਸਾਨਾਂ ਬਾਰੇ ਵਿਗਿਆਨਕ ਜਾਣਕਾਰੀ ਦਿੱਤੀ ਜਾਵੇ। ਅਧਿਆਪਕਾਂ, ਮਾਪਿਆਂ ਅਤੇ ਸਿਹਤ ਮਾਹਿਰਾਂ ਦੀ ਸਾਂਝੀ ਭੂਮਿਕਾ ਯਕੀਨੀ ਬਣਾਈ ਜਾਵੇ।

6 ਨਸ਼ਿਆਂ ਵਿਰੁੱਧ ਸ਼ਿਕਾਇਤ ਕਰਨ ਵਾਲਿਆਂ ਦੀ ਸੁਰੱਖਿਆ ਹੋਵੇ।

ਨਸ਼ਾ ਤਸਕਰੀ ਬਾਰੇ ਭਰੋਸੇਯੋਗ ਜਾਣਕਾਰੀ ਦੇਣ ਵਾਲੇ ਲੋਕਾਂ ਦੀ ਪਛਾਣ ਗੁਪਤ ਰੱਖਣ ਅਤੇ ਉਨ੍ਹਾਂ ਨੂੰ ਧਮਕੀਆਂ ਤੋਂ ਬਚਾਉਣ ਲਈ ਪ੍ਰਭਾਵਸ਼ਾਲੀ ਪ੍ਰਬੰਧ ਹੋਣ। ਪੁਲਿਸ ਦੀ ਕਾਰਵਾਈ ਦੀ ਨਿਗਰਾਨੀ ਅਤੇ ਸ਼ਿਕਾਇਤਾਂ ਦੇ ਨਿਪਟਾਰੇ ਦੀ ਵਿਵਸਥਾ ਵੀ ਮਜ਼ਬੂਤ ਹੋਵੇ।

7 ਪਿੰਡ ਪੱਧਰ ’ਤੇ ਲੋਕ ਲਹਿਰ ਖੜ੍ਹੀ ਕੀਤੀ ਜਾਵੇ।

ਪੰਚਾਇਤਾਂ, ਸਮਾਜ ਸੇਵੀ ਸੰਸਥਾਵਾਂ, ਧਾਰਮਿਕ ਸੰਸਥਾਵਾਂ, ਡਾਕਟਰਾਂ, ਅਧਿਆਪਕਾਂ ਅਤੇ ਨੌਜਵਾਨ ਕਲੱਬਾਂ ਨੂੰ ਮਿਲ ਕੇ ਨਸ਼ਾ ਵਿਰੋਧੀ ਕਮੇਟੀਆਂ ਬਣਾਉਣੀਆਂ ਚਾਹੀਦੀਆਂ ਹਨ। ਨਸ਼ੇ ਦੇ ਸ਼ਿਕਾਰ ਪਰਿਵਾਰਾਂ ਨੂੰ ਬਦਨਾਮ ਕਰਨ ਦੀ ਬਜਾਏ ਉਨ੍ਹਾਂ ਦੀ ਮਦਦ ਕੀਤੀ ਜਾਵੇ।

ਪੰਜਾਬ ਦੇ ਲੋਕਾਂ ਨੂੰ ਦਿਲੋਂ ਅਪੀਲ

ਪੰਜਾਬ ਦੀਆਂ ਮਾਵਾਂ ਦੇ ਪੁੱਤ ਬਚਾਉਣਾ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਸਾਨੂੰ ਇਹ ਸਵਾਲ ਪੁੱਛਣਾ ਹੀ ਪਵੇਗਾ ਕਿ ਨਸ਼ਾ ਕਿੱਥੋਂ ਆਉਂਦਾ ਹੈ, ਇਸ ਦੀ ਸਪਲਾਈ ਕੌਣ ਕਰਦਾ ਹੈ, ਇਸ ਤੋਂ ਕਮਾਈ ਕੌਣ ਕਰਦਾ ਹੈ ਅਤੇ ਇਸ ਨੂੰ ਰੋਕਣ ਵਿੱਚ ਕਿੱਥੇ ਕਮੀ ਰਹਿ ਰਹੀ ਹੈ ?

ਸਾਡਾ ਮਕਸਦ ਬਿਨਾਂ ਸਬੂਤ ਕਿਸੇ ਨੂੰ ਦੋਸ਼ੀ ਠਹਿਰਾਉਣਾ ਨਹੀਂ, ਸਗੋਂ ਨਿਰਪੱਖ ਜਾਂਚ, ਪਾਰਦਰਸ਼ੀ ਕਾਰਵਾਈ ਅਤੇ ਦੋਸ਼ੀਆਂ ਦੀ ਕਾਨੂੰਨੀ ਜਵਾਬਦੇਹੀ ਯਕੀਨੀ ਬਣਾਉਣਾ ਹੈ।

ਜਦੋਂ ਤੱਕ ਨਸ਼ਿਆਂ ਦੀ ਸਪਲਾਈ ਰੋਕਣ, ਤਸਕਰੀ ਦੇ ਨੈੱਟਵਰਕ ਨੂੰ ਤੋੜਨ, ਨਸ਼ਾ ਪੀੜਤਾਂ ਦੇ ਇਲਾਜ ਅਤੇ ਨੌਜਵਾਨਾਂ ਦੇ ਮੁੜ ਵਸੇਬੇ ਲਈ ਇਕੱਠੇ ਯਤਨ ਨਹੀਂ ਹੁੰਦੇ, ਉਦੋਂ ਤੱਕ ਪੰਜਾਬ ਨੂੰ ਨਸ਼ਾ ਮੁਕਤ ਬਣਾਉਣਾ ਬਹੁਤ ਔਖਾ ਰਹੇਗਾ।

ਆਓ, ਅਸੀਂ ਸਾਰੇ ਮਿਲ ਕੇ ਆਵਾਜ਼ ਬੁਲੰਦ ਕਰੀਏ:

* ਨਸ਼ਾ ਤਸਕਰੀ ਬੰਦ ਕਰੋ !
* ਨਸ਼ਾ ਤਸਕਰੀ ਦੇ ਨੈੱਟਵਰਕ ਦੀ ਨਿਰਪੱਖ ਜਾਂਚ ਕਰੋ !
* ਨਸ਼ਾ ਪੀੜਤਾਂ ਦਾ ਇਲਾਜ ਅਤੇ ਮੁੜ ਵਸੇਬਾ ਯਕੀਨੀ ਬਣਾਓ !
* ਨੌਜਵਾਨਾਂ ਨੂੰ ਰੁਜ਼ਗਾਰ ਅਤੇ ਖੇਡਾਂ ਦੇ ਮੌਕੇ ਦਿਓ !
* ਪੰਜਾਬ ਦੀ ਜਵਾਨੀ ਬਚਾਓ, ਪੰਜਾਬ ਦਾ ਭਵਿੱਖ ਬਚਾਓ !

ਜੈ ਜਵਾਨੀ, ਜੈ ਪੰਜਾਬ — ਨਸ਼ਾ ਮੁਕਤ ਪੰਜਾਬ ਸਾਡਾ ਸੁਪਨਾ, ਸਾਡਾ ਸੰਕਲਪ !

**-ਡਾ. ਜਗਜੀਵਨ ਸਿੰਘ ਸ਼ੇਰਪੁਰ ਪ੍ਰਧਾਨ, ਮਾਤਾ ਚੰਦ ਕੌਰ ਯਾਦਗਾਰੀ ਟਰੱਸਟ ਰਜਿ. ਸ਼ੇਰਪੁਰ, ਜ਼ਿਲ੍ਹਾ ਸੰਗਰੂਰ, ਪੰਜਾਬ।**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪਰਵਿੰਦਰ ਸਿੰਘ ਝੋਟੇ ਦੇ ਕਤਲ ਨੇ ਨਸ਼ਾ-ਤੰਤਰ ਨੂੰ ਮਿਲਦੀ ਸਿਆਸੀ ਸਰਪ੍ਰਸਤੀ ਅਤੇ

# ਸਰਕਾਰੀ ਨਾਕਾਮੀ ’ਤੇ ਖੜ੍ਹੇ ਕੀਤੇ ਗੰਭੀਰ ਸਵਾਲ : ਅਮਰੀਕਨ ਸਿੱਖ ਜਥੇਬੰਦੀਆਂ



**ਨਵੀਂ ਦਿੱਲੀ, 15 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**-ਸਿੱਖ ਕੋਆਰਡੀਨੇਸ਼ਨ ਕਮੇਟੀ ਈਸਟ ਕੋਸਟ ਅਤੇ ਅਮਰੀਕਨ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਮਾਨਸਾ ਵਿੱਚ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਨੌਜਵਾਨ ਪਰਵਿੰਦਰ ਸਿੰਘ ਝੋਟੇ ਦੇ ਕਤਲ ’ਤੇ ਡੂੰਘੇ ਦੁੱਖ ਅਤੇ ਤਿੱਖੇ ਰੋਸ ਦਾ ਪ੍ਰਗਟਾਵਾ ਕੀਤਾ ਹੈ। ਜਥੇਬੰਦੀਆਂ ਨੇ ਜਥੇਦਾਰ ਜਗਤਾਰ ਸਿੰਘ ਹਵਾਰਾ ਵੱਲੋਂ ਪਰਵਿੰਦਰ ਸਿੰਘ ਝੋਟੇ ਨੂੰ ਸ਼ਹੀਦ ਐਲਾਨਣ ਦੇ ਫ਼ੈਸਲੇ ਦਾ ਸਵਾਗਤ ਕਰਦਿਆਂ ਕਿਹਾ ਕਿ ਨਸ਼ਿਆਂ ਵਿਰੁੱਧ ਉਸ ਦੇ ਸੰਘਰਸ਼ ਨੂੰ ਪੰਜਾਬ ਦੀ ਨੌਜਵਾਨੀ ਹਮੇਸ਼ਾ ਯਾਦ ਰੱਖੇਗੀ। ਉਨ੍ਹਾਂ ਕਿਹਾ ਕਿ ਉਸ ਦੀ ਮੌਤ ਪੰਜਾਬ ਅਤੇ ਸਿੱਖ ਪੰਥ ਲਈ ਨਾ ਪੂਰਾ ਹੋਣ ਵਾਲਾ ਘਾਟਾ ਹੈ। ਜਥੇਬੰਦੀਆਂ ਨੇ ਮੰਗ ਕੀਤੀ ਕਿ ਮੁਲਜ਼ਮ ਅਸ਼ਵਨੀ ਕੁਮਾਰ ਦੇ ਮੈਡੀਕਲ ਸਟੋਰ ਰਾਹੀਂ ਕਥਿਤ ਨਸ਼ੀਲੀਆਂ ਗੋਲੀਆਂ ਅਤੇ ਕੈਪਸੂਲਾਂ ਦੀ ਵਿਕਰੀ, ਉਸ ਖ਼ਿਲਾਫ਼ ਪਹਿਲਾਂ ਦਰਜ ਮਾਮਲਿਆਂ ਅਤੇ ਉਸ ਨੂੰ ਕਥਿਤ ਸਿਆਸੀ ਸਰਪ੍ਰਸਤੀ ਮਿਲਣ ਦੇ ਦੋਸ਼ਾਂ ਦੀ ਨਿਰਪੱਖ ਜਾਂਚ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਸਿਰਫ਼ ਇਮਾਰਤਾਂ ਢਾਹੁਣ ਨਾਲ ਨਿਆਂ ਨਹੀਂ ਮਿਲਦਾ, ਸਗੋਂ ਕਤਲ ਦੀ ਸਮਾਂਬੱਧ ਜਾਂਚ, ਦੋਸ਼ੀਆਂ ਨੂੰ ਕਾਨੂੰਨ ਅਨੁਸਾਰ ਸਜ਼ਾ ਅਤੇ ਨਸ਼ਿਆਂ ਦੀ ਸਪਲਾਈ ਨਾਲ ਜੁੜੇ ਪੂਰੇ ਨੈੱਟਵਰਕ ਦੀ ਪਛਾਣ ਜ਼ਰੂਰੀ ਹੈ। ਉਨ੍ਹਾਂ ਮੰਗ ਕੀਤੀ ਕਿ ਪੰਜਾਬ ਦੇ ਹੋਰ ਮੈਡੀਕਲ ਸਟੋਰਾਂ ਰਾਹੀਂ ਨਸ਼ੀਲੀਆਂ ਦਵਾਈਆਂ ਦੀ ਕਥਿਤ ਗੈਰਕਾਨੂੰਨੀ ਵਿਕਰੀ ਦੀਆਂ ਸ਼ਿਕਾਇਤਾਂ ਦੀ ਵੀ ਜਾਂਚ ਹੋਵੇ। ਜਥੇਬੰਦੀਆਂ ਨੇ ਕਿਹਾ ਕਿ ਵੱਡੀਆਂ ਬੰਦਰਗਾਹਾਂ ’ਤੇ ਫੜੀਆਂ ਜਾਂਦੀਆਂ ਨਸ਼ਿਆਂ ਦੀਆਂ ਖੇਪਾਂ ਤੋਂ ਲੈ ਕੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਹੁੰਦੀ ਵਿਕਰੀ ਤੱਕ ਪੂਰੀ ਸਪਲਾਈ ਲੜੀ ਦੀ ਜਾਂਚ ਹੋਣੀ ਚਾਹੀਦੀ ਹੈ। ਸਿੱਖ ਕੋਆਰਡੀਨੇਸ਼ਨ ਕਮੇਟੀ ਈਸਟ ਕੋਸਟ ਦੇ ਕੋਆਰਡੀਨੇਟਰ ਸਰਦਾਰ ਹਿੰਮਤ ਸਿੰਘ, ਅਮਰੀਕਨ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕੋਆਰਡੀਨੇਟਰ ਡਾ. ਪ੍ਰਿਤਪਾਲ ਸਿੰਘ ਅਤੇ ਮੀਡੀਆ ਬੁਲਾਰੇ ਹਰਜਿੰਦਰ ਸਿੰਘ ਨੇ ਕਿਹਾ ਕਿ ਪਰਵਿੰਦਰ ਸਿੰਘ ਝੋਟੇ ਦਾ ਕਤਲ ਨਸ਼ਿਆਂ ਵਿਰੁੱਧ ਸਰਕਾਰੀ ਦਾਅਵਿਆਂ ਅਤੇ ਜ਼ਮੀਨੀ ਹਕੀਕਤ ਵਿਚਲੇ ਫ਼ਰਕ ਨੂੰ ਉਜਾਗਰ ਕਰਦਾ ਹੈ। ਉਨ੍ਹਾਂ ਕੇਂਦਰ ਅਤੇ ਪੰਜਾਬ ਸਰਕਾਰ ਤੋਂ ਨਸ਼ਾ-ਤੰਤਰ ਨੂੰ ਮਿਲਦੀ ਕਥਿਤ ਸਿਆਸੀ ਸਰਪ੍ਰਸਤੀ ਬਾਰੇ ਜਵਾਬਦੇਹੀ ਤੈਅ ਕਰਨ ਦੀ ਮੰਗ ਕੀਤੀ। ਆਗੂਆਂ ਨੇ ਪਰਵਿੰਦਰ ਸਿੰਘ ਦੇ ਪਰਿਵਾਰ ਅਤੇ ਬੱਚਿਆਂ ਨਾਲ ਦੁੱਖ ਸਾਂਝਾ ਕਰਦਿਆਂ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ, ਪੰਜਾਬ ਦੇ ਹੱਕਾਂ ਅਤੇ ਸਵੈ-ਨਿਰਣੇ ਦੇ ਅਧਿਕਾਰ ਲਈ ਉਹ ਲੋਕਤੰਤਰਿਕ ਤੇ ਸ਼ਾਂਤਮਈ ਢੰਗ ਨਾਲ ਆਪਣੀ ਆਵਾਜ਼ ਬੁਲੰਦ ਕਰਦੇ ਰਹਿਣਗੇ।

ਪਰਵਿੰਦਰ ਝੋਟਾ ਦੀ ਮੌਤ ਨੂੰ ਲੈ ਕੇ ਚੌਂਕ ਮਹਿਤਾ ’ਚ ਜ਼ਬਰਦਸਤ ਰੋਸ ਪ੍ਰਦਰਸ਼ਨ

# ਲੋਕਾਂ ਨੇ ਸਰਕਾਰ ਤੇ ਪੁਲਿਸ ਪ੍ਰਸ਼ਾਸਨ ਖ਼ਿਲਾਫ਼ ਕੀਤੀ ਨਾਅਰੇਬਾਜ਼ੀ



**ਚੌਂਕ ਮਹਿਤਾ, 15 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਨਸਾ ’ਚ ਪਰਵਿੰਦਰ ਸਿੰਘ ਝੋਟਾ ਦੇ ਕਤਲ ਲਈ ਇਨਸਾਫ਼ ਦੀ ਮੰਗ ਨੂੰ ਲੈ ਕੇ ਅੱਜ ਪੰਜਾਬ ਬੰਦ ਦੀ ਕਾਲ ਦਿੱਤੀ ਸੀ। ਜਿਸ ਦੇ ਤਹਿਤ ਸਥਾਨਕ ਕਸਬਾ ਚੌਂਕ ਮਹਿਤਾ ਵਿਖੇ ਵੱਖ-ਵੱਖ ਮੁਲਾਜ਼ਮ ਯੂਨੀਅਨਾਂ, ਸਿਆਸੀ ਪਾਰਟੀਆਂ, ਕਿਸਾਨ ਜਥੇਬੰਦੀਆਂ ਅਤੇ ਹੋਰਨਾਂ ਇਨਸਾਫ ਪਸੰਦ ਲੋਕਾਂ ਦੇ ਵੱਲੋਂ ਰੋਸ ਪ੍ਰਦਰਸਨ ਕਰਦਿਆਂ ਜੋਰਦਾਰ ਨਾਅਰੇਬਾਜ਼ੀ ਕੀਤੀ ਗਈ। ਇਸ ਦੌਰਾਨ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਪਰਵਿੰਦਰ ਝੋਟਾ ਦੀ ਮੌਤ ਤੇ ਅਫਸੋਸ ਜਾਹਿਰ ਕੀਤਾ ਅਤੇ ਪੰਜਾਬ ਸਰਕਾਰ ਤੇ ਪੁਲੀਸ ਪ੍ਰਸ਼ਾਸਨ ਨੂੰ ਰੱਜ ਕੇ ਕੋਸਿਆ। ਉਨਾਂ ਮੰਗ ਕੀਤੀ ਕਿ ਪਰਵਿੰਦਰ ਝੋਟਾ ਦੇ ਮਾਪਿਆਂ ਨੂੰ ਆਪਣੇ ਪੁੱਤ ਦੀ ਮੌਤ ਦਾ ਇਨਸਾਫ ਹਰ ਹੀਲੇ ਮਿਲਣਾ ਚਾਹੀਦਾ ਹੈ।

ਇਸ ਮੌਕੇ ਅਜੀਤਪਾਲ ਸਿੰਘ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ, ਗੁਰਪ੍ਰੀਤ ਸਿੰਘ ਜਲਾਲ ਈਟੀਟੀ ਆਧਿਆਪਕ ਯੂਨੀਅਨ, ਰਣਧੀਰ ਸਿੰਘ ਬੁੱਟਰ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ, ਉਮਰਾਜ ਸਿੰਘ ਧਰਦਿਓ ਭਾਰਤੀ ਕਿਸ਼ਨ ਯੂਨੀਅਨ ਰਾਜੇਵਾਲ, ਮਨਦੀਪ ਸਿੰਘ ਧਰਦਿਉ ਗ੍ਰਾਮੀਣ ਵਾਤਾਵਰਣ ਬਚਾਓ ਕਮੇਟੀ, ਸਾਬਕਾ ਸਰਪੰਚ ਮਨਦੀਪ ਸਿੰਘ ਸੋਨਾ, ਸਾਬਕਾ ਚੇਅਰਮੈਨ ਗੁਰਮੀਤ ਸਿੰਘ ਨੰਗਲੀ, ਸਰਕਲ ਪ੍ਰਧਾਨ ਲਖਵਿੰਦਰ ਸਿੰਘ ਖਾਲਸਾ, ਜੱਥੇਦਾਰ ਗੁਰਮੀਤ ਸਿੰਘ ਖੱਬੇ ਰਾਜਪੂਤਾਂ ਸਾਬਕਾ ਚੈਅਰਮੈਨ, ਪ੍ਰਧਾਨ ਜੋਰਾਵਰ ਸਿੰਘ ਬੱਬਾ, ਬਲਜੀਤ ਸਿੰਘ ਬੁੱਟਰ, ਡਾ ਦਲਬੀਰ ਸਿੰਘ ਵੇਰਕਾ, ਜੱਥੇ ਬਿਕਰਮ ਸਿੰਘ ਕੋਟਲਾ, ਜੁਗਰਾਜ ਸਿੰਘ ਉਦੋ ਨੰਗਲ, ਪਟਵਾਰੀ ਰਸ਼ਪਾਲ ਸਿੰਘ ਜਲਾਲ, ਰਣਜੀਤ ਦੁਲਾਰੀ ਆਸਾ ਵਰਕਰ, ਦਿਲਸ਼ੇਰ ਸਿੰਘ ਐਡਵੋਕੇਟ, ਸ਼ਮਸ਼ੇਰ ਸਿੰਘ ਸ਼ੇਰਾ, ਜਤਿੰਦਰ ਸਿੰਘ ਲੱਧਾ ਮੁੰਡਾ, ਤਜਿੰਦਰ ਪਾਲ ਸਿੰਘ ਲਾਡੀ, ਬਲਬੀਰ ਸਿੰਘ ਬੁੱਟਰ, ਗੁਰਲਾਲ ਸਿੰਘ ਲਾਲੀ, ਫੌਜੀ ਗੁਰਪਾਲ ਸਿੰਘ, ਸ਼ਿਵਚਰਨ ਸਿੰਘ ਮਹਿਸਮਪੁਰ ਕਿਸਾਨ ਆਗੂ, ਬਲਜਿੰਦਰ ਸਿੰਘ ਸਾਬਕਾ ਸਰਪੰਚ, ਬਲਬੀਰ ਸਿੰਘ ਬੁੱਟਰ, ਰਣਜੀਤ ਸਿੰਘ, ਪ੍ਰਧਾਨ ਕੇਵਲ ਸਿੰਘ, ਸਕੱਤਰ ਸਿੰਘ ਜਲਾਲ, ਦਿਲਬਾਗ ਸਿੰਘ, ਗੁਰਜੰਟ ਸਿੰਘ ਮਹਿਤਾ, ਮਨਜੀਤ ਸਿੰਘ ਮੰਨਾ, ਕੁਲਦੀਪ ਸਿੰਘ, ਮਨਦੀਪ ਸਿੰਘ, ਰਣਜੀਤ ਸਿੰਘ, ਦੇਸ਼ਾਂ ਸਿੰਘ, ਲੱਖਵਿੰਦਰ ਸਿੰਘ, ਅਰਜਨ ਸਿੰਘ, ਗੁਰਮੇਲ ਸਿੰਘ ਤੇ ਗੁਰਮੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਇਲਾਕੇ ਦੇ ਲੋਕ ਮੌਜੂਦ ਸਨ।


ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243


# ਜੱਗੀ ਜੌਹਲ ਦੀ ਵਾਪਸੀ ਲਈ ਬ੍ਰਿਟਿਸ਼ ਸਰਕਾਰ ’ਤੇ ਦਬਾਅ, ਗਵਾਹ ਗੈਰਹਾਜ਼ਰ ਰਹਿਣ ’ਤੇ ਉਠੇ ਗੰਭੀਰ ਸਵਾਲ

## 14 ਹਫ਼ਤਿਆਂ ਦੀ ਮੋਹਲਤ ਦੇ ਬਾਵਜੂਦ ਗਵਾਹ ਪੇਸ਼ ਨਹੀਂ ਕਰ ਸਕੀ ਐੱਨਆਈਏ



ਨਵੀਂ ਦਿੱਲੀ, 15 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਸਿੱਖ ਫੈਡਰੇਸ਼ਨ ਯੂਕੇ ਨੇ ਬ੍ਰਿਟਿਸ਼ ਸਰਕਾਰ ਤੋਂ ਮੰਗ ਕੀਤੀ ਹੈ ਕਿ ਕਰੀਬ ਨੌਂ ਸਾਲ ਭਾਰਤ ਵਿੱਚ ਜੇਲ੍ਹ ਕੱਟਣ ਤੋਂ ਬਾਅਦ ਜ਼ਮਾਨਤ ’ਤੇ ਰਿਹਾਅ ਹੋਏ ਜਗਤਾਰ ਸਿੰਘ ਜੌਹਲ ਵਿਰੁੱਧ ਦੋਸ਼ ਖ਼ਤਮ ਕਰਵਾਉਣ ਅਤੇ ਉਨ੍ਹਾਂ ਦੀ ਸਕਾਟਲੈਂਡ ਵਿੱਚ ਸੁਰੱਖਿਅਤ ਵਾਪਸੀ ਲਈ ਤੁਰੰਤ ਫ਼ੈਸਲਾਕੁੰਨ ਕਦਮ ਚੁੱਕੇ ਜਾਣ। ਜਥੇਬੰਦੀ ਅਨੁਸਾਰ, 14 ਅਕਤੂਬਰ ਨੂੰ ਭਾਰਤ ਦੀ ਕੌਮੀ ਜਾਂਚ ਏਜੰਸੀ (ਐੱਨਆਈਏ) ਨੇ ਜੌਹਲ ਵਿਰੁੱਧ ਗਵਾਹੀ ਦਿਵਾਉਣ ਲਈ ਯੂਕੇ ਵਿੱਚ ਰਹਿੰਦੇ ਇੱਕ ਕਥਿਤ ਸੁਰੱਖਿਅਤ ਗਵਾਹ ਨੂੰ ਸੁਰੱਖਿਅਤ ਵੀਡੀਓ ਲਿੰਕ ਰਾਹੀਂ ਪੇਸ਼ ਕਰਨਾ ਸੀ, ਪਰ ਉਹ ਪੇਸ਼ ਨਹੀਂ ਹੋਇਆ। ਜੁਲਾਈ ਵਿੱਚ ਵਿਸ਼ੇਸ਼ ਐੱਨਆਈਏ ਅਦਾਲਤ ਨੇ ਇਸ ਪ੍ਰਬੰਧ ਲਈ 14 ਹਫ਼ਤਿਆਂ ਦਾ ਸਮਾਂ ਦਿੱਤਾ ਸੀ। ਗਵਾਹ ਦੀ ਸੁਰੱਖਿਆ ਅਤੇ ਪਛਾਣ ਗੁਪਤ ਰੱਖਣ ਲਈ ਬ੍ਰਿਟਿਸ਼ ਅਧਿਕਾਰੀਆਂ ਦੀ ਮਦਦ ਨਾਲ ਸੁਰੱਖਿਅਤ ਵੀਡੀਓ ਲਿੰਕ ਦਾ ਪ੍ਰਬੰਧ ਹੋਣਾ ਸੀ, ਜਿਸ ਲਈ ਭਾਰਤ ਵੱਲੋਂ ਆਪਸੀ ਕਾਨੂੰਨੀ ਸਹਾਇਤਾ ਸੰਧੀ ਤਹਿਤ ਰਸਮੀ ਬੇਨਤੀ ਅਤੇ ਦੋਵਾਂ ਦੇਸ਼ਾਂ ਵਿਚਕਾਰ ਕਾਨੂੰਨੀ ਤੇ ਕੂਟਨੀਤਕ ਤਾਲਮੇਲ ਲੋੜੀਂਦਾ ਸੀ। ਸਿੱਖ ਫੈਡਰੇਸ਼ਨ ਯੂਕੇ ਨੇ ਖੁਲਾਸਾ ਕੀਤਾ ਕਿ ਉਸ ਨੇ 9 ਸਤੰਬਰ ਨੂੰ ਬ੍ਰਿਟਿਸ਼ ਪ੍ਰਧਾਨ ਮੰਤਰੀ ਨੂੰ ਗੁਪਤ ਪੱਤਰ ਭੇਜ ਕੇ ਕਥਿਤ ਸੁਰੱਖਿਅਤ ਗਵਾਹ ਦੀ ਭਰੋਸੇਯੋਗਤਾ ’ਤੇ ਗੰਭੀਰ ਸ਼ੰਕੇ ਜ਼ਾਹਰ ਕੀਤੇ ਸਨ। ਪੱਤਰ ਦੀ ਨਕਲ ਵਿਦੇਸ਼ ਮੰਤਰੀ ਨੂੰ ਵੀ ਭੇਜੀ ਗਈ ਸੀ। ਜਥੇਬੰਦੀ ਨੇ ਖ਼ਦਸ਼ਾ ਜਤਾਇਆ ਸੀ ਕਿ ਗਵਾਹ ਜਾਅਲੀ ਹੋ ਸਕਦਾ ਹੈ ਅਤੇ ਜੇਕਰ ਉਸ ਦੇ ਭਾਰਤੀ ਸਰਕਾਰ ਦਾ ਏਜੰਟ ਹੋਣ ਦੇ ਦੋਸ਼ਾਂ ਵਿੱਚ ਸੱਚਾਈ ਹੈ ਤਾਂ ਬ੍ਰਿਟਿਸ਼ ਅਧਿਕਾਰੀਆਂ ਨੂੰ ਇਸ ਦੀ ਜਾਂਚ ਕਰਨੀ ਚਾਹੀਦੀ ਹੈ। ਫੈਡਰੇਸ਼ਨ ਮੁਤਾਬਕ, ਉਹ ਪਿਛਲੇ ਕਈ ਹਫ਼ਤਿਆਂ ਤੋਂ ਯੂਕੇ ਸਰਕਾਰ ਦੇ ਸੀਨੀਅਰ ਅਧਿਕਾਰੀਆਂ ਕੋਲ ਇਹ ਮੁੱਦਾ ਉਠਾ ਰਹੀ ਹੈ। ਜਗਤਾਰ ਸਿੰਘ ਜੌਹਲ ਨੂੰ ਦਿੱਲੀ ਹਾਈ ਕੋਰਟ ਨੇ 18 ਸਤੰਬਰ ਨੂੰ ਜ਼ਮਾਨਤ ਦਿੱਤੀ ਸੀ, ਪਰ ਕੇਂਦਰੀ ਗ੍ਰਹਿ ਮੰਤਰਾਲੇ ਦੇ ਕਾਨੂੰਨੀ ਨੋਟਿਸ ਦਾ ਹਵਾਲਾ ਦੇ ਕੇ ਉਨ੍ਹਾਂ ਦੀ ਰਿਹਾਈ ਰੋਕੀ ਗਈ। ਇਸ ਤੋਂ ਬਾਅਦ ਵਕੀਲਾਂ ਵੱਲੋਂ ਹੈਬੀਅਸ ਕਾਰਪਸ ਪਟੀਸ਼ਨ ਦਾਇਰ ਕੀਤੇ ਜਾਣ ’ਤੇ ਅਦਾਲਤ ਨੇ ਤਿੰਨ ਘੰਟਿਆਂ ਅੰਦਰ ਰਿਹਾਈ ਦਾ ਹੁਕਮ ਦਿੱਤਾ ਅਤੇ ਪਾਲਣਾ ਨਾ ਹੋਣ ’ਤੇ ਅਦਾਲਤੀ ਮਾਣਹਾਨੀ ਦੀ ਚਿਤਾਵਨੀ ਦਿੱਤੀ। ਆਖ਼ਰਕਾਰ ਜੌਹਲ 1 ਅਕਤੂਬਰ ਨੂੰ ਜ਼ਮਾਨਤ ’ਤੇ ਰਿਹਾਅ ਹੋਏ। ਸਿੱਖ ਫੈਡਰੇਸ਼ਨ ਯੂਕੇ ਦੇ ਮੁੱਖ ਕਾਰਜਕਾਰੀ ਅਤੇ ਸਿਆਸੀ ਮਾਮਲਿਆਂ ਦੇ ਪ੍ਰਮੁੱਖ ਦਬਿੰਦਰਜੀਤ ਸਿੰਘ ਓਬੀਈ ਨੇ ਕਿਹਾ ਕਿ ਜੌਹਲ ਦੀ ਜ਼ਮਾਨਤ, ਕਾਨੂੰਨੀ ਪ੍ਰਕਿਰਿਆ ਵਿੱਚ ਕਥਿਤ ਦਖ਼ਲਅੰਦਾਜ਼ੀ ਅਤੇ ਗਵਾਹ ਦੀ ਭਰੋਸੇਯੋਗਤਾ ਬਾਰੇ ਉੱਠੇ ਸਵਾਲ ਬ੍ਰਿਟਿਸ਼ ਸਰਕਾਰ ਲਈ ਫ਼ੈਸਲਾਕੁੰਨ ਕਾਰਵਾਈ ਕਰਨ ਦਾ ਮੌਕਾ ਹਨ। ਉਨ੍ਹਾਂ ਨੇ ਸਵਾਲ ਕੀਤਾ ਕਿ ਵਿਦੇਸ਼ ਮੰਤਰੀ ਐਡ ਮਿਲੀਬੈਂਡ ਨੇ 24 ਸਤੰਬਰ ਨੂੰ ਨਿਊਯਾਰਕ ਵਿੱਚ ਸੰਯੁਕਤ ਰਾਸ਼ਟਰ ਮਹਾਸਭਾ ਦੇ ਮੌਕੇ ਭਾਰਤੀ ਹਮਰੁਤਬਾ ਨਾਲ ਜੌਹਲ ਦੀ ਜ਼ਮਾਨਤ ਬਾਰੇ ਗੱਲਬਾਤ ਦੌਰਾਨ ਗਵਾਹ ਦੀ ਭਰੋਸੇਯੋਗਤਾ ਦਾ ਮੁੱਦਾ ਵੀ ਉਠਾਇਆ ਸੀ ਜਾਂ ਨਹੀਂ। ਉਨ੍ਹਾਂ ਕਿਹਾ ਕਿ ਜੌਹਲ ਨੂੰ ਮੌਤ ਦੀ ਸਜ਼ਾ ਦਾ ਖ਼ਤਰਾ ਹੋਣ ਦੀਆਂ ਚਿੰਤਾਵਾਂ ਅਤੇ ਬ੍ਰਿਟੇਨ ਦੀ ਮੌਤ ਦੀ ਸਜ਼ਾ ਵਿਰੁੱਧ ਸਖ਼ਤ ਨੀਤੀ ਦੇ ਮੱਦੇਨਜ਼ਰ, ਗਵਾਹੀ ਦੇ ਪ੍ਰਬੰਧਾਂ ਵਿੱਚ ਬ੍ਰਿਟਿਸ਼ ਸਰਕਾਰ ਦੀ ਭੂਮਿਕਾ ’ਤੇ ਵੀ ਸਵਾਲ ਖੜ੍ਹੇ ਹੁੰਦੇ ਹਨ। ਬਿਆਨ ਵਿੱਚ ਇਹ ਦੋਸ਼ ਵੀ ਦੁਹਰਾਇਆ ਗਿਆ ਕਿ ਬ੍ਰਿਟਿਸ਼ ਖੁਫ਼ੀਆ ਏਜੰਸੀਆਂ ਐਮ 95 ਅਤੇ ਐਮ 16 ਵੱਲੋਂ ਦਿੱਤੀ ਕਥਿਤ ਜਾਣਕਾਰੀ ਜੌਹਲ ਦੀ ਗ੍ਰਿਫ਼ਤਾਰੀ ਦਾ ਕਾਰਨ ਬਣੀ ਅਤੇ ਉਨ੍ਹਾਂ ਨੂੰ ਭਾਰਤ ਵਿੱਚ ਕਥਿਤ ਤਸ਼ੱਦਦ ਸਹਿਣਾ ਪਿਆ। ਦਬਿੰਦਰਜੀਤ ਸਿੰਘ ਨੇ ਕਿਹਾ ਕਿ ਵਿਰੋਧੀ ਧਿਰ ਵਿੱਚ ਰਹਿੰਦਿਆਂ ਲੇਬਰ ਪਾਰਟੀ ਨੇ ਜੌਹਲ ਦੀ ਰਿਹਾਈ ਅਤੇ ਵਾਪਸੀ ਦਾ ਸਮਰਥਨ ਕੀਤਾ ਸੀ, ਹੁਣ ਸਰਕਾਰ ਨੂੰ ਆਪਣੇ ਵਾਅਦੇ ਨਿਭਾਉਣੇ ਚਾਹੀਦੇ ਹਨ। ਉਨ੍ਹਾਂ ਨੇ ਭਾਰਤ ਨਾਲ ਤੁਰੰਤ ਕੂਟਨੀਤਕ ਗੱਲਬਾਤ, ਗਵਾਹ ਦੇ ਕਥਿਤ ਸਬੰਧਾਂ ਦੀ ਜਾਂਚ ਅਤੇ ਸਾਰੇ ਕਾਨੂੰਨੀ ਤੇ ਕੌਮੀ ਸੁਰੱਖਿਆ ਸਾਧਨਾਂ ਦੀ ਵਰਤੋਂ ਕਰਕੇ ਜੌਹਲ ਨੂੰ ਘਰ ਵਾਪਸ ਲਿਆਉਣ ਦੀ ਮੰਗ ਕੀਤੀ। ਸਿੱਖ ਫੈਡਰੇਸ਼ਨ ਯੂਕੇ ਨੇ ਕਿਹਾ ਕਿ ਜਦੋਂ ਤੱਕ ਜੌਹਲ ਦੀ ਸੁਰੱਖਿਅਤ ਵਾਪਸੀ ਯਕੀਨੀ ਨਹੀਂ ਹੁੰਦੀ, ਸਰਕਾਰ ਤੋਂ ਜਵਾਬ ਅਤੇ ਕਾਰਵਾਈ ਦੀ ਮੰਗ ਜਾਰੀ ਰਹੇਗੀ।

# ਪਿੰਡ ਚੰਨਣਕੇ ਵਿਖੇ ਆਮ ਆਦਮੀ ਪਾਰਟੀ ਦਾ ਮਹੱਲਾ ਕਲੀਨਿਕ ਦਾ ਕੀਤਾ ਉਦਘਾਟਨ



**ਚੌਂਕ ਮਹਿਤਾ, 15 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਸਰਕਾਰ ਅਤੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਆਮ ਆਦਮੀ ਮਹੱਲਾ ਕਲੀਨਿਕ ਪਿੰਡ ਚੰਨਣਕੇ ਵਿਖੇ ਤਲਬੀਰ ਸਿੰਘ ਗਿੱਲ ਦੇ ਸਪੁੱਤਰ ਸਰਪਰੀਤ ਸਿੰਘ ਗਿੱਲ ਅਤੇ ਨੋਜਵਾਨ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਚੰਨਣਕੇ ਨੇ ਰੀਬਨ ਕੱਟ ਕੇ ਉਦਘਾਟਨ ਕੀਤਾ ਗਿਆ । ਇਸ ਕੋਠੀ ਜਜਸਿਟ ਪੰਜਾਬ ਐਂਡ ਹਰਿਆਣਾ ਦੇ ਸਾਬਕਾ ਜਜਸਿਟ ਸ, ਰਣਜੀਤ ਸਿੰਘ ਰੰਧਾਵਾ ਨੇ ਆਪਣੇ ਪਿਤਾ ਸਤਿਕਾਰ ਯੋਗ ਤਾਰਾ ਸਿੰਘ ਰੰਧਾਵਾ ਚੰਨਣਕੇ ਦੀ ਯਾਦ ਵਿੱਚ ਪਿੰਡ ਚੰਨਣਕੇ ਨੂੰ ਦਾਨ ਕੀਤੀ ਗਈ ਹੈ ।ਜਿਥੇ ਕਿ ਬਹੁਤ ਵੱਧੀਆ ਸਾਰਾ ਸਟਾਫ ਦੀ ਪੂਰੀ ਤਨ ਦੇਹੀ ਦੇ ਨਾਲ ਆਪੋ ਆਪਣੀ ਡਿਊਟੀ ਕਰਦੇ ਹੈਂ । ਇਸ ਡਿਸਪੈਂਸਰੀ ਵਿੱਚ ਵਾਤਾਵਰਣ ਨੂੰ ਸ਼ੁੱਧ ਕਰਨ ਲਈ ਬਹੁਤ ਸੋਹਣੇ ਬੂਟੇ ਅਤੇ ਪਾਰਕਾਂ ਵੀ ਸਾਰੇ ਦੇ ਸਹਿਯੋਗ ਦੇ ਨਾਲ ਲਗਾਏ ਗਏ ਹਨ ।ਅਤੇ ਸਫਾਈ ਦਾ ਬਹੁਤ ਖਿਆਲ ਰੱਖਿਆ ਜਾਂਦਾ ਹੈ ।ਇਸ ਮੌਕੇ ਤੇ ਮੈਡੀਕਲ ਅਫ਼ਸਰ ਡਾਕਟਰ ਗੁਰਜੀਤ ਢਿੱਲੋਂ ਨੇ ਦੱਸਿਆ ਕਿ ਇਸ ਮਹੱਲਾ ਕਲੀਨਿਕ ਵਿੱਚ ਕਾਫੀ ਟੈਸਟ ਮੁਫ਼ਤ ਹੋਣਗੇ ਅਤੇ ਨਾਲ ਦੀਵਾਈਆ ਵੀ ਫ੍ਰੀ ਦਿਤੀਆਂ ਜਾਣਗੀਆਂ। ਇਸ ਮੌਕੇ ਤੇ ਐਸ ਉ ਐਮ ਵੱਲੋਂ ਡਾ ਰਸਲੀਨ ਕੌਰ,ਹਾਜ਼ਰ ਸਨ। ਇਸ ਮੌਕੇ ਤੇ ਸਰਪੰਚ ਦਵਿੰਦਰ ਸਿੰਘ ਰੰਧਾਵਾ ਨਵੇਂ ਚੰਨਣਕੇ ਤੇ ਇਲਾਵਾ ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ, ਹਰਕੀਰਤ ਸਿੰਘ, ਜਥੇਦਾਰ ਜਗਤਾਰ ਸਿੰਘ, ਬਾਬਾ ਸਾਹਿਬ ਸਿੰਘ ਸਾਬੀ, ਪ੍ਰਧਾਨ ਜਗੀਰ ਸਿੰਘ,ਹੈਲਥ ਵਰਕਰ ਨਿਰਮਲ ਸਿੰਘ ਫਾਰਸਿਟ ਰਵਦੀਪ ਸਿੰਘ ਬੁੱਟਰ,, ਮੈਂਬਰ ਜਤਿੰਦਰ ਸਿੰਘ, ਬੀਰ ਸਿੰਘ, ਜਥੇਦਾਰ ਬਲਦੇਵ ਸਿੰਘ ਸੇਵਾਦਾਰ ਜਸਵੰਤ ਸਿੰਘ, ਕੋਮਲਪ੍ਰੀਤ ਕੌਰ ਏ ਐਨ ਐਮ, ਅਮਨਪ੍ਰੀਤ ਕੌਰ ਆਸਾ ਵਰਕਰ, ਜਸ਼ਨਪ੍ਰੀਤ ਕੌਰ ਆਸਾ ਵਰਕਰ, ਲਖਵਿੰਦਰ ਕੌਰ ਆਸਾ ਵਰਕਰ,ਮਨੂਪਰੀਤ ਕੌਰ ਆਸਾ ਵਰਕਰ, ਆਦਿ ਸਮੂਹ ਸਟਾਫ ਹਾਜ਼ਰ ਸਨ।

### ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ

# ਖਾਲਸਾ ਅਕੈਡਮੀ ਮਹਿਤਾ ਵਿਖੇ ਸੀਬੀਐਸਈ ਨੈਸ਼ਨਲ ਹਾਕੀ ਚੈਂਪੀਅਨਸ਼ਿਪ ਦੇ ਮੈਚਾਂ ਦਾ ਮਾਣਿਆ ਆਨੰਦ



**ਚੌਂਕ ਮਹਿਤਾ, 15 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ, ਮੁਖੀ ਦਮਦਮੀ ਟਕਸਾਲ ਦੀ ਸਰਪ੍ਰਸਤੀ ਹੇਠ ਚੱਲ ਰਹੇ ਵਿਦਿਅਕ ਅਦਾਰਿਆਂ ਵਿੱਚੋਂ ਨਵੇਂ ਵਿਦਿਅਕ ਅਦਾਰੇ ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਦੇ ਵਿਦਿਆਰਥੀ ਅਤੇ ਅਧਿਆਪਕ ਖਾਲਸਾ ਅਕੈਡਮੀ ਵਿਖੇ ਚੱਲ ਰਹੀ ਲੜਕੀਆਂ ਦੀ ਸੀਬੀਐਸਈ ਨੈਸ਼ਨਲ ਹਾਕੀ ਚੈਂਪੀਅਨਸ਼ਿਪ ਦੇ ਮੈਚ ਦੇਖਣ ਪਹੁੰਚੇ। ਇਸ ਮੌਕੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਪੂਰੇ ਭਾਰਤ ਵਿੱਚੋਂ ਚੈਂਪੀਅਨਸ਼ਿਪ ਵਿੱਚ ਭਾਗ ਲੈਣ ਲਈ ਪਹੁੰਚੀਆਂ ਵੱਖ-ਵੱਖ ਸਕੂਲਾਂ ਦੀਆਂ ਹਾਕੀ ਟੀਮਾਂ ਨਾਲ ਮੁਲਾਕਾਤ ਕੀਤੀ ਅਤੇ ਖਿਡਾਰੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਇਸ ਦੌਰਾਨ ਵਿਦਿਆਰਥੀਆਂ ਨੇ ਖਿਡਾਰੀਆਂ ਦੇ ਸ਼ਾਨਦਾਰ ਖੇਡ ਪ੍ਰਦਰਸ਼ਨ ਨੂੰ ਨੇੜਿਓਂ ਦੇਖਿਆ ਅਤੇ ਵੱਖ-ਵੱਖ ਟੀਮਾਂ ਵਿਚਕਾਰ ਹੋਏ ਰੋਮਾਂਚਕ ਮੈਚਾਂ ਦਾ ਖੂਬ ਆਨੰਦ ਮਾਣਿਆ। ਇਸ ਮੌਕੇ ਵਿਦਿਆਰਥੀਆਂ ਨੂੰ ਰਾਸ਼ਟਰੀ ਪੱਧਰ ਦੇ ਖੇਡ ਮੁਕਾਬਲਿਆਂ ਅਤੇ ਖਿਡਾਰੀਆਂ ਦੀ ਮਿਹਨਤ, ਲਗਨ ਤੇ ਅਨੁਸ਼ਾਸਨ ਨੂੰ ਸਮਝਣ ਦਾ ਮੌਕਾ ਮਿਲਿਆ। ਸਕੂਲ ਪ੍ਰਿੰਸੀਪਲ ਨੇ ਕਿਹਾ ਕਿ ਅਜਿਹੇ ਰਾਸ਼ਟਰੀ ਪੱਧਰ ਦੇ ਖੇਡ ਮੁਕਾਬਲੇ ਵਿਦਿਆਰਥੀਆਂ ਲਈ ਪ੍ਰੇਰਨਾ ਦਾ ਸਰੋਤ ਹੁੰਦੇ ਹਨ। ਇਨ੍ਹਾਂ ਰਾਹੀਂ ਵਿਦਿਆਰਥੀਆਂ ਨੂੰ ਖੇਡਾਂ ਪ੍ਰਤੀ ਰੁਚੀ ਪੈਦਾ ਕਰਨ, ਅਨੁਸ਼ਾਸਨ ਅਪਣਾਉਣ, ਟੀਮ ਭਾਵਨਾ ਵਿਕਸਿਤ ਕਰਨ ਅਤੇ ਆਪਣੇ ਜੀਵਨ ਵਿੱਚ ਮਿਹਨਤ ਤੇ ਲਗਨ ਨਾਲ ਅੱਗੇ ਵਧਣ ਦੀ ਪ੍ਰੇਰਨਾ ਮਿਲਦੀ ਹੈ। ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਇਸ ਮੌਕੇ ਹੋਰ ਹਾਜ਼ਰ ਸ਼ਖਸੀਅਤਾਂ ਵਿੱਚ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਹਰਜੋਤ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ, ਹਾਕੀ ਕੋਚ ਬਲਜਿੰਦਰ ਸਿੰਘ, ਮਨਦੀਪ ਕੌਰ ਮੈਡਮ,ਮੈਡਮ ਸੁਖਵੰਤ ਕੌਰ, ਮੈਡਮ ਕਿਰਨ, ਸਮੇਤ ਸਮੂਹ ਸਕੂਲ ਸਟਾਫ ਮੌਜੂਦ ਸੀ।

### ਰਾਮਾਂ ਮੰਡੀ ਵਿੱਚ ਭਾਜਪਾ ਦਾ ਕੁਨਬਾ ਹੋਰ ਵੱਡਾ

# ਨਵਜੋਤ ਗੁਣੀ ਗਾਟਵਾਲੀ ਦੀ ਅਗਵਾਈ ਹੇਠ 17 ਪਰਿਵਾਰ ਭਾਜਪਾ ਵਿੱਚ ਸ਼ਾਮਲ



**ਤਲਵੰਡੀ ਸਾਬੋ, 15 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਭਾਰਤੀ ਜਨਤਾ ਪਾਰਟੀ ਵੱਲੋਂ ਚਲਾਈ ਜਾ ਰਹੀ 'ਮੈਂਬਰਸ਼ਿਪ ਅਭਿਆਨ ਅਤੇ ਪਰਿਵਾਰ ਜੋੜੋ ਮੁਹਿੰਮ' ਤਹਿਤ ਰਾਮਾ ਮੰਡੀ ਵਿੱਚ ਪਾਰਟੀ ਨੂੰ ਉਸ ਸਮੇਂ ਹੁੰਗਾਰਾ ਮਿਲਿਆ, ਜਦੋਂ ਸਰਕਲ ਰਾਮਾ ਮੰਡੀ ਦੇ ਬੂਥ ਨੰਬਰ 55 ਵਿਖੇ 17 ਪਰਿਵਾਰਾਂ ਨੇ ਭਾਜਪਾ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਵੱਖ-ਵੱਖ ਵਰਗਾਂ ਨਾਲ ਸਬੰਧਤ ਨੌਜਵਾਨਾਂ, ਔਰਤਾਂ ਅਤੇ ਬਜ਼ੁਰਗਾਂ ਨੇ ਵਿਰੋਧੀ ਪਾਰਟੀਆਂ ਨੂੰ ਛੱਡ ਕੇ ਭਾਜਪਾ ਦੇ ਜ਼ਿਲ੍ਹਾ ਬਠਿੰਡਾ ਦਿਹਾਤੀ ਦੇ ਸੀਨੀਅਰ ਆਗੂ ਨਵਜੋਤ ਸਿੰਘ ਗੁਣੀ ਗਾਟਵਾਲੀ ਦੀ ਅਗਵਾਈ ਹੇਠ ਪਾਰਟੀ ਨਾਲ ਜੁੜਨ ਦਾ ਐਲਾਨ ਕੀਤਾ। ਇਸ ਮੌਕੇ ਨਵਜੋਤ ਸਿੰਘ ਗੁਣੀ ਗਾਟਵਾਲੀ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਪਰਿਵਾਰਾਂ ਦਾ ਸਿਰੋਪੇ ਪਾ ਕੇ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀਆਂ ਗਰੀਬ ਅਤੇ ਆਮ ਲੋਕਾਂ ਦੀ ਭਲਾਈ ਲਈ ਬਣਾਈਆਂ ਨੀਤੀਆਂ ਅਤੇ ਪੰਜਾਬ ਦੇ ਵਿਕਾਸ ਲਈ ਨਵੀਂ ਸੋਚ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਵਰਗਾਂ ਦੇ ਲੋਕ ਭਾਜਪਾ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਦੀ ਮੈਂਬਰਸ਼ਿਪ ਮੁਹਿੰਮ ਦਾ ਮੁੱਖ ਉਦੇਸ਼ ਲੋਕਾਂ ਨੂੰ ਭਾਜਪਾ ਦੀਆਂ ਨੀਤੀਆਂ ਨਾਲ ਜੋੜਨਾ ਅਤੇ ਪਾਰਟੀ ਦੇ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨਾ ਹੈ। ਰਾਮਾ ਮੰਡੀ ਵਿਖੇ ਹੋਈ ਇਹ ਸ਼ਮੂਲੀਅਤ ਵਰਕਰਾਂ ਲਈ ਉਤਸ਼ਾਹਜਨਕ ਹੈ ਅਤੇ ਇਸ ਨਾਲ ਹਲਕਾ ਤਲਵੰਡੀ ਸਾਬੋ ਵਿੱਚ ਪਾਰਟੀ ਦੀਆਂ ਸਰਗਰਮੀਆਂ ਨੂੰ ਹੋਰ ਬਲ ਮਿਲੇਗਾ ਭਾਜਪਾ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਵੀਰੂ, ਨਵੀ, ਕਰਨੀ, ਸੋਨੂੰ, ਅਜੈ ਸਿੰਘ, ਰਾਜ ਕੁਮਾਰ, ਚੰਦਰ ਪ੍ਰਕਾਸ਼, ਹਰਮਨ, ਗੁਰਦਾਸ, ਰਾਕੇਸ਼ ਕੁਮਾਰ, ਪਵਨ ਕੁਮਾਰ, ਅਮਰਜੀਤ ਸਿੰਘ, ਨੀਲਮ ਰਾਣੀ, ਰਾਣੀ, ਸਿੰਦਰ ਕੌਰ, ਨਸੀਬ ਕੌਰ ਅਤੇ ਦੁਰਗਾ ਸਮੇਤ ਹੋਰ ਪਰਿਵਾਰ ਸ਼ਾਮਲ ਹਨ।ਇਸ ਮੌਕੇ ਨਵੇਂ ਸ਼ਾਮਲ ਹੋਏ ਪਰਿਵਾਰਾਂ ਨੇ ਭਰੋਸਾ ਦਿਵਾਇਆ ਕਿ ਉਹ ਭਾਜਪਾ ਦੀਆਂ ਨੀਤੀਆਂ ਅਤੇ ਲੋਕ ਭਲਾਈ ਦੇ ਸੁਨੇਹੇ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਬੂਥ ਨੰਬਰ 55 ਨੂੰ ਮਜ਼ਬੂਤ ਬਣਾਉਣ ਲਈ ਪਾਰਟੀ ਦੇ ਹੋਰ ਵਰਕਰਾਂ ਨਾਲ ਮਿਲ ਕੇ ਕੰਮ ਕੀਤਾ ਜਾਵੇਗਾ। ਇਸ ਮੌਕੇ ਸਰਕਲ ਅਤੇ ਬੂਥ ਪੱਧਰ ਦੀ ਭਾਜਪਾ ਟੀਮ ਦੇ ਮੈਂਬਰ ਵੀ ਮੌਜੂਦ ਸਨ। ਨਵੀਆਂ ਸ਼ਮੂਲੀਅਤਾਂ ਨੂੰ ਪਾਰਟੀ ਦੇ ਸੰਗਠਨ ਨੂੰ ਮਜ਼ਬੂਤ ਕਰਨ ਵੱਲ ਇੱਕ ਅਹਿਮ ਕਦਮ ਦੱਸਿਆ ਗਿਆ।

**ਸਰਕਲ ਰਾਮਾ ਮੰਡੀ ਦੇ ਬੂਥ ਨੰਬਰ 55 ਵਿਖੇ ਮੈਂਬਰਸ਼ਿਪ ਮੁਹਿੰਮ ਨੂੰ ਮਿਲਿਆ ਹੁੰਗਾਰਾ, ਨਵੀਆਂ ਸ਼ਮੂਲੀਅਤਾਂ ਦਾ ਸਿਰੋਪੇ ਪਾ ਕੇ ਕੀਤਾ ਸਵਾਗਤ**

# ਨਸ਼ਿਆਂ ਦਾ ਕਹਿਰ ਰੋਕਣ 'ਚ 'ਆਪ' ਸਰਕਾਰ ਬੁਰੀ ਤਰ੍ਹਾਂ ਫੇਲ੍ਹ, ਪੰਜਾਬ 'ਚ ਕਾਨੂੰਨ-ਵਿਵਸਥਾ ਵੀ ਤਹਿਸ-ਨਹਿਸ: ਬੀਬੀ ਰਣਜੀਤ ਕੌਰ

## ਪਰਮਿੰਦਰ ਸਿੰਘ ਝੋਟੇ ਕਤਲ ਕਾਂਡ ਦੀ ਸੀ.ਬੀ.ਆਈ. ਜਾਂਚ ਤੇ ਮੁੱਖ ਮੰਤਰੀ-ਡੀਜੀਪੀ ਦੇ ਅਸਤੀਫ਼ੇ ਦੀ ਮੰਗ



ਨਵੀਂ ਦਿੱਲੀ 15 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸੀਨੀਅਰ ਮੈਂਬਰ ਬੀਬੀ ਰਣਜੀਤ ਕੌਰ ਨੇ ਪਰਵਿੰਦਰ ਸਿੰਘ ਝੋਟੇ ਦੇ ਕਤਲ ਦੀ ਸਖ਼ਤ ਨਿਖੇਧੀ ਕਰਦਿਆਂ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੂੰ ਤਿੱਖੇ ਸ਼ਬਦਾਂ ਵਿੱਚ ਘੇਰਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦਾ ਕਹਿਰ ਰੋਕਣ ਦੇ ਸਰਕਾਰੀ ਦਾਅਵੇ ਜ਼ਮੀਨੀ ਹਕੀਕਤ ਸਾਹਮਣੇ ਖੋਖਲੇ ਸਾਬਤ ਹੋ ਰਹੇ ਹਨ। ਨਸ਼ਿਆਂ ਦਾ ਫੈਲਾਅ ਨੌਜਵਾਨੀ ਨੂੰ ਤਬਾਹ ਕਰਨ ਦੇ ਨਾਲ-ਨਾਲ ਅਪਰਾਧ ਅਤੇ ਅਸੁਰੱਖਿਆ ਨੂੰ ਵੀ ਵਧਾ ਰਿਹਾ ਹੈ, ਜਦਕਿ ਸਰਕਾਰ ਨਸ਼ਿਆਂ ਦੇ ਨੈੱਟਵਰਕ ਅਤੇ ਅਪਰਾਧੀਆਂ ਨੂੰ ਨੱਥ ਪਾਉਣ ਵਿੱਚ ਨਾਕਾਮ ਰਹੀ ਹੈ। ਬੀਬੀ ਰਣਜੀਤ ਕੌਰ ਨੇ ਪਰਵਿੰਦਰ ਸਿੰਘ ਝੋਟੇ ਦੇ ਪਿਤਾ ਦੀਆਂ ਮੁੱਖ ਮੰਗਾਂ ਦਾ ਸਮਰਥਨ ਕਰਦਿਆਂ ਮੰਗ ਕੀਤੀ ਕਿ ਮੁੱਖ ਮੰਤਰੀ ਅਤੇ ਡੀਜੀਪੀ ਤੁਰੰਤ ਆਪਣੇ ਅਹੁਦਿਆਂ ਤੋਂ ਅਸਤੀਫ਼ਾ ਦੇਣ ਅਤੇ ਪੂਰੇ ਕਤਲ ਕਾਂਡ ਦੀ ਨਿਰਪੱਖ ਸੀ.ਬੀ.ਆਈ. ਜਾਂਚ ਕਰਵਾਈ ਜਾਵੇ। ਐਫਆਈਆਰ ਵਿੱਚ ਸਾਰੇ ਮੁਲਜ਼ਮਾਂ ਨੂੰ ਬਾਏ-ਨਾਮ ਸ਼ਾਮਲ ਕੀਤਾ ਜਾਵੇ ਅਤੇ 'ਆਪ' ਵਿਧਾਇਕ ਵਿਜੇ ਸਿੰਗਲਾ ਨੂੰ ਵੀ ਮਾਮਲੇ ਵਿੱਚ ਨਾਮਜ਼ਦ ਕੀਤਾ ਜਾਵੇ। ਉਨ੍ਹਾਂ ਐਸ.ਐਸ.ਪੀ., ਡੀ.ਐਸ.ਪੀ. ਅਤੇ ਐਸ.ਐਚ.ਓ. ਦੀ ਭੂਮਿਕਾ ਦੀ ਜਾਂਚ ਕਰਕੇ ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਅਤੇ ਡਿਸਮਿਸਲ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਅਸ਼ਵਨੀ ਕੁਮਾਰ ਦੇ ਗੋਲੀ ਚਲਾਉਣ ਤੋਂ ਪਹਿਲਾਂ ਪਿਛਲੇ ਇੱਕ ਘੰਟੇ ਦੀਆਂ ਸਾਰੀਆਂ ਫੋਨ ਕਾਲਾਂ ਦਾ ਵੇਰਵਾ ਜਨਤਕ ਕੀਤਾ ਜਾਵੇ ਅਤੇ ਇਹ ਸਪੱਸ਼ਟ ਕੀਤਾ ਜਾਵੇ ਕਿ ਉਸ ਨੇ ਇਸ ਦੌਰਾਨ ਕਿਸ-ਕਿਸ ਵਿਅਕਤੀ ਨਾਲ ਗੱਲਬਾਤ ਕੀਤੀ ਸੀ। ਉਨ੍ਹਾਂ ਕਿਹਾ ਕਿ ਇਸ ਕਾਲ ਰਿਕਾਰਡ ਦੀ ਨਿਰਪੱਖ ਜਾਂਚ ਨਾਲ ਮਾਮਲੇ ਨਾਲ ਜੁੜੇ ਕਈ ਅਹਿਮ ਤੱਥ ਸਾਹਮਣੇ ਆ ਸਕਦੇ ਹਨ ਅਤੇ ਕਿਸੇ ਵੀ ਸੰਭਾਵਿਤ ਸਾਜ਼ਿਸ਼ ਜਾਂ ਮਿਲੀਭੁਗਤ ਨੂੰ ਬੇਨਕਾਬ ਕਰਨ ਵਿੱਚ ਮਦਦ ਮਿਲ ਸਕਦੀ ਹੈ। ਉਨ੍ਹਾਂ ਪ੍ਰਦਰਸ਼ਨ ਦੌਰਾਨ ਜ਼ਖ਼ਮੀ ਹੋਏ ਸਾਰੇ ਪੀੜਤਾਂ ਨੂੰ ਬਣਦਾ ਮੁਆਵਜ਼ਾ ਦੇਣ ਦੀ ਵੀ ਮੰਗ ਕੀਤੀ। ਬੀਬੀ ਰਣਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਨਸ਼ਿਆਂ ਦੇ ਸਰੋਤਾਂ, ਤਸਕਰੀ ਦੇ ਨੈੱਟਵਰਕ ਅਤੇ ਅਪਰਾਧੀਆਂ ਖ਼ਿਲਾਫ਼ ਨਿਰਪੱਖ ਤੇ ਸਖ਼ਤ ਕਾਰਵਾਈ ਕਰਨੀ ਪਵੇਗੀ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਲੋਕਾਂ ਦੀ ਜਾਨ-ਮਾਲ ਦੀ ਰਾਖੀ ਕਰਨ ਵਿੱਚ ਹੀ ਨਾਕਾਮ ਰਹਿੰਦੀ ਹੈ ਤਾਂ ਉਸਦੀ ਜਵਾਬਦੇਹੀ ਤੈਅ ਕਰਨਾ ਪੰਜਾਬ ਦੇ ਲੋਕਾਂ ਦਾ ਹੱਕ ਹੈ।

# ਭਾਈ ਪਰਮਿੰਦਰ ਸਿੰਘ ਝੋਟਾ ਦੀ ਸ਼ਹਾਦਤ, ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੇ ਦਲਦਲ ਵਿੱਚ ਧੱਕਣ ਵਾਲੇ ਪੂਰੇ ਨੈੱਟਵਰਕ ਦਾ ਕੀਤਾ ਜਾਏ ਪਰਦਾਫਾਸ਼: ਰਤਿੰਦਰ ਸਿੰਘ ਇੰਦੌਰ

## ਪ੍ਰਚੂਨ ਵਿਕਰੇਤਾਵਾਂ ਤੋਂ ਲੈ ਕੇ ਡਿਸਟ੍ਰੀਬਿਊਟਰਾਂ, ਸਟਾਕਿਸਟਾਂ ਅਤੇ ਫਾਰਮਾਸਿਊਟੀਕਲ ਕੰਪਨੀਆਂ ਤੱਕ ਤੈਅ ਕੀਤੀ ਜਾਵੇ ਜਵਾਬਦੇਹੀ



**ਨਵੀਂ ਦਿੱਲੀ 15 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਭਾਈ ਪਰਮਿੰਦਰ ਸਿੰਘ ਝੋਟਾ ਦੀ ਸ਼ਹਾਦਤ ਨੂੰ ਕੋਟਿ-ਕੋਟਿ ਨਮਸਕਾਰ ਕਰਦਿਆਂ ਸਿਖ ਚਿੰਤਕ ਭਾਈ ਰਤਿੰਦਰ ਸਿੰਘ ਇੰਦੌਰ ਨੇ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਕੰਮ ਕਰ ਰਹੇ ਸਮੁੱਚੇ ਤੰਤਰ ਦੀ ਜਵਾਬਦੇਹੀ ਤੈਅ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਮੈਡੀਕਲ ਸਟੋਰ ਜਾਂ ਛੋਟੇ ਵਿਕਰੇਤਾ ਵੱਲੋਂ ਨਸ਼ੀਲੇ ਪਦਾਰਥਾਂ ਦੀ ਗੈਰ-ਕਾਨੂੰਨੀ ਵਿਕਰੀ ਕੀਤੀ ਜਾਂਦੀ ਹੈ ਤਾਂ ਸਵਾਲ ਇਹ ਵੀ ਉੱਠਦਾ ਹੈ ਕਿ ਉਸ ਨੂੰ ਇਹ ਪਦਾਰਥ ਸਪਲਾਈ ਕੌਣ ਕਰਦਾ ਹੈ ? ਡਿਸਟ੍ਰੀਬਿਊਟਰਾਂ ਅਤੇ ਸਟਾਕਿਸਟਾਂ ਤੱਕ ਮਾਲ ਕਿੱਥੋਂ ਪਹੁੰਚਦਾ ਹੈ ਅਤੇ ਇਸ ਪੂਰੇ ਨੈੱਟਵਰਕ ਵਿੱਚ ਹੋਰ ਕੌਣ-ਕੌਣ ਸ਼ਾਮਲ ਹੈ ? ਉਨ੍ਹਾਂ ਕਿਹਾ ਕਿ ਸਿਰਫ਼ ਛੋਟੇ ਮੋਹਰਿਆਂ ਵਿਰੁੱਧ ਕਾਰਵਾਈ ਕਰਕੇ ਨਸ਼ਿਆਂ ਦੀ ਸਮੱਸਿਆ ਖ਼ਤਮ ਨਹੀਂ ਹੋ ਸਕਦੀ। ਜਦੋਂ ਤੱਕ ਸਪਲਾਈ ਚੇਨ ਦੇ ਹਰ ਪੱਧਰ ਦੀ ਨਿਰਪੱਖ ਜਾਂਚ ਨਹੀਂ ਹੁੰਦੀ ਅਤੇ ਅਸਲ ਦੋਸ਼ੀਆਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਨਹੀਂ ਲਿਆਂਦਾ ਜਾਂਦਾ, ਉਦੋਂ ਤੱਕ ਨਸ਼ਿਆਂ ਵਿਰੁੱਧ ਜੰਗ ਅਧੂਰੀ ਰਹੇਗੀ। ਭਾਈ ਰਤਿੰਦਰ ਸਿੰਘ ਇੰਦੌਰ ਨੇ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚ ਧੱਕਣ ਵਾਲੇ ਕਿਸੇ ਵੀ ਗੈਰ-ਕਾਨੂੰਨੀ ਨੈੱਟਵਰਕ ਨੂੰ ਬੇਨਕਾਬ ਕਰਨਾ ਸਮੇਂ ਦੀ ਵੱਡੀ ਲੋੜ ਹੈ। ਉਨ੍ਹਾਂ ਸਵਾਲ ਕੀਤਾ ਕਿ ਜੇਕਰ ਕਿਸੇ ਇੱਕ ਦੁਕਾਨ 'ਤੇ ਕਾਰਵਾਈ ਕਰਕੇ, ਕਿਸੇ ਦੀ ਦੁਕਾਨ ਢਾਹ ਕੇ ਜਾਂ ਕੁਝ ਵਿਅਕਤੀਆਂ ਨੂੰ ਜੇਲ੍ਹ ਭੇਜ ਕੇ ਪ੍ਰਸ਼ਾਸਨ ਆਪਣੀ ਜ਼ਿੰਮੇਵਾਰੀ ਪੂਰੀ ਹੋਈ ਮੰਨ ਲੈਂਦਾ ਹੈ ਤਾਂ ਵੱਡੇ ਸਪਲਾਇਰਾਂ ਅਤੇ ਕਥਿਤ ਸਰਗਨਿਆਂ ਦੀ ਜਾਂਚ ਕੌਣ ਕਰੇਗਾ ? ਉਨ੍ਹਾਂ ਕਿਹਾ ਕਿ ਜੇਕਰ ਕਿਸੇ ਫਾਰਮਾਸਿਊਟੀਕਲ ਕੰਪਨੀ, ਡਿਸਟ੍ਰੀਬਿਊਟਰ, ਸਟਾਕਿਸਟ ਜਾਂ ਹੋਰ ਸੰਸਥਾ ਦੀ ਗੈਰ-ਕਾਨੂੰਨੀ ਕਾਰੋਬਾਰ ਵਿੱਚ ਸ਼ਮੂਲੀਅਤ ਦੇ ਸਬੂਤ ਮਿਲਦੇ ਹਨ ਤਾਂ ਉਸ ਵਿਰੁੱਧ ਵੀ ਸਖ਼ਤ ਕਾਨੂੰਨੀ ਕਾਰਵਾਈ ਹੋਣੀ ਚਾਹੀਦੀ ਹੈ। ਭਾਈ ਪਰਮਿੰਦਰ ਸਿੰਘ ਝੋਟਾ ਦੇ ਸੰਘਰਸ਼ ਨੂੰ ਕੁਝ ਦਿਨਾਂ ਦੀ ਸਿਆਸੀ ਬਿਆਨਬਾਜ਼ੀ ਜਾਂ ਇੱਕ-ਦੂਜੇ 'ਤੇ ਦੋਸ਼ ਲਗਾਉਣ ਤੱਕ ਸੀਮਤ ਕਰਨਾ ਉਨ੍ਹਾਂ ਦੇ ਮਿਸ਼ਨ ਨਾਲ ਇਨਸਾਫ਼ ਨਹੀਂ ਹੋਵੇਗਾ। ਨਸ਼ਿਆਂ ਦੇ ਕਾਰੋਬਾਰ ਦੀਆਂ ਜੜ੍ਹਾਂ ਤੱਕ ਪਹੁੰਚਣ ਲਈ ਤੱਥਾਂ, ਸਬੂਤਾਂ ਅਤੇ ਨਿਰਪੱਖ ਜਾਂਚ ਦੇ ਆਧਾਰ 'ਤੇ ਕਾਰਵਾਈ ਕਰਨੀ ਲਾਜ਼ਮੀ ਹੈ। ਓਨ੍ਹਾ ਗੁਰੂ ਸਾਹਿਬਾਨ ਦੀ ਬਾਣੀ ਦਾ ਹਵਾਲਾ ਦਿੰਦਿਆਂ ਕਿਹਾ, "ਅਕਲੀ ਸਾਹਿਬ ਸੇਵੀਐ ਅਕਲੀ ਪਾਈਐ ਮਾਨੁ॥" ਸਿੱਖ ਇਤਿਹਾਸ ਦੀਆਂ ਮਹਾਨ ਸ਼ਹਾਦਤਾਂ ਸਾਨੂੰ ਜ਼ੁਲਮ ਅਤੇ ਅਨਿਆਂ ਵਿਰੁੱਧ ਡਟਣ ਦੀ ਪ੍ਰੇਰਣਾ ਦਿੰਦੀਆਂ ਹਨ। ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹਾਦਤ ਅਤੇ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀਆਂ ਕੁਰਬਾਨੀਆਂ ਮਨੁੱਖਤਾ ਅਤੇ ਸੱਚ ਦੀ ਰਾਖੀ ਲਈ ਅਡੋਲ ਰਹਿਣ ਦਾ ਸੰਦੇਸ਼ ਦਿੰਦੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣਾ ਸਿਰਫ਼ ਕਿਸੇ ਇੱਕ ਵਿਅਕਤੀ ਜਾਂ ਜਥੇਬੰਦੀ ਦੀ ਜ਼ਿੰਮੇਵਾਰੀ ਨਹੀਂ, ਸਗੋਂ ਸਮੁੱਚੇ ਸਮਾਜ ਦਾ ਫ਼ਰਜ਼ ਹੈ। ਭਾਈ ਪਰਮਿੰਦਰ ਸਿੰਘ ਝੋਟਾ ਨੂੰ ਸੱਚੀ ਸ਼ਰਧਾਂਜਲੀ ਇਹੀ ਹੋਵੇਗੀ ਕਿ ਨਸ਼ਿਆਂ ਦੀ ਸਪਲਾਈ ਦੇ ਸਰੋਤਾਂ ਦੀ ਪਛਾਣ ਹੋਵੇ, ਦੋਸ਼ੀਆਂ ਦੀ ਜਵਾਬਦੇਹੀ ਤੈਅ ਕੀਤੀ ਜਾਵੇ ਅਤੇ ਨੌਜਵਾਨ ਪੀੜ੍ਹੀ ਨੂੰ ਇਸ ਬੁਰਾਈ ਤੋਂ ਬਚਾਉਣ ਲਈ ਠੋਸ ਕਦਮ ਚੁੱਕੇ ਜਾਣ। ਨਸ਼ਿਆਂ ਵਿਰੁੱਧ ਸੰਘਰਸ਼ ਨੂੰ ਸਿਆਸੀ ਨਾਅਰਿਆਂ ਤੋਂ ਅੱਗੇ ਲਿਜਾ ਕੇ ਨਤੀਜਿਆਂ ਤੱਕ ਪਹੁੰਚਾਉਣਾ ਹੀ ਸਮੇਂ ਦੀ ਸਭ ਤੋਂ ਵੱਡੀ ਮੰਗ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪਰਮਿੰਦਰ ਸਿੰਘ ਝੋਟਾ ਨੂੰ ਇਨਸਾਫ ਦਵਾਉਣ ਲਈ

# ਪੰਜਾਬ ਬੰਦ ਦੇ ਸੱਦੇ ਨੂੰ ਸਮੁੱਚੀਆਂ ਜਥੇਬੰਦੀਆਂ ਵੱਲੋਂ ਪੂਰਨ ਸਮਰਥਨ







**ਅੰਮ੍ਰਿਤਸਰ 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਸ੍ਰ ਪਰਮਿੰਦਰ ਸਿੰਘ ਝੋਟਾ ਦੇ ਕਤਲ ਦੇ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਲੈ ਕੇ ਦਿੱਤੇ ਗਏ ਪੰਜਾਬ ਬੰਦ ਦੇ ਸੱਦੇ ਨੂੰ ਸਮੁੱਚੀਆਂ ਜਥੇਬੰਦੀਆਂ ਵੱਲੋਂ ਪੂਰਨ ਸਮਰਥਨ ਮਿਲਿਆ। ਇਸ ਸੱਦੇ ਦੇ ਤਹਿਤ ਅੰਮ੍ਰਿਤਸਰ ਸ਼ਹਿਰ ਵਿੱਚ ਮੁਕੰਮਲ ਬੰਦ ਦੇਖਣ ਨੂੰ ਮਿਲਿਆ ਅਤੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਇਨਸਾਫ਼ ਦੀ ਆਵਾਜ਼ ਨੂੰ ਬੁਲੰਦ ਕੀਤਾ। ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਸਮੁੱਚੀ ਸ਼ਹਿਰੀ ਟੀਮ ਨੇ ਸੀਨੀਅਰ ਆਗੂ ਅਤੇ ਮੀਡੀਆ ਇੰਚਾਰਜ ਪੰਜਾਬ ਭਾਈ ਸ਼ਮਸ਼ੇਰ ਸਿੰਘ ਪੱਧਰੀ ਦੀ ਅਗਵਾਈ ਹੇਠ ਬੰਦ ਨੂੰ ਸਫ਼ਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਇਸ ਮੌਕੇ ਉਹਨਾਂ ਦੇ ਨਾਲ ਭਾਈ ਸੁਖਬੀਰ ਸਿੰਘ ਚੀਮਾਂ ( ਪ੍ਰਧਾਨ ਯੂਥ ਦਲ ਸ਼ਹਿਰੀ ), ਬੀਬੀ ਨਵਦੀਪ ਕੌਰ ( ਪ੍ਰਧਾਨ ਇਸਤਰੀ ਵਿੰਗ ਸ਼ਹਿਰੀ ), ਬੀਬੀ ਰਾਜਵੰਤ ਕੌਰ, ਬੀਬੀ ਰਣਜੀਤ ਕੌਰ ਰਾਣੀ, ਸ੍ਰ ਰਣਜੀਤ ਸਿੰਘ, ਸ੍ਰ ਬਲਜੀਤ ਸਿੰਘ ਚਾਟੀਵਿੰਡ, ਸ੍ਰ ਹਰਕਮਲਪ੍ਰੀਤ ਸਿੰਘ, ਭਾਈ ਜਰਮਨਦੀਪ ਸਿੰਘ, ਸ੍ਰ ਮਹਿੰਦਰਪਾਲ ਸਿੰਘ ਤੁੰਗ, ਭਾਈ ਹਰਪ੍ਰੀਤ ਸਿੰਘ, ਡਾਕਟਰ ਬਰਿੰਦਰ ਸਿੰਘ, ਭਾਈ ਪ੍ਰਗਟ ਸਿੰਘ ਮੀਰਾਂਕੋਟ, ਭਾਈ ਲਵਜੀਤ ਸਿੰਘ ਵੇਰਕਾ, ਸ੍ਰੀ ਅਮਨ ਕੁਮਾਰ, ਬਾਬਾ ਗੁਰਪਾਲ ਸਿੰਘ, ਸ੍ਰ ਜਸਪਾਲ ਸਿੰਘ, ਸ੍ਰ ਜਸਪਾਲ ਸਿੰਘ ਸਾਹਬੀ, ਸ੍ਰ ਜਰਨੈਲ ਸਿੰਘ, ਭਾਈ ਪਾਰਸ ਸਿੰਘ ਖ਼ਾਲਸਾ, ਭਾਈ ਕੁਲਵਿੰਦਰ ਸਿੰਘ ਵਡਾਲੀ, ਸ੍ਰੀ ਅੰਕੁਸ਼ ਵਾਲਮੀਕੀ, ਬਾਬਾ ਲਖਦੀਪ ਸਿੰਘ, ਸ੍ਰ ਸਰਬਜੀਤ ਸਿੰਘ ਨੌਸ਼ਹਿਰਾ, ਭਾਈ ਹਰਪ੍ਰੀਤ ਸਿੰਘ, ਸ੍ਰ ਪ੍ਰਭਜੋਤ ਸਿੰਘ, ਭਾਈ ਕੰਵਲਜੀਤ ਸਿੰਘ ਮਾਨਾਂਵਾਲਾ, ਭਾਈ ਅਜੇ ਸਿੰਘ ਜੀ, ਭਾਈ ਰਣਜੋਧ ਸਿੰਘ ਜੀ, ਭਾਈ ਲਖਵਿੰਦਰ ਸਿੰਘ ਜੀ ਅਤੇ ਵੱਡੀ ਗਿਣਤੀ ਵਿੱਚ ਵਰਕਰ ਤੇ ਆਗੂ ਸਹਿਬਾਨ ਮੌਜੂਦ ਸਨ। ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨੇ ਸ਼ਹਿਰ ਵਿੱਚ ਲੋਕਾਂ ਨਾਲ ਸੰਪਰਕ ਕਰਦਿਆਂ ਪੰਜਾਬ ਬੰਦ ਦੇ ਸੱਦੇ ਨੂੰ ਭਰਵਾਂ ਸਮਰਥਨ ਦੇਣ ਦੀ ਅਪੀਲ ਕੀਤੀ। ਇਸ ਮੌਕੇ ਵੱਖ-ਵੱਖ ਆਗੂਆਂ ਨੇ ਕਿਹਾ ਕਿ ਸ੍ਰ. ਪਰਮਿੰਦਰ ਸਿੰਘ ਝੋਟਾ ਦਾ ਮਾਮਲਾ ਪੰਜਾਬ ਵਿੱਚ ਨਸ਼ਿਆਂ ਦੇ ਖ਼ਾਤਮੇ ਲਈ ਸੰਘਰਸ਼ ਕਰ ਰਹੇ ਲੋਕਾਂ ਦੀ ਸੁਰੱਖਿਆ ਨਾਲ ਜੁੜਿਆ ਇੱਕ ਗੰਭੀਰ ਮੁੱਦਾ ਹੈ। ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ। ਇਸ ਮਾਮਲੇ ਵਿੱਚ ਨਿਰਪੱਖ ਜਾਂਚ ਕਰਵਾਈ ਜਾਵੇ, ਦੋਸ਼ੀਆਂ ਨੂੰ ਕਾਨੂੰਨ ਅਨੁਸਾਰ ਸਖ਼ਤ ਸਜ਼ਾ ਦਿਵਾਈ ਜਾਵੇ ਅਤੇ ਪੀੜਤ ਪਰਿਵਾਰ ਨੂੰ ਇਨਸਾਫ਼ ਦਿੱਤਾ ਜਾਵੇ। ਇਸ ਮੌਕੇ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਕਿਹਾ ਕਿ ਪੰਜਾਬ ਦੇ ਲੋਕ ਨਸ਼ਿਆਂ ਦੇ ਖ਼ਾਤਮੇ ਅਤੇ ਇਨਸਾਫ਼ ਦੀ ਪ੍ਰਾਪਤੀ ਲਈ ਇਕਜੁੱਟ ਹਨ। ਅਕਾਲੀ ਦਲ ਵਾਰਿਸ ਪੰਜਾਬ ਦੇ ਹਮੇਸ਼ਾ ਪੰਜਾਬ ਦੇ ਹੱਕਾਂ, ਲੋਕਾਂ ਦੀ ਸੁਰੱਖਿਆ ਅਤੇ ਸਮਾਜਿਕ ਬੁਰਾਈਆਂ ਵਿਰੁੱਧ ਸੰਘਰਸ਼ ਕਰਨ ਵਾਲਿਆਂ ਦੇ ਨਾਲ ਖੜ੍ਹਾ ਹੈ। ਅੰਤ ਵਿੱਚ ਪਾਰਟੀ ਦੀ ਸ਼ਹਿਰੀ ਟੀਮ ਵੱਲੋਂ ਪੰਜਾਬ ਬੰਦ ਦੇ ਸੱਦੇ ਨੂੰ ਸਮਰਥਨ ਦੇਣ ਵਾਲੀਆਂ ਸਮੁੱਚੀਆਂ ਜਥੇਬੰਦੀਆਂ, ਵਪਾਰੀਆਂ, ਦੁਕਾਨਦਾਰਾਂ ਅਤੇ ਸ਼ਹਿਰ ਵਾਸੀਆਂ ਦਾ ਧੰਨਵਾਦ ਕੀਤਾ ਗਿਆ ਅਤੇ ਸਰਕਾਰ ਤੋਂ ਮੰਗ ਕੀਤੀ ਗਈ ਕਿ ਪਰਮਿੰਦਰ ਸਿੰਘ ਝੋਟਾ ਦੇ ਮਾਮਲੇ ਵਿੱਚ ਪੀੜਤ ਪਰਿਵਾਰ ਨੂੰ ਜਲਦ ਇਨਸਾਫ਼ ਦਿਵਾਉਣ ਲਈ ਠੋਸ ਕਦਮ ਚੁੱਕੇ ਜਾਣ।

**ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਵੱਡੇ ਰੂਪ ਵਿੱਚ ਸ਼ਮੂਲੀਅਤ, ਅੰਮ੍ਰਿਤਸਰ ਸ਼ਹਿਰ ਮੁਕੰਮਲ ਬੰਦ**

ਆਵਾਜ਼ਿ ਕੌਮ AWAZE QAUM
International Newspaper & WEB TV

## ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਵਿਖੇ ਵੱਖ-ਵੱਖ ਪਿੰਡਾਂ ਦੇ ਸਰਪੰਚਾਂ ਅਤੇ ਪੰਚਾਇਤ ਮੈਂਬਰਾਂ ਨੇ ਪੌਦੇ ਲਗਾ ਕੇ ਦਿੱਤਾ ਵਾਤਾਵਰਨ ਸੰਭਾਲ ਦਾ ਸੰਦੇਸ਼



ਤਲਵੰਡੀ ਸਾਬੋ, 15 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਵਿਖੇ ਭਾਗੀਵਾਂਦਰ ਅਤੇ ਮਾਹੀਨੰਗਲ ਦੇ ਪਿੰਡਾਂ ਦੇ ਸਰਪੰਚਾਂ ਅਤੇ ਪੰਚਾਇਤ ਮੈਂਬਰਾਂ ਵੱਲੋਂ ਵਿਸ਼ੇਸ਼ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਸਕੂਲ ਦੇ ਵਿਹੜੇ ਵਿੱਚ ਪੌਦੇ ਲਗਾ ਕੇ ਵਾਤਾਵਰਨ ਦੀ ਸੰਭਾਲ ਅਤੇ ਹਰਿਆਵਲ ਨੂੰ ਵਧਾਉਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਸਕੂਲ ਪ੍ਰਧਾਨ ਸ੍ਰੀ ਲਗਨ ਖੁਰਾਣਾ, ਚੇਅਰਮੈਨ ਸ੍ਰੀ ਵਿਨੋਦ ਖੁਰਾਣਾ ਅਤੇ ਪ੍ਰਿੰਸੀਪਲ ਮੈਡਮ ਮੀਨੂੰ ਗਰਗ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਭਾਗੀਵਾਂਦਰ ਪਿੰਡ ਦੇ ਸਰਪੰਚ ਜਗਸੀਰ ਸਿੰਘ, ਪੰਚਾਇਤ ਮੈਂਬਰ ਦਰਸ਼ਨ ਸਿੰਘ, ਦਰਸ਼ਨ ਸਿੰਘ, ਜਗਜੀਤ ਸਿੰਘ, ਜਗਤਾਰ ਸਿੰਘ, ਜਸਵੀਰ ਸਿੰਘ, ਨਛੱਤਰ ਸਿੰਘ, ਗੁਰਵਿੰਦਰ ਸਿੰਘ ਵੱਲੋਂ ਪਿੰਡ ਭਾਗੀਵਾਂਦਰ ਅਤੇ ਮਾਹੀਨੰਗਲ ਪਿੰਡ ਦੇ ਸਰਪੰਚ ਸੁਖਮੰਦਰ ਸਿੰਘ ਪੰਚਾਇਤ ਮੈਂਬਰਾਂ ਸੁਖਵਿੰਦਰਪਾਲ ਸਿੰਘ, ਨਾਇਬ ਸਿੰਘ ਨੇ ਸਕੂਲ ਦੇ ਵੱਖ-ਵੱਖ ਹਿੱਸਿਆਂ ਦਾ ਦੌਰਾ ਕੀਤਾ ਅਤੇ ਸਕੂਲ ਵਿੱਚ ਵਿਦਿਆਰਥੀਆਂ ਨੂੰ ਦਿੱਤੀਆਂ ਜਾ ਰਹੀਆਂ ਸਿੱਖਿਆ ਸਬੰਧੀ ਸਹੂਲਤਾਂ, ਅਨੁਸ਼ਾਸਨ ਅਤੇ ਹੋਰ ਗਤੀਵਿਧੀਆਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਉਨ੍ਹਾਂ ਨੇ ਸਕੂਲ ਦੇ ਸਿੱਖਿਆ ਪ੍ਰਬੰਧਾਂ ਅਤੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ। ਸਕੂਲ ਪ੍ਰਧਾਨ ਸ੍ਰੀ ਲਗਨ ਖੁਰਾਣਾ, ਸ੍ਰੀ ਵਿਨੋਦ ਖੁਰਾਣਾ, ਪ੍ਰਿੰਸੀਪਲ ਮੈਡਮ ਮੀਨੂੰ ਗਰਗ, ਸੀਨੀਅਰ ਕੋਆਰਡੀਨੇਟਰ ਮੈਡਮ ਬੇਅੰਤ ਕੌਰ ਅਤੇ ਸੁਨੀਤਾ ਰਾਣੀ ਵੱਲੋਂ ਸਮੂਹ ਸਰਪੰਚਾਂ ਅਤੇ ਪੰਚਾਇਤ ਮੈਂਬਰਾਂ ਦਾ ਸਕੂਲ ਵਿੱਚ ਪਹੁੰਚਣ ਲਈ ਧੰਨਵਾਦ ਕੀਤਾ ਗਿਆ ਤੇ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਵੀ ਭੇਟ ਕੀਤੇ ਗਏ। ਇਸ ਤਰ੍ਹਾਂ ਇਹ ਉਪਰਾਲਾ ਵਾਤਾਵਰਨ ਦੀ ਸੰਭਾਲ ਦੇ ਨਾਲ-ਨਾਲ ਸਕੂਲ ਅਤੇ ਪਿੰਡਾਂ ਦੀਆਂ ਪੰਚਾਇਤਾਂ ਵਿਚਕਾਰ ਆਪਸੀ ਸਾਂਝ ਅਤੇ ਸਹਿਯੋਗ ਨੂੰ ਮਜ਼ਬੂਤ ਕਰਨ ਦਾ ਇੱਕ ਸ਼ਲਾਘਾਯੋਗ ਕਦਮ ਸਾਬਤ ਹੋਇਆ।

ਆਵਾਜ਼ਿ ਕੌਮ AWAZE QAUM
International Newspaper & WEB TV

## ਗੁਰਦੁਆਰਾ ਗੁਰੂ ਨਾਨਕ ਪੁਰੀ ਗੁਰਮਤਿ ਵਿਦਿਆਲਾ ਦਮਦਮੀ ਟਕਸਾਲ ਪਿੰਡ ਬੁੱਕਣ ਖਾਂ ਵਿਖੇ ਹੋਣ ਵਾਲੇ ਸਮਾਗਮਾਂ ਦੀ ਲਈ ਸਮੀਖਿਆ





**ਫ਼ਿਰੋਜ਼ਪੁਰ, 15 ਅਕਤੂਬਰ (ਮਨੋਹਰ ਲਾਲ) :—** ਗੁਰਦੁਆਰਾ ਗੁਰੂ ਨਾਨਕ ਪੁਰੀ ਗੁਰਮਤਿ ਵਿਦਿਆਲਾ ਦਮਦਮੀ ਟਕਸਾਲ ਪਿੰਡ ਬੁੱਕਣ ਖਾਂ ਵਾਲਾ ਵਿਖੇ ਧੰਨ—ਧੰਨ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ ਦੇ ਪ੍ਰਕਾਸ਼ ਦਿਹਾੜੇ ਅਤੇ ਸਾਕਾ ਪੰਜਾ ਸਾਹਿਬ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਇਕ ਨਵੰਬਰ ਦਿਨ ਐਤਵਾਰ (16 ਕੱਤਕ 2026) ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਇਹ ਜਾਣਕਾਰੀ ਗੁਰਦੁਆਰਾ ਗੁਰੂ ਨਾਨਕ ਪੁਰੀ ਗੁਰਮਤਿ ਵਿਦਿਆਲਾ ਦਮਦਮੀ ਟਕਸਾਲ ਪਿੰਡ ਬੁਕਣ ਖਾਂ ਦੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਸੁਖਦੇਵ ਸਿੰਘ ਬੁਕਣ ਖਾਂ, ਗਿਆਨੀ ਬਲਰਾਜ ਸਿੰਘ ਅਤੇ ਜਥੇਦਾਰ ਗੁਰਦੀਪ ਸਿੰਘ ਨੇ ਗੱਲਬਾਤ ਕਰਦਿਆਂ ਕਿਹਾ ਕਿ ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਸਿੱਖ ਕੌਮ ਦੇ ਮਹਾਨ ਸਿੰਘ ਸਾਹਿਬ ਗਿਆਨੀ ਪਰਮਿੰਦਰ ਸਿੰਘ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ, ਗਿਆਨੀ ਬਲਬੀਰ ਸਿੰਘ ਦਮਦਮੀ ਟਕਸਾਲ ਯੂਕੇ ਵਾਲੇ, ਰਾਗੀ ਭਾਈ ਸਰਬਜੀਤ ਸਿੰਘ ਯੂ.ਐਸ.ਏ, ਰਾਗੀ ਭਾਈ ਸਹਿਜਪਾਲ ਸਿੰਘ ਗੁਰਮਤਿ ਵਿਦਿਆਲਾ ਦਮਦਮੀ ਟਕਸਾਲ ਰੱਤਾ ਖੇੜਾ ਸੰਗਰੂਰ ਰਬਾਬ ਰਾਹੀਂ ਕੀਰਤਨ ਦੀ ਹਾਜਰੀ ਭਰਨਗੇ। ਇਸ ਤੋਂ ਇਲਾਵਾ ਢਾਡੀ ਜਥਾ ਸੁਖਨਿੰਦਰ ਸਿੰਘ ਆਰਫ ਸਭਰਾਵਾਂ ਵਾਲੇ, ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ, ਜਥੇਦਾਰ ਬਾਬਾ ਸੁਖਦੇਵ ਸਿੰਘ ਅਤੇ ਗਿਆਨੀ ਬਲਰਾਜ ਸਿੰਘ, ਜਥੇਦਾਰ ਗੁਰਦੀਪ ਸਿੰਘ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਭਾਰੀ ਗਿਣਤੀ ਵਿੱਚ ਸੰਤ ਮਹਾਂਪੁਰਖ ਹਾਜ਼ਰੀ ਭਰਨਗੇ ਜਿਨ੍ਹਾਂ ਵਿੱਚ ਬਾਬਾ ਬਲਦੇਵ ਸਿੰਘ ਜੋਗੇਵਾਲਾ, ਬਾਬਾ ਛਿੰਦਰ ਸਿੰਘ ਸਭਰਾਵਾਂ ਵਾਲੇ, ਬਾਬਾ ਹਰਭਜਨ ਸਿੰਘ ਕਾਰ ਸੇਵਾ ਜੰਡ ਸਾਹਿਬ ਵਾਲੇ, ਬਾਬਾ ਸਤਨਾਮ ਸਿੰਘ ਹਜੂਰ ਸਾਹਿਬ ਵਾਲੇ, ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ, ਬਾਬਾ ਅਵਤਾਰ ਸਿੰਘ ਸਾਧਾਂ ਵਾਲੇ, ਬਾਬਾ ਦਰਸ਼ਨ ਸਿੰਘ ਬੋਰੀ ਵਾਲੇ, ਬਾਬਾ ਜੋਰਾ ਸਿੰਘ ਤਲਵੰਡੀ ਭਾਈ, ਬਾਬਾ ਸੁੱਚਾ ਸਿੰਘ ਕਾਰ ਸੇਵਾ, ਬਾਬਾ ਸੁਖਜੀਤ ਸਿੰਘ ਫਿਰੋਜਪੁਰ ਵਾਲੇ, ਬਾਬਾ ਗੁਰਮੇਲ ਸਿੰਘ ਕਾਰ ਸੇਵਾ ਬਜੀਦਪੁਰ ਵਾਲੇ, ਬਾਬਾ ਸਤਨਾਮ ਸਿੰਘ ਵਲੀਆਂ ਵਾਲੇ, ਬਾਬਾ ਭਗਤ ਮਿਲਖਾ ਸਿੰਘ ਅਰਮਾਨਪੁਰਾ ਵਾਲੇ, ਬਾਬਾ ਗੁਰਦਿਆਲ ਸਿੰਘ ਲੰਗਿਆਣਾ, ਬਾਬਾ ਪ੍ਰਤਾਪ ਸਿੰਘ ਬੰਡਾਲਾ, ਬਾਬਾ ਪੂਰਨ ਸਿੰਘ ਝੋਕ ਹਰੀਹਰ, ਬਾਬਾ ਅਜੀਤ ਪਾਲ ਸਿੰਘ ਪਾਲੀ ਨਾਨਕਸਰ ਠਾਠ ਗੋਬਿੰਦ ਨਗਰ ਵਾਲੇ, ਭਾਈ ਅਮਰਜੀਤ ਸਿੰਘ ਕਣਕਵਾਲ, ਭਾਈ ਰਸ਼ਪਾਲ ਸਿੰਘ ਝੋਕ ਮੋਹੜੇ, ਗਿਆਨੀ ਗੁਰਸਰਨ ਸਿੰਘ ਭਲੂਰ, ਭਾਈ ਪਿੱਪਲ ਸਿੰਘ ਦਮਦਮਾ ਸਾਹਿਬ, ਭਾਈ ਬਲਕਾਰ ਸਿੰਘ ਇਲਮੇਵਾਲੇ, ਭਾਈ ਅਵਤਾਰ ਸਿੰਘ ਘੋਲੀਆ, ਭਾਈ ਗੁਰਨੇਕ ਸਿੰਘ ਸੰਗਰਾਹੂਰ, ਗਿਆਨੀ ਬਲਵਿੰਦਰ ਸਿੰਘ ਬਜੀਦਪੁਰ ਸਾਹਿਬ, ਭਾਈ ਨਿਰਮਲ ਸਿੰਘ ਰੱਤਾ ਖੇੜਾ, ਭਾਈ ਦਵਿੰਦਰ ਸਿੰਘ ਗੁਲਾਮੀ ਵਾਲਾ, ਭਾਈ ਚਮਕੌਰ ਸਿੰਘ ਜਨਮ ਸਥਾਨ ਬਾਬਾ ਦੀਪ ਸਿੰਘ ਜੀ ਪਹੁਵਿੰਡ, ਭਾਈ ਜਸਮੇਲ ਸਿੰਘ ਹਕੂਮਤ ਸਿੰਘ ਵਾਲਾ, ਭਾਈ ਜੱਸਾ ਸਿੰਘ ਜਗਾ ਰਾਮ ਤੀਰਥ ਰਾਗੀ ਬੋਹੜ ਸਿੰਘ ਮਹਿਮਾ ਰਾਗੀ, ਗੁਰਸੇਵਕ ਸਿੰਘ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਮਹਾਂਪੁਰਸ਼ ਪਹੁੰਚ ਕੇ ਗੁਰੂ ਘਰ ਵਿੱਚ ਹਾਜਰੀ ਲਾਉਣਗੇ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਜਥੇਦਾਰ ਗੁਰਦੀਪ ਸਿੰਘ ਬੁਕਣ ਖਾਂ ਵਾਲੇ ਤਨੋ ਮਨੋ ਧੰਨੋ ਸੇਵਾ ਕਰਨਗੇ। ਇਸ ਮੌਕੇ ਤੇ ਜਥੇਦਾਰ ਬਾਬਾ ਸੁਖਦੇਵ ਸਿੰਘ, ਗਿਆਨੀ ਬਲਰਾਜ ਸਿੰਘ ਅਤੇ ਜਥੇਦਾਰ ਗੁਰਦੀਪ ਸਿੰਘ ਬੁਕਣ ਖਾਂ ਵਾਲਿਆਂ ਨੇ ਸਮੂਹ ਇਲਾਕਾ ਭਰ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਇਕ ਨਵੰਬਰ ਦਿਨ ਐਤਵਾਰ ਨੂੰ ਗੁਰੂ ਘਰ ਪਹੁੰਚ ਕੇ ਆਏ ਹੋਏ ਮਹਾਂਪੁਰਖਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਓ। ਉਨ੍ਹਾਂ ਦੱਸਿਆ ਕਿ ਆਈ ਸੰਗਤ ਲਈ ਗੁਰੂ ਕੇ ਲੰਗਰ ਅਤੁੱਟ ਵਰਤਾਏ ਜਾਣਗੇ।

ਆਵਾਜ਼ਿ ਕੌਮ AWAZE QAUM
International Newspaper & WEB TV

ਆਵਾਜ਼ਿ ਕੌਮ AWAZE QAUM

## ਟੀ.ਬੀ.ਐਸ. ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ

# ਸਾਡਾ ਪਿੰਡ ਵਿੱਚ ਪੰਜਾਬੀ ਸੱਭਿਆਚਾਰ ਤੇ ਵਿਰਾਸਤ ਨੂੰ ਨੇੜਿਓਂ ਜਾਣਿਆ



**ਫ਼ਿਰੋਜ਼ਪੁਰ, 15 ਅਕਤੂਬਰ (ਮਨੋਹਰ ਲਾਲ) :—** ਫ਼ਿਰੋਜ਼ਪੁਰ—ਮੋਗਾ ਰੋਡ 'ਤੇ ਸਥਿਤ ਟੀ.ਬੀ.ਐਸ. ਇੰਟਰਨੈਸ਼ਨਲ ਸਕੂਲ ਵੱਲੋਂ ਪਹਿਲੇ ਪੜਾਅ ਦੀਆਂ ਪ੍ਰੀਖਿਆਵਾਂ ਦੇ ਸਫਲਤਾਪੂਰਵਕ ਸਮਾਪਤ ਹੋਣ ਉਪਰੰਤ ਵਿਦਿਆਰਥੀਆਂ ਲਈ ਅੰਮ੍ਰਿਤਸਰ ਸਥਿਤ ਸਾਡਾ ਪਿੰਡ ਦਾ ਵਿੱਦਿਅਕ ਦੌਰਾ ਕਰਵਾਇਆ ਗਿਆ। ਸਕੂਲ ਦੇ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਦੀ ਦੇਖ—ਰੇਖ ਹੇਠ ਕਰਵਾਏ ਗਏ। ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਪ੍ਰੀਖਿਆਵਾਂ ਤੋਂ ਬਾਅਦ ਤਰੋਤਾਜ਼ਾ ਕਰਨ ਦੇ ਨਾਲ—ਨਾਲ ਪੰਜਾਬ ਦੇ ਅਮੀਰ ਸੱਭਿਆਚਾਰ, ਰੀਤੀ—ਰਿਵਾਜਾਂ ਅਤੇ ਵਿਰਾਸਤ ਨਾਲ ਜਾਣੂ ਕਰਵਾਉਣਾ ਸੀ। ਇਸ ਦੌਰਾਨ ਵਿਦਿਆਰਥੀਆਂ ਨੇ ਸਾਡਾ ਪਿੰਡ ਵਿੱਚ ਪੰਜਾਬ ਦੇ ਰਵਾਇਤੀ ਰਹਿਣ ਸਹਿਣ, ਲੋਕ ਕਲਾ, ਸੰਗੀਤ, ਲੋਕ ਨਾਚਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਨੂੰ ਨੇੜਿਓਂ ਦੇਖਿਆ, ਬੱਚਿਆਂ ਨੇ ਖੂਬ ਮਨੋਰੰਜਨ ਕੀਤਾ ਅਤੇ ਵੱਖ—ਵੱਖ ਗਤੀਵਿਧੀਆਂ ਦਾ ਆਨੰਦ ਮਾਣਿਆ। ਇਸ ਦੌਰੇ ਰਾਹੀਂ ਵਿਦਿਆਰਥੀਆਂ ਨੂੰ ਕਲਾਸਰੂਮ ਦੀ ਪੜ੍ਹਾਈ ਤੋਂ ਇਲਾਵਾ ਕੁਝ ਨਵਾਂ ਦੇਖਣ, ਸਿੱਖਣ ਅਤੇ ਆਪਣੀਆਂ ਸੱਭਿਆਚਾਰਕ ਜੜ੍ਹਾਂ ਨੂੰ ਸਮਝਣ ਦਾ ਮੌਕਾ ਮਿਲਿਆ। ਸਕੂਲ ਦੀ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਨੇ ਕਿਹਾ ਕਿ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਕਿਤਾਬੀ ਗਿਆਨ ਦੇ ਨਾਲ—ਨਾਲ ਵਿਹਾਰਕ ਤਜਰਬੇ ਤੇ ਸੱਭਿਆਚਾਰਕ ਗਤੀਵਿਧੀਆਂ ਵੀ ਬਹੁਤ ਮਹੱਤਵਪੂਰਨ ਹਨ। ਅਜਿਹੇ ਵਿੱਦਿਅਕ ਦੌਰੇ ਬੱਚਿਆਂ ਦੇ ਗਿਆਨ ਵਿੱਚ ਵਾਧਾ ਕਰਨ, ਉਨ੍ਹਾਂ ਦੀ ਸਿੱਖਣ ਰੁਚੀ ਨੂੰ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਨੂੰ ਆਪਣੇ ਸੱਭਿਆਚਾਰ ਤੇ ਵਿਰਸੇ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਸਕੂਲ ਦਾ ਯਤਨ ਹੈ ਕਿ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਸਮੇਤ ਅਜਿਹੇ ਮੌਕੇ ਵੀ ਪ੍ਰਦਾਨ ਕੀਤੇ ਜਾਣ, ਜੋ ਉਨ੍ਹਾਂ ਦੀ ਸ਼ਖ਼ਸੀਅਤ ਨੂੰ ਨਿਖਾਰਨ ਅਤੇ ਆਤਮ ਵਿਸ਼ਵਾਸ ਵਧਾਉਣ ਵਿੱਚ ਸਹਾਇਕ ਹੋਣ। ਇਹ ਦੌਰਾ ਵਿਦਿਆਰਥੀਆਂ ਲਈ ਸਿੱਖਣ, ਮਨੋਰੰਜਨ ਅਤੇ ਸੱਭਿਆਚਾਰਕ ਤਜਰਬਿਆਂ ਦਾ ਯਾਦਗਾਰੀ ਸੁਮੇਲ ਸਾਬਤ ਹੋਇਆ। ਬੱਚੇ ਪੰਜਾਬ ਦੀ ਸ਼ਾਨਦਾਰ ਵਿਰਾਸਤ ਦੀਆਂ ਖ਼ੂਬਸੂਰਤ ਯਾਦਾਂ ਅਤੇ ਨਵੇਂ ਤਜਰਬਿਆਂ ਨਾਲ ਵਾਪਸ ਪਰਤੇ।

## ਉੱਘੇ ਵਾਰਤਾਕਾਰ ਮਨਜੀਤ ਸਿੰਘ ਜੀਤ ਦੀ

# ਪਲੇਠੀ ਕਿਤਾਬ 'ਯਾਦਾਂ ਦੀਆਂ ਉਦਾਸ ਗਲੀਆਂ'





**ਤਲਵੰਡੀ ਸਾਬੋ/ ਬਠਿੰਡਾ, 15 ਅਕਤੂਬਰ (ਗੁਰਜੰਟ ਸਿੰਘ ਨਥੇਹਾ)-** ਸਾਹਿਤ ਜਾਗ੍ਰਿਤੀ ਸਭਾ ਰਜਿ: ਬਠਿੰਡਾ ਵੱਲੋਂ ਰੈੱਡ ਕਰਾਸ ਭਵਨ ਬਠਿੰਡਾ ਵਿਖੇ ਜਿੱਥੇ ਪੰਜਾਬੀ ਲੇਖਕ "ਜਸਪਾਲ ਜੱਸੀ" ਦਾ ਪੰਜਾਬੀ ਸਾਹਿਤ ਨੂੰ ਦੇਣ ਲਈ ਸਨਮਾਨ ਕੀਤਾ ਗਿਆ, ਉੱਥੇ ਹੀ ਪੰਜਾਬੀ ਦੀਆਂ ਦੋ ਕਿਤਾਬਾਂ ਵੀ ਲੋਕ ਅਰਪਣ ਕੀਤੀਆਂ ਗਈਆਂ। ਜਿਸ ਵਿੱਚ ਪਹਿਲੀ ਕਿਤਾਬ "ਮਨਜੀਤ ਸਿੰਘ ਜੀਤ" ਜੀ ਦੀ ਸਵੈ ਜੀਵਨੀ 'ਯਾਦਾਂ ਦੀਆਂ ਉਦਾਸ ਗਲੀਆਂ' ਅਤੇ ਦੂਜੀ ਕਿਤਾਬ 'ਸਿ਼ਫ਼ਰ ਤੋਂ ਸਫ਼ਰ' ਤੱਕ ਮੋਹਨਪ੍ਰੀਤ ਸਿੰਘ ਪੱਤੜ ਕਨੇਡਾ ਦੀ ਕਿਤਾਬਾਂ ਰਿਲੀਜ਼ ਕੀਤੀਆਂ ਗਈਆਂ। ਇਸ ਪ੍ਰੋਗਰਾਮ ਦੀ ਪ੍ਰਧਾਨਗੀ ਸਰਦਾਰ ਸਤਬੀਰ ਸਿੰਘ ਸਿ਼ਫ਼ਰ ਪ੍ਰਧਾਨ, ਵਿਸ਼ਵ ਪੰਜਾਬੀ ਸਭਾ ਕਨੇਡਾ, ਭਾਰਤ ਇਕਾਈ ਸਨ। ਅੱਜ ਦੇ ਮੁੱਖ ਮਹਿਮਾਨ ਡਾਕਟਰ ਦਵਿੰਦਰ ਸ਼ੈਫੀ ਉੱਘੇ ਸ਼ਾਇਰ, ਚਿੰਤਕ ਅਤੇ ਆਲੋਚਕ ਸਨ। ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਡਾਕਟਰ ਸੁਖਪ੍ਰੀਤ ਕਾਲੜਾ, ਜਸਪਾਲ ਮਾਨਖੇੜਾ ਮੀਤ ਪ੍ਰਧਾਨ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ, ਜਨਕ ਰਾਜ ਜਨਕ ਉੱਘੇ ਗ਼ਜ਼ਲਗੋ ਤੇ ਸੁਖਦਰਸ਼ਨ ਗਰਗ ਉੱਘੇ ਰੁਬਾਈਗੋ ਸਨ। ਸਭ ਤੋਂ ਪਹਿਲਾਂ ਸਭਾ ਦੇ ਪ੍ਰਧਾਨ ਸ. ਅਮਰਜੀਤ ਸਿੰਘ ਜੀਤ ਨੇ ਆਏ ਹੋਏ ਸਾਰੇ ਮਹਿਮਾਨਾਂ ਨੂੰ ਜੀਓ ਆਇਆਂ ਨੂੰ, ਕਿਹਾ ਤੇ ਉਸ ਤੋਂ ਬਾਅਦ "ਜਸਪਾਲ ਜੱਸੀ" ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਸਨਮਾਨ ਪੱਤਰ ਨੂੰ ਅਵਤਾਰ ਸਿੰਘ ਬਾਹੀਆ ਨੇ ਪੜ੍ਹਿਆ। ਜਸਪਾਲ ਜੱਸੀ ਦੇ ਉੱਪਰ ਪੰਜਾਬੀ ਦੇ ਉੱਘੇ ਵਿਦਵਾਨ ਕਹਾਣੀਕਾਰ, ਆਲੋਚਕ ਡਾਕਟਰ ਪ੍ਰਦੀਪ ਕੌੜਾ ਨੇ ਜਸਪਾਲ ਜੱਸੀ ਦੀਆਂ ਪੰਜ ਕਿਤਾਬਾਂ ਉੱਪਰ ਪੇਪਰ ਪੜ੍ਹਿਆ। ਉਹਨਾਂ ਤੋਂ ਬਾਅਦ ਮਨਜੀਤ ਸਿੰਘ ਦੀ ਕਿਤਾਬ "ਯਾਦਾਂ ਦੀਆਂ ਉਦਾਸ ਗਲੀਆਂ" ਰਿਲੀਜ਼ ਕੀਤੀ ਗਈ ਤੇ ਪੰਜਾਬੀ ਦੇ ਉੱਘੇ ਵਿਦਵਾਨ ਆਲੋਚਕ ਗੁਰਦੇਵ ਖੋਖਰ ਜੀ ਨੇ ਪਰਚਾ ਪੜ੍ਹਿਆ। ਤੀਜੇ ਨੰਬਰ ਤੇ ਮੋਹਨਪ੍ਰੀਤ ਸਿੰਘ ਪੱਤੜ ਦੀ ਕਿਤਾਬ ਸਿ਼ਫ਼ਰ ਤੋਂ ਸਫਰ ਤੱਕ ਰਿਲੀਜ਼ ਕੀਤੀ ਗਈ ਜਿਸ ਦੇ ਉੱਤੇ ਪੇਪਰ ਪੰਜਾਬੀ ਦੇ ਉੱਘੇ ਚਿੰਤਕ ਜਸਕਰਨ ਸਿੰਘ ਸਿਵੀਆਂ ਨੇ ਪੇਪਰ ਪੜ੍ਹਿਆ। ਇਸ ਫੰਕਸ਼ਨ ਦੇ ਮੌਕੇ 'ਤੇ ਪੰਜਾਬੀ ਦੇ ਉੱਘੇ ਵਿਦਵਾਨ ਸੁਹਿੰਦਰਬੀਰ ਵਿਸ਼ੇਸ਼ ਰੂਪ ਵਿੱਚ ਪਹੁੰਚੇ ਹੋਏ ਸਨ। ਇਸ ਮੌਕੇ ਚੇਅਰਮੈਨ ਨੀਲ ਗਰਗ, ਪੰਜਾਬ ਸਰਕਾਰ ਜੋ ਜਸਪਾਲ ਜੱਸੀ ਦੇ ਗਰਾਈਂ ਵੀ ਹਨ ਵਿਸ਼ੇਸ਼ ਰੂਪ ਵਿੱਚ ਪਹੁੰਚੇ ਤੇ ਆਪਣੇ ਵਿਚਾਰ ਰੱਖੇ। ਇਸ ਮੌਕੇ ਕਵੀ ਦਰਬਾਰ ਵੀ ਕਰਵਾਇਆ ਗਿਆ। ਕਵੀਆਂ ਵਿੱਚ ਪ੍ਰੋਫ਼ੈਸਰ ਤਰਸੇਮ ਨਰੂਲਾ, ਪ੍ਰੋਫ਼ੈਸਰ ਹਰਦਰਸ਼ਨ ਸੋਹਲ, ਜਗਦੀਸ਼ ਰਾਏ ਬਾਂਸਲ, ਦਲਜੀਤ ਬੰਗੀ, ਗੁਰਸੇਵਕ ਚੁੱਘੇ, ਰਾਜਵੀਰ ਕੌਰ, ਇਕਬਾਲ ਪੀਟੀ, ਪੋਰਿੰਦਰ ਸਿੰਗਲਾ, ਸਤਪਾਲ ਬਰਾੜ, ਰੂਪ ਚੰਦ ਸ਼ਰਮਾ, ਪ੍ਰਿੰਸੀਪਲ ਜਸਬੀਰ ਸਿੰਘ ਢਿੱਲੋਂ, ਜਨਕ ਸ਼ਰਮੀਲਾ ਅਮਰਜੀਤ ਸਿੰਘ ਪੇਂਟਰ ਤੇ ਰਿਟਾਇਰਡ ਜ਼ਿਲ੍ਹਾ ਸਿੱਖਿਆ ਅਫ਼ਸਰ ਸ.ਹਰਦੀਪ ਸਿੰਘ ਤੱਗੜ ਤੇ ਲਾਲ ਚੰਦ ਸਿੰਘ ਵੀ ਵਿਸ਼ੇਸ਼ ਰੂਪ ਪਹੁੰਚੇ ਹੋਏ ਸਨ। ਇਸ ਮੌਕੇ 'ਤੇ ਜਸਪਾਲ ਜੱਸੀ ਦੇ ਰਿਸ਼ਤੇਦਾਰ, ਸੱਜਣ, ਮਿੱਤਰ, ਪਿਆਰੇ ਵੀ ਹਾਜ਼ਰ ਸਨ। ਇਸ ਮੌਕੇ ਰਿਟਾਇਰਡ ਡੀਐਸਪੀ ਸ੍ਰੀ ਮਹਿੰਦਰ ਪਾਲ ਘਈ, ਵੀਨਾ ਘਈ, ਰਿਟਾਇਰਡ ਬੈਂਕ ਮੈਨੇਜਰ ਗੋਪਾਲ ਕ੍ਰਿਸ਼ਨ, ਪ੍ਰਿੰਸੀਪਲ ਸੁਸ਼ਮਾ ਮਹਿਤਾ, ਮਿਸਟਰ ਭਰਤ ਚੇਅਰਮੈਨ ਲਾਈਫ ਲਾਈਨ ਚੈਰੀਟੇਬਲ ਲੈਬ ਬਠਿੰਡਾ, ਪ੍ਰੋਫ਼ੈਸਰ ਡਾਕਟਰ ਰਿਸ਼ਮ, ਸ਼੍ਰੀ ਆਰ ਕੇ ਸਿਆਲ, ਅਨੀਤਾ ਸਿਆਲ, ਬੁਡਲਾਡਾ ਵੈਲਫ਼ੇਅਰ ਕਲੱਬ ਦੇ ਪ੍ਰਧਾਨ ਭੂਸ਼ਨ ਸ਼ਰਮਾ, ਤੀਰਥ ਬੱਤਰਾ, ਹੇਮ ਰਾਜ ਕਾਂਸਲ ਸਾਹਿਬ ਤੇ ਹੋਰ ਕਲੱਬ ਮੈਂਬਰ ਵੀ ਪਹੁੰਚੇ ਹੋਏ ਸਨ। ਜਸਪਾਲ ਜੱਸੀ ਦੇ ਸਵਾਗਤ ਦੇ ਲਈ ਸਵੇਰ ਦੀ ਸੈਰ ਬੇਫ਼ਿਕਰੇ ਕਲੱਬ ਦੇ ਪ੍ਰਧਾਨ ਸੰਜੀਵ, ਉਹਨਾਂ ਦੇ ਨਾਲ ਪ੍ਰੋਫ਼ੈਸਰ ਸ਼ਿਵ ਕੁਮਾਰ, ਸੁਖਦੇਵ ਮਿੱਤਲ, ਵਿਨੋਦ ਬਾਂਸਲ, ਬਰਜਿੰਦਰ ਸਿੰਘ ਰਣਜੀਤ ਸਿੰਘ ਤੇ ਸਮੁੱਚੀ ਟੀਮ ਪਹੁੰਚੀ ਹੋਈ ਸੀ। ਦੋਵੇਂ ਕਿਤਾਬਾਂ ਤੋਂ ਇਲਾਵਾ ਜਸਪਾਲ ਜੱਸੀ ਦੀ ਸੰਪੂਰਨ ਰਚਨਾ ਉੱਤੇ ਖੁੱਲ੍ਹ ਕੇ ਵਿਚਾਰ ਚਰਚਾ ਹੋਈ। ਡਾਕਟਰ ਦਵਿੰਦਰ ਸੈਫ਼ੀ ਜੀ ਨੇ ਆਪਣੇ ਵਿਚਾਰ ਰੱਖੇ। ਅਖ਼ੀਰ ਵਿਚ ਲਛਮਣ ਮਲੂਕਾ ਨੇ ਸਾਰੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਸਨਮਾਨਿਤ ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਕਵੀ ਦਰਬਾਰ ਵਿੱਚ ਸੁਰਿੰਦਰ ਪ੍ਰੀਤ ਘਣੀਆ ਜੀ ਨੇ ਵੀ ਆਪਣੀ ਹਾਜ਼ਰੀ ਲਗਵਾਈ। ਇਸ ਤੋਂ ਇਲਾਵਾ ਵੀ ਪੰਜਾਬੀ ਦੇ ਕਈ ਹੋਰ ਉੱਘੇ ਵਿਦਵਾਨ ਜਿਵੇਂ ਗ਼ਜ਼ਲਗੋ ਰਣਬੀਰ ਰਾਣਾ, ਜਸ ਬਠਿੰਡਾ ਵੀ ਪਹੁੰਚੇ ਹੋਏ ਸਨ। ਸਟੇਜ ਸਕੱਤਰ ਦੀ ਭੂਮਿਕਾ ਸਾਹਿਤ ਜਾਗਰਤੀ ਸਭਾ ਰਜਿਸਟਰ ਬਠਿੰਡਾ ਦੇ ਸਕੱਤਰ ਐਡਵੋਕੇਟ ਗੁਰਵਿੰਦਰ ਸਿੰਘ ਤੇ ਅਵਤਾਰ ਸਿੰਘ ਬਾਹੀਆ ਜੀ ਨੇ ਬਾਖ਼ੂਬੀ ਨਿਭਾਈ। ਅੱਜ ਦੇ ਪ੍ਰੋਗਰਾਮ ਦੀਆਂ ਝਲਕੀਆਂ ਜੋ ਕਿ ਪੰਜਾਬੀ ਦੇ ਉੱਘੇ ਲੇਖਕ ਰਮੇਸ਼ ਗਰਗ ਸਾਹਿਬ ਨੇ ਆਪਣੇ ਕੈਮਰੇ ਵਿੱਚ ਬੰਦ ਕੀਤੀਆਂ ਉਹ ਤੁਹਾਡੇ ਨਾਲ ਸਾਂਝੀਆਂ ਕਰ ਰਹੇ ਹਾਂ।

### ਪ੍ਰਵਾਸੀ ਸ਼ਾਇਰ ਮੋਹਣਪ੍ਰੀਤ ਸਿੰਘ ਪੱਤੜ ਹੁਰਾਂ ਦਾ ਕਾਵਿ ਸੰਗ੍ਰਹਿ 'ਸਿ਼ਫ਼ਰ ਤੋਂ ਸਫ਼ਰ ਤੀਕ' ਲੋਕ ਅਰਪਣ ਅਤੇ ਬਹੁਪੱਖੀ ਸਾਹਿਤਕਾਰ ਜਸਪਾਲ ਜੱਸੀ ਦਾ ਹੋਇਆ ਵਿਸ਼ੇਸ਼ ਸਨਮਾਨ

# ਗੁਰਦੁਆਰਾ ਹਰਗੋਬਿੰਦ ਸਰ ਪਿੰਡ ਲੰਗੇਆਣਾ ਪੁਰਾਣਾ ਵਿਖੇ ਹੋਣਗੇ ਧਾਰਮਿਕ ਸਮਾਗਮ




**ਫ਼ਿਰੋਜ਼ਪੁਰ, 15 ਅਕਤੂਬਰ (ਮਨੋਹਰ ਲਾਲ) :—** ਗੁਰਦੁਆਰਾ ਹਰਗੋਬਿੰਦ ਸਰ ਪਿੰਡ ਲੰਗੇਆਣਾ ਪੁਰਾਣਾ ਮੋਗਾ ਵਿਖੇ ਪਹਿਲੇ ਪਾਤਸ਼ਾਹ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਸਾਹਿਬ ਜੀ ਮਹਾਰਾਜ ਦੇ ਪਾਵਨ ਜੋਤੀ ਜੋਤ ਗੁਰਪੁਰਬ ਨੂੰ ਸਮਰਪਿਤ ਅਤੇ ਮਹਾਂਪੁਰਖ ਸੰਤ ਬਾਬਾ ਪ੍ਰਤਾਪ ਸਿੰਘ ਜੀ ਤੇ ਗੁਰਮੁਖ ਪਿਆਰੇ ਭਾਈ ਵੀਰ ਸਿੰਘ ਜੀ ਦੀ ਮਿੱਠੀ ਯਾਦ ਵਿੱਚ ਧਾਰਮਿਕ ਕਰਵਾਏ ਜਾ ਰਹੇ ਹਨ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਇਹ ਸਮਾਗਮ ਜਿਨਾਂ ਨੇ ਕਠਿਨ ਤਪੱਸਿਆ ਕੀਤੀ ਦੀ ਯਾਦ ਵਿੱਚ ਮਹਾਨ ਗੁਰਮਤਿ ਸਮਾਗਮ 11 ਅਕਤੂਬਰ ਤੋਂ 18 ਅਕਤੂਬਰ ਤੋਂ ਕਰਵਾਏ ਜਾ ਰਹੇ ਜਿਸ ਵਿੱਚ ਸਿੱਖ ਕੌਮ ਦੇ ਮਹਾਨ ਰਾਗੀ, ਕਥਾ ਵਾਚਕ, ਢਾਡੀ ਲਗਾਤਾਰ ਪਹੁੰਚ ਰਹੇ ਹਨ ਜਿਨਾਂ ਵਿੱਚ ਬਾਬਾ ਅਵਤਾਰ ਸਿੰਘ ਸਾਧਾਂ ਵਾਲੇ, ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ, ਬਾਬਾ ਗੁਰਜੀਤ ਸਿੰਘ ਕੱਟੂ ਵਾਲੇ, ਸਿੰਘ ਸਾਹਿਬ ਗਿਆਨੀ ਜਸਵੰਤ ਸਿੰਘ, ਸਿੰਘ ਸਾਹਿਬ ਗਿਆਨੀ ਭਾਈ ਜਸਵੀਰ ਸਿੰਘ ਖਾਲਸਾ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਰਾਗੀ ਕੁਲਬੀਰ ਸਿੰਘ ਦਮਦਮੀ ਟਕਸਾਲ, ਢਾਡੀ ਜਥਾ ਭਾਈ ਦਲੇਰ ਕੌਰ ਖਾਲਸਾ ਕਥਾ ਕੀਰਤਨ ਢਾਡੀ ਵਾਰਾ ਰਾਹੀਂ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕਰਨਗੇ। ਇਸ ਮੌਕੇ ਤੇ ਗੁਰਦੁਆਰਾ ਹਰਗੋਬਿੰਦ ਸਰ ਪਿੰਡ ਲੰਙਿਆਣਾ ਦੇ ਮੁੱਖ ਸੇਵਾਦਾਰ ਬਾਬਾ ਸਾਧੂ ਸਿੰਘ, ਹੈਡ ਗ੍ਰੰਥੀ ਬਾਬਾ ਗੁਰਦਿਆਲ ਸਿੰਘ, ਭਾਈ ਰਣਜੀਤ ਸਿੰਘ ਖਾਲਸਾ, ਗਿਆਨੀ ਬਲਵਿੰਦਰ ਸਿੰਘ ਖਾਲਸਾ ਨੇ ਸਮੂਹ ਪੰਜਾਬ ਵਾਸੀਆਂ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਭਾਰੀ ਗਿਣਤੀ ਵਿੱਚ ਪਹੁੰਚ ਕੇ ਆਏ ਹੋਏ ਮਹਾਂਪੁਰਖਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਉ। ਸਮੂਹ ਆਗੂਆਂ ਨੇ ਇਹ ਵੀ ਅਪੀਲ ਕੀਤੀ ਕਿ ਉਹ 18 ਅਕਤੂਬਰ ਨੂੰ ਅੰਮ੍ਰਿਤ ਸੰਚਾਰ ਕਰਵਾਇਆ ਜਾ ਰਿਹਾ ਹੈ ਅਤੇ ਸੰਗਤਾਂ ਭਾਰੀ ਗਿਣਤੀ ਵਿੱਚ ਅੰਮ੍ਰਿਤ ਛੱਕ ਕੇ ਕਲਗੀਧਰ ਦਸਮੇਸ਼ ਪਿਤਾ ਜੀ ਦੇ ਪੁੱਤਰ ਧੀਆਂ ਬਣੋ। ਇਸ ਮੌਕੇ ਤੇ ਅੱਠ ਦਿਨ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾ ਰਿਹਾ।

# ਦਮਦਮੀ ਟਕਸਾਲ ਸੇਵਕ ਜਥੇ ਵੱਲੋਂ ਸੰਗਠਨਾਤਮਕ ਵਿਸਥਾਰ, ਭਾਈ ਬਲਬੀਰ ਸਿੰਘ ਨੂੰ ਪ੍ਰਧਾਨ ਤੇ ਭਾਈ ਮੇਜਰ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ ਕੀਤਾ ਨਿਯੁਕਤ



**ਫ਼ਿਰੋਜ਼ਪੁਰ, 15 ਅਕਤੂਬਰ (ਮਨੋਹਰ ਲਾਲ) :—** ਮਹਾਪੁਰਸ਼ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ (ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ) ਦੇ ਦਿਸ਼ਾ ਨਿਰਦੇਸ਼ਾਂ ਅਤੇ ਆਗਿਆ ਨਾਲ ਨਵਾਂ ਸ਼ਹਿਰ ਵਿਖੇ ਇੱਕ ਵਿਸ਼ੇਸ਼ ਧਾਰਮਿਕ ਤੇ ਸੰਗਠਨਾਤਮਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਤੇ ਦਮਦਮੀ ਟਕਸਾਲ ਚੌਂਕ ਮਹਿਤਾ ਤੋਂ ਪਹੁੰਚੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖ਼ਾਲਸਾ (ਮੁੱਖ ਬੁਲਾਰਾ ਦਮਦਮੀ ਟਕਸਾਲ) ਨੇ ਦਮਦਮੀ ਟਕਸਾਲ ਸੇਵਕ ਜਥੇ ਦਾ ਵਿਸਥਾਰ ਕਰਦਿਆਂ ਨਵੀਆਂ ਨਿਯੁਕਤੀਆਂ ਦਾ ਰਸਮੀ ਐਲਾਨ ਕੀਤਾ। ਇਸ ਸੰਗਠਨਾਤਮਕ ਵਿਸਥਾਰ ਤਹਿਤ ਦਮਦਮੀ ਟਕਸਾਲ ਸੇਵਕ ਜਥੇ ਵੱਲੋਂ ਨਵਾਂ ਸ਼ਹਿਰ ਦੇ ਪ੍ਰਧਾਨ ਭਾਈ ਬਲਬੀਰ ਸਿੰਘ ਅਤੇ ਭਾਈ ਮੇਜਰ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ ਦੀ ਅਹਿਮ ਜ਼ਿੰਮੇਵਾਰੀ ਸੌਂਪੀ ਗਈ। ਇਸ ਮੌਕੇ ਜਥੇਬੰਦੀ ਨੂੰ ਜ਼ਮੀਨੀ ਪੱਧਰ ਤੇ ਹੋਰ ਮਜ਼ਬੂਤ ਕਰਨ ਅਤੇ ਸੇਵਾ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਬਾਰੇ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਪ੍ਰਮੁੱਖ ਸ਼ਖ਼ਸੀਅਤਾਂ ਤੇ ਸੰਗਤਾਂ ਨੇ ਨਵੇਂ ਨਿਯੁਕਤ ਕੀਤੇ ਗਏ ਅਹੁਦੇਦਾਰਾਂ ਨੂੰ ਵਧਾਈਆਂ ਦਿੱਤੀਆਂ ਤੇ ਆਸ ਪ੍ਰਗਟਾਈ ਕਿ ਉਹ ਪੰਥਕ ਅਤੇ ਸੰਗਠਨ ਦੀ ਚੜ੍ਹਦੀ ਕਲਾਂ ਲਈ ਪੂਰੀ ਤਨਦੇਹੀ ਨਾਲ ਆਪਣੀ ਸੇਵਾ ਨਿਭਾਉਣਗੇ। ਨਵੇਂ ਅਹੁਦੇਦਾਰਾਂ ਨੇ ਵੀ ਟਕਸਾਲ ਦੇ ਮੁਖੀ ਅਤੇ ਉੱਚ ਆਗੂਆਂ ਦਾ ਧੰਨਵਾਦ ਕਰਦਿਆਂ ਪੂਰੀ ਨਿਮਰਤਾ ਅਤੇ ਜ਼ਿੰਮੇਵਾਰੀ ਨਾਲ ਸੇਵਾ ਕਰਨ ਦਾ ਪ੍ਰਣ ਲਿਆ। ਇਸ ਮੌਕੇ ਬਲਵੀਰ ਸਿੰਘ ਨੂੰ ਪ੍ਰਧਾਨ, ਭਾਈ ਮੇਜਰ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਭਾਈ ਤਾਰਾ ਸਿੰਘ ਮੀਤ ਪ੍ਰਧਾਨ, ਭਾਈ ਅਮਰੀਕ ਸਿੰਘ ਜਨਰਲ ਸਕੱਤਰ, ਭਾਈ ਗੁਰਮੀਤ ਸਿੰਘ ਸਕੱਤਰ, ਭਾਈ ਗੁਰਦਿਆਲ ਸਿੰਘ ਮੁੱਖ ਬੁਲਾਰਾ, ਭਾਈ ਸੁਰਜੀਤ ਸਿੰਘ ਬੁਲਾਰਾ ਅਤੇ ਆਈ.ਟੀ ਸੈਲ ਦੇ ਭਾਈ ਸਿਮਰਨਜੀਤ ਸਿੰਘ ਪ੍ਰਧਾਨ, ਭਾਈ ਜਸਬੀਰ ਸਿੰਘ ਸੀਨੀਅਰ ਮੀਤ ਪ੍ਰਧਾਨ, ਭਾਈ ਗੁਰਦੀਪ ਸਿੰਘ ਮੀਤ ਪ੍ਰਧਾਨ, ਭਾਈ ਗੁਰਚਰਨ ਸਿੰਘ ਜਨਰਲ ਸਕੱਤਰ, ਭਾਈ ਕੁਲਵਿੰਦਰ ਸਿੰਘ ਸਕੱਤਰ ਚੁਣੇ ਗਏ। ਇਸ ਮੌਕੇ ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਬਾਬਾ ਸੁਖਦੇਵ ਸਿੰਘ ਮੁੱਖ ਬੁਲਾਰਾ ਵੱਲੋਂ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਸ਼੍ਰੀਮਾਨ ਸੰਤ ਬਾਬਾ ਹਜ਼ਾਰਾ ਸਿੰਘ ਸਾਹਿਬ ਜੀ ਛੋਟੇ ਘੁੰਮਣਾਂ

# ਸਲਾਨਾ ਬਰਸੀ

## ਛੋਟੇ ਘੁੰਮਣਾਂ ਗੁਰਦਾਸਪੁਰ

**ਸਲਾਨਾ ਬਰਸੀ : ਬ੍ਰਹਮ ਗਿਆਨੀ ਸ਼੍ਰੀ ਮਾਨ ਸੰਤ ਬਾਬਾ ਹਜ਼ਾਰਾ ਸਿੰਘ ਸਾਹਿਬ ਜੀ ਛੋਟੇ ਘੁੰਮਣਾਂ ਗੁਰਦਾਸਪੁਰ ਵਾਲੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।**

ਸ਼ਨਿੱਚਰਵਾਰ 17 ਅਕਤੂਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। 16 ਅਕਤੂਬਰ ਸ਼ੁੱਕਰਵਾਰ 10:30 ਵਜੇ 2 ਸ਼੍ਰੀ ਅਖੰਡ ਪਾਠਾਂ ਸਾਹਿਬਾਂ ਜੀ ਅਰੰਭਤਾ ਹੋਵੇਗੀ ਅਤੇ ਐਤਵਾਰ 10:30 ਭੋਗ ਪੈਣਗੇ।

ਹਰ ਐਤਵਾਰ 18 ਅਕਤੂਬਰ 2026 ਨੂੰ 6:30 ਵਜੇ ਸਵੇਰੇ ਚੋਪਹਿਰਾ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 11:00 ਤੋਂ 1:00 ਵਜੇ ਤੱਕ ਦੀਵਾਨ ਸੱਜਣਗੇ।

☛ ਸ਼੍ਰੀ ਅਖੰਡ ਪਾਠ ਦੀ ਸੇਵਾ ਗੁਰਸਿੱਖ ਪ੍ਰਵਾਰ ਭਾਈ ਸਤਨਾਮ ਸਿੰਘ ਲੋਧੀ ਵੱਲੋ ਲਈ ਗਈ ਹੈ। ☛ ਦੂਜੇ ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਗੁਰਸਿੱਖ ਪ੍ਰਵਾਰ ਡਾਂ ਭਾਈ ਸਤਿੰਦਰ ਸਿੰਘ ਕਾਜਲਮੋਰਨੋ ਵੱਲੋਂ ਲਈ ਗਈ ਹੈ।



ਇੰਟਰਨੈਸ਼ਨਲ ਗੋਲਡਮੈਲਿਸਟ ਸ਼੍ਰੀ ਅਕਾਲ ਤਖ਼ਤ ਸਾਹਿਬ ਹਜ਼ੂਰੀ ਪੰਥਕ ਢਾਡੀ ਜੱਥਾ ਹਰਪਾਲ ਸਿੰਘ ਢੰਡ

ਇੰਟਰਨੈਸ਼ਨਲ ਢਾਡੀ ਜਥਾ ਗਿਆਨੀ ਹਰਪਾਲ ਸਿੰਘ ਢੰਡ ਪੰਜਾਬ ਦੀ ਧਰਤੀ ਤੋਂ ਵਿਸ਼ੇਸ਼ ਤੌਰ ਪੁਹਿੰਚੇ ਹਨ ਢਾਡੀ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ • ਸਟਾਲ ਵੀ ਲੱਗਣਗੇ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)
(ਬੱਕਰਾਂ ਦੇ ਹਾਈ ਕੋਰਟ)

ਮਿਤੀ 1 ਨਵੰਬਰ 2026 ਦਿਨ ਐਤਵਾਰ
ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM
International Newspaper & WEB TV

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



## 30 ਅਕਤੂਬਰ 2026 ਦਿਨ ਸ਼ੁੱਕਰਵਾਰ
ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ
ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

### ਮੁੱਦਾ ਨਸ਼ਿਆਂ ਦਾ...

# ਅਜੇ ਵੀ ਬਾਕੀ ਹੈ ਉਮੀਦ



**ਰਾਸ਼ਟਰੀ** ਨਹੀਂ ਅੰਤਰਰਾਸ਼ਟਰੀ ਪੱਧਰ ਤੇ ਨਸ਼ਿਆਂ ਦਾ ਕਾਰੋਬਾਰ ਫੈਲਿਆ ਹੋਇਆ ਹੈ ਪਰ ਇਸ ਨੂੰ ਪੰਜਾਬ ਦੇ ਨਾਲ ਨਾਲ ਜੋੜ ਕੇ ਦੇਖਿਆ ਜਾ ਰਿਹਾ ਹੈ । ਜਦੋਂ ਕਿ ਇਹ ਸਮੱਸਿਆ ਇਕੱਲੇ ਪੰਜਾਬ ਦੀ ਨਹੀਂ ਸਮੁੱਚੇ ਦੇਸ਼ ਦੀ ਹੈ ਇਸ ਕਾਰੋਬਾਰ ਵਿਚ ਛੋਟੇ ਵੱਡੇ ਕਾਰੋਬਾਰੀ ਜੁੜੇ ਹੋਏ ਹਨ ।ਇਹ ਤਕੜਾ ਮੱਕੜ ਜਾਲ ਹੈ ਅਜੇ ਤੱਕ ਇਸ ਦੀ ਪਕੜ ਨਹੀਂ ਬਣੀ । ਇਹ ਦੇਸ਼ ਦੇਸ਼ ਦੀ ਕਹਾਣੀ ਹੈ ਅਤੇ ਵਿਕਸਿਤ ਦੇਸ਼ ਵੀ ਇਸ ਦੀ ਲਪੇਟ ਵਿਚ ਹਨ । ਅਜਿਹੇ ਕੰਮ ਕਰਨ ਵਾਲੇ ਲੋਕਾਂ ਨੂੰ ਫ਼ੜ ਕੇ ਸਜ਼ਾਵਾਂ ਵੀ ਦਿੱਤੀਆਂ ਜਾਂਦੀਆਂ ਹਨ ਪਰ ਫਿਰ ਵੀ ਉਹ ਬਾਹਰ ਆ ਕੇ ਉਸੇ ਤਰਾਂ ਦਾ ਕੰਮ ਜਾਰੀ ਰੱਖਦੇ ਹਨ । ਜਿਹੜੇ ਇਸ ਕਾਰੋਬਾਰ ਦਾ ਪਰਦਾਫਾਸ਼ ਕਰਦੇ ਹਨ । ਉਹ ਲੋਕ ਕਾਰੋਬਾਰੀਆਂ ਨਸ਼ਾ ਤਸਕਰਾਂ ਦਾ ਸ਼ਿਕਾਰ ਹੋ ਜਾਂਦੇ ਹਨ ।ਇੱਕ ਦੇਸ਼ ਤੋਂ ਦੂਜੇ ਦੇਸ਼ ਵਿਚ ਨਸ਼ੇ ਪਹੁੰਚਦੇ ਹਨ ਇਹ ਜਾਣਕਾਰੀ ਸੋਸ਼ਲ ਮੀਡੀਆ ਦੇ ਪਲੇਟਫਾਰਮ ਤੇ ਮਿਲਦੀ ਰਹਿੰਦੀ ਹੈ । ਇਹਨਾਂ ਨੇ ਆਮ ਨੌਜਵਾਨ ਬੱਚਿਆਂ ਨੂੰ ਆਪਣੀ ਚੁੰਗਲ ਵਿਚ ਫ਼ਸਾਇਆ ਹੋਇਆ ਹੈ ਅਤੇ ਇਹ ਸਾਡੇ ਬੱਚਿਆਂ ਨੂੰ ਘੁਣ ਵਾਂਗ ਖਾ ਰਿਹਾ।

ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਲਈ ਉਹਨਾਂ ਨੂੰ ਖੇਡਾਂ ਵੱਲ ਲਾਇਆ ਜਾਵੇ । ਪੇਂਡੂ ਅਤੇ ਸ਼ਹਿਰੀ ਖੇਡ ਕਲੱਬ ਵੀ ਆਪਣਾ ਅਹਿਮ ਯੋਗਦਾਨ ਪਾ ਸਕਦੀਆਂ ਹਨ ।ਉਹ ਕਈ ਘੰਟੇ ਗਰਾਉਂਡ ਵਿਚ ਖੇਡਣ ।ਸਰਕਾਰ ਅਤੇ ਸਮਾਜਿਕ ਸੰਸਥਾਵਾਂ ਵੀ ਵਧੀਆ ਕਾਰਜ ਨਿਭਾ ਸਕਦੀਆਂ ਹਨ । ਇਹ ਕੰਮ ਇਕੱਲੇ ਕਿਸੇ ਦਾ ਨਹੀਂ ਇਹ ਸਭ ਦਾ ਸਾਂਝਾ ਹੈ । ਆਮ ਜਨਤਾ, ਪੁਲਿਸ ਅਤੇ ਸਰਕਾਰ ਆਪਣੇ ਆਪਣੇ ਕਾਰਜ ਕਰਕੇ ਬੇਹਤਰ ਨਤੀਜੇ ਲਿਆ ਸਕਦੇ ਹਨ । ਪੁਰਾਣੀ ਦੰਦ ਕਥਾ ਹੈ ਕਿ ਕਿਸੇ ਨਾਲ ਦੁਸ਼ਮਣੀ ਕੱਢਣੀ ਹੋਵੇ ਤਾਂ ਉਹਨਾਂ ਦੇ ਬੱਚਿਆਂ ਨੂੰ ਮਾੜੇ ਕੰਮਾਂ ਵੱਲ ਲਗਾ ਦਿਓ, ਨਸ਼ੇ ਤੇ ਲਾ ਦਿਓ । ਪਰ ਇਹ ਸੋਚ ਸਿਰੇ ਦੀ ਮਾੜੀ ਹੈ । ਨਸ਼ੇ ਦਾ ਸ੍ਰੋਤ, ਵੇਚਣ ਵਾਲਾ ਅਤੇ ਖਰੀਦਣ ਵਾਲਾ ਵੀ ਇਕ ਲੰਬੀ ਲੜੀ ਹੈ ਇਸ ਲੜੀ ਦਾ ਖਾਤਮਾ ਕਰਨ ਦੀ ਲੋੜ ਹੈ । ਇਸ ਵਿੱਚੋਂ ਕਿਸੇ ਇੱਕ ਨੂੰ ਖਦੇੜ ਕੇ ਇਸ ਲੜੀ ਦਾ ਖਤਮਾ ਕੀਤਾ ਜਾ ਸਕਦਾ ਹੈ । ਸ਼ਰਾਬ ਵੀ ਇੱਕ ਨਸ਼ਾ ਹੈ ਘਰ ਕੋਈ ਮਹਿਮਾਨ ਆ ਜਾਵੇ ਤਾਂ ਫਿਰ ਦਾਰੂ ਨਾਲ ਸੇਵਾ ਕੀਤੀ ਜਾਂਦੀ ਹੈ ਇਹ ਕੈਸੀ ਮਹਿਮਾਨ ਨਿਵਾਜ਼ੀ ਹੈ । ਮੈਡੀਕਲ ਨਸ਼ਾ ਗੋਲੀਆਂ, ਕੈਪਸੂਲ, ਸਿਰਪ ਅਤੇ ਟੀਕੇ ਬਹੁਤ ਮਾੜੇ ਨਸ਼ੇ ਹਨ । ਅਫ਼ੀਮ, ਪੋਸਤ ਅਤੇ ਚਿੱਟਾ ਵੀ ਸਿਰੇ ਦੇ ਘਾਤਕ ਹਨ । ਚਿੱਟਾ ਤਾਂ ਬੰਦੇ ਦੇ ਲਹੂ ਨੂੰ ਹੀ ਚਿੱਟਾ ਕਰ ਦਿੰਦਾ ਹੈ । ਨਸ਼ਾ ਕੋਈ ਵੀ ਹੋਵੇ ਉਹ ਚੰਗਾ ਨਹੀਂ ਹੁੰਦਾ । ਜਿਸ ਕਿਸੇ ਕੋਲ ਤਿੰਨ ਗ੍ਰਾਮ ਨਸ਼ਾ ਵੀ ਹੈ ਉਹ ਵੀ ਕਾਨੂੰਨ ਦੇ ਘੇਰੇ ਵਿਚ ਆਉਂਦਾ ਹੈ ਤੇ ਉਹਨਾਂ ਲਈ ਕਾਨੂੰਨੀ ਸਜ਼ਾ ਵੀ ਉਪਲਬਧ ਹੈ । ਕਿਸੇ ਵੀ ਨਸ਼ੇ ਦੀ ਲਗਾਤਾਰ ਵਰਤੋਂ ਕਰਨ ਨਾਲ ਵਿਅਕਤੀ ਨਸ਼ੇ ਦਾ ਆਦੀ ਹੋ ਜਾਂਦਾ ਹੈ ਅਤੇ ਆਖਿਰਕਾਰ ਨਸ਼ੱਈ ਬਣ ਜਾਂਦਾ ਹੈ । ਬੱਚੇ, ਕਿਸ਼ੋਰ ਅਤੇ ਨੌਜਵਾਨਾਂ ਵੱਲ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ ਉਹਨਾਂ ਨੂੰ ਸੁਧਾਰਨ ਦੀ ਜਰੂਰਤ ਹੈ । ਉਹਨਾਂ ਵਿਚ ਲੀਡਰਸ਼ਿਪ ਦੇ ਗੁਣ ਭਰਨ ਦੀ ਲੋੜ ਹੈ ।

ਕਿਸ਼ੋਰ ਬੱਚਿਆਂ ਤੇ ਆਪਣੇ ਯਾਰਾਂ ਦੋਸਤਾਂ ਦਾ ਬੜਾ ਪ੍ਰਭਾਵ ਹੁੰਦਾ ਹੈ । ਕਈ ਵਾਰ ਨਸ਼ੱਈ ਆਪਣੀ ਯਾਰੀ ਦਾ ਵਾਸਤਾ ਪਾ ਕੇ ਨਸ਼ਾ ਕਰਨ ਲਈ ਜ਼ੋਰ ਪਾਉਂਦੇ ਹਨ । ਜਿਹੜੇ ਬੱਚੇ ਨਾ ਕਹਿਣਾ ਜਾਣਦੇ ਹਨ ਸਿਰਫ ਉਹ ਆਪਣੇ ਦੋਸਤਾਂ ਨੂੰ ਨਾ ਕਹਿ ਕੇ ਆਪਣੇ ਆਪ ਨੂੰ ਬਚਾ ਲੈਂਦੇ ਹਨ । ਜਿਹੜੇ ਨਾ ਨਹੀਂ ਕਹਿੰਦੇ ਹਾਂ ਕਰਦੇ ਹਨ ਉਹ ਨਸ਼ਿਆਂ ਦੇ ਦਰਿਆ ਵਿਚ ਵਹਿ ਪੈਂਦੇ ਹਨ । ਸਭ ਨੂੰ ਪਤਾ ਹੈ ਕਿ ਨਸ਼ਾ ਕਰਨ ਵਾਲੇ ਦੀ ਜ਼ਿੰਦਗੀ ਨਰਕ ਬਣ ਜਾਂਦੀ ਹੈ ਅਤੇ ਆਖਿਰਕਾਰ ਉਹ ਮੌਤ ਦੇ ਘੇਰੇ ਚ ਆ ਜਾਂਦਾ ਹੈ । ਥੋੜੇ ਸਮੇਂ ਵਿਚ ਉਹ ਜ਼ਿੰਦਗੀ ਤੋਂ ਹੱਥ ਧੋ ਲੈਂਦਾ ਹੈ । ਸਕੂਲਾਂ ਵਿਚ ਅਧਿਆਪਕ ਸਵੇਰ ਦੀ ਸਭਾ ਵਿਦਿਆਰਥੀਆਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਦੇ ਹਨ ਉਹਨਾਂ ਦਾ ਇਹ ਉਪਰਾਲਾ ਬਹੁਤ ਵਧੀਆ ਹੈ ।

ਮਾਪੇ ਵੀ ਚਾਹੁੰਦੇ ਹਨ ਕਿ ਸਾਡਾ ਬੱਚਾ ਨਸ਼ਿਆਂ ਤੋਂ ਨਿਰਲੇਪ ਹੋਵੇ । ਬੁੱਧੀਜੀਵੀ ਵਰਗ ਵੀ ਇਸ ਵਿਸ਼ੇ ਤੇ ਚਿੰਤਤ ਹਨ । ਗੱਲ ਕੀ ਸਮੁੱਚਾ ਪੰਜਾਬ ਹੀ ਦੁਖੀ ਹੈ ।

ਜਦੋਂ ਕੋਈ ਵੀ ਬੰਦਾ ਇਹ ਕਹਿੰਦਾ ਕਿ ਤੁਹਾਡਾ ਬੱਚਾ ਨਸ਼ਾ ਕਰਦਾ ਹੈ ਉਹਦੀ ਚਿੰਤਾ ਕਰੋ । ਇਹ ਗੱਲ ਸੁਣ ਕੇ ਆਪਣੇ ਬੱਚੇ ਨੂੰ ਸੁਧਾਰਨ ਦੀ ਥਾਂ ਸੱਚ ਦੱਸਣ ਵਾਲੇ ਨੂੰ ਹੀ ਬੁਰਾ ਭਲਾ ਕਹਿੰਦੇ ਹਨ । ਜਦੋਂ ਕਿ ਸਭ ਨੂੰ ਪਤਾ ਹੈ ਕਿ ਨਸ਼ੱਈ ਦਾ ਹਸ਼ਰ ਮਾੜਾ ਹੁੰਦਾ ਹੈ । ਪਰ ਅਸਲ ਵਿਚ ਮਾਪੇ ਆਪਣੇ ਬੱਚਿਆਂ ਦੀਆਂ ਆਪ ਹੁਦਰੀਆਂ ਤੇ ਖੁਦ ਪਰਦਾ ਪਾਉਂਦੇ ਹਨ ਤੇ ਇਹ ਗੱਲ ਹੱਲਾਸ਼ੇਰੀ ਵੀ ਬਣ ਜਾਂਦੀ ਹੈ । ਇਸ ਨੂੰ ਠੱਲ ਪਾਉਣ ਵਾਸਤੇ ਸਾਰਥਿਕ ਕਦਮ ਚੁੱਕੇ ਜਾਣੇ ਚਾਹੀਦੇ ਹਨ । ਪਹਿਲੀ ਗੱਲ ਨਸ਼ੇ ਦੀ ਮੰਗ ਜੇ ਇਹ ਘਟ ਜਾਵੇ ਸਭ ਕੁੱਝ ਠੀਕ ਹੋ ਸਕਦਾ ਹੈ । ਇਸ ਨੂੰ ਠੱਲ ਪਾਉਣ ਲਈ ਸਾਰੇ ਵਰਗ ਆਪਣੇ ਬੱਚਿਆਂ ਪੁੱਤਰਾਂ ਅਤੇ ਵਿਦਿਆਰਥੀਆਂ ਨੂੰ ਸਮਝਾਉਣ ਤੇ ਨਸ਼ੇ ਨੂੰ ਨਾਂਹ ਕਰਨ । ਨਸ਼ੱਈ, ਸਮਗਲਰਾਂ ਅਤੇ ਮਾੜੇ ਅਨਸਰਾਂ ਤੋਂ ਕਿਨਾਰਾਕਸ਼ੀ ਕੀਤੀ ਜਾਵੇ ।

ਮਾੜੇ ਦੋਸਤਾਂ ਦਾ ਖਹਿੜਾ ਛੱਡ ਦਿੱਤਾ ਜਾਵੇ । ਮਾਪਿਆਂ ਨੂੰ ਆਪਣੇ ਬੱਚਿਆਂ ਦੀਆਂ ਪੈੜਾਂ ਦਾ ਖਿਆਲ ਰੱਖਣਾ ਚਾਹੀਦਾ ਹੈ, ਸਮੇਂ ਸਮੇਂ ਤੇ ਉਹਨਾਂ ਨੂੰ ਚੈੱਕ ਕੀਤਾ ਜਾਵੇ । ਉਹਦੇ ਦੋਸਤ ਕਿਹੜੇ ਕਿਹੜੇ ਹਨ ? ਉਹ ਕਿਹੋ ਜਿਹੇ ਹਨ ? ਕਿਤੇ ਬੱਚੇ ਲੁਟੇਰੇ ਤਾਂ ਨਹੀਂ ਹਨ ? ਨਸ਼ੇ ਤਾਂ ਨਹੀਂ ਕਰਦੇ ? ਵਧੇਰੇ ਸਮਾਂ ਕਿੱਥੇ ਬਤੀਤ ਕਰਦੇ ਹਨ ? ਜਦੋਂ ਘਰ ਆਉਂਦੇ ਹਨ । ਮੂੰਹ ਵਿੱਚੋਂ ਕੋਈ ਬਦਬੂ ਤਾਂ ਨਹੀਂ ਆਉਂਦੀ ? ਉਹ ਝੂਲਦਾ ਤਾਂ ਨਹੀਂ ? ਉਹ ਅੱਖਾਂ ਤਾਂ ਹੋਰ ਤਰ੍ਹਾਂ ਨਹੀਂ ਕਰਦਾ । ਉਹਦਾ ਪੂਰਾ ਧਿਆਨ ਰੱਖੋ । ਬੱਚੇ ਨੂੰ ਚੰਗੀ ਤਰਾਂ ਚੈੱਕ ਕਰੋ । ਬੱਚੇ ਦੇ ਗਲਤ ਕੰਮਾਂ ਵਿਚ ਸਾਥ ਨਾ ਦਿਓ । ਬੱਚਿਆਂ ਨੂੰ ਖੇਡਾਂ ਵੱਲ ਪ੍ਰੇਤ ਕਰੋ । ਸਭ ਨੂੰ ਜਾਗਰੂਕ ਹੋਣ ਦੀ ਲੋੜ ਹੈ । ਬੱਚੇ ਨੂੰ ਚੰਗੀ ਮਾੜੀ ਦੀ ਜਾਂਚ ਕਰਨਾ ਸਿਖਾਓ । ਉਹਦੇ ਨਾਲ ਦੋਸਤਾਂ ਵਾਂਗ ਸਬੰਧ ਬਣਾਏ ਜਾਣ । ਯਾਦ ਰੱਖੋ ਨਸ਼ੇ ਨੂੰ ਨਫਰਤ ਕਰਨੀ ਹੈ, ਨਸ਼ੱਈ ਨੂੰ ਨਹੀਂ ।

ਨੌਜਵਾਨ ਨਸ਼ੇ ਦੀ ਲੱਤ ਲੱਗਣ ਕਾਰਨ ਪੈਸੇ ਦੀ ਮੰਗ ਕਰਦੇ ਹਨ ਉਹ ਪਹਿਲਾਂ ਘਰੋਂ ਚੋਰੀ ਕਰਦੇ ਹਨ ਫਿਰ ਜਦੋਂ ਘਰੋਂ ਪੈਸੇ ਨਹੀਂ ਮਿਲਦੇ ਮਾਪਿਆਂ ਦੇ ਮੰਗਦੇ ਹਨ । ਜਦੋਂ ਮਾਪੇ ਪੈਸੇ ਨਹੀਂ ਦਿੰਦੇ ਹਨ ਤਾਂ ਮਾਂ ਬਾਪ ਦੀ ਕੁੱਟਮਾਰ ਕਰਦੇ ਹਨ । ਇਥੇ ਹੀ ਗੱਲ ਮੁੱਕਦੀ ਨਹੀਂ ਇਸ ਤੋਂ ਅੱਗੇ ਰਾਹ ਜਾਂਦੇ ਰਾਹਗੀਰਾਂ ਨੂੰ ਲੁੱਟਦੇ ਹਨ ਤੇ ਫਿਰ ਇਸ ਰਕਮ ਨਾਲ ਆਪਣੇ ਨਸ਼ੇ ਦੀ ਪੂਰਤੀ ਕਰਦੇ ਹਨ । ਇਕ ਸਰਿੰਜ ਨਾਲ ਕਈ ਕਈ ਨਸ਼ੇ ਨਾਲੇ ਟੀਕੇ ਲਗਾ ਕੇ ਲਾਇਲਾਜ ਬਿਮਾਰੀ ਨੂੰ ਸੱਦਾ ਦਿੰਦੇ ਹਨ । ਨਸ਼ਾ ਚੰਗੇ ਭਲੇ ਸਰੀਰ ਦਾ ਘਾਣ ਕਰ ਦਿੰਦਾ ਹੈ । ਸਮਾਜ ਵਿਚ ਹਿੰਸਕ ਘਟਨਾਵਾਂ, ਅਪਰਾਧ, ਬੇਰੁਜ਼ਗਾਰੀ ਅਤੇ ਗਰੀਬੀ ਨੇ ਆਪਣੇ ਪੈਰ ਪਸਾਰ ਲਏ ਹਨ । ਇਸ ਕਰਕੇ ਇੱਕ ਗੁੰਝਲਦਾਰ ਮਾਹੌਲ ਸਿਰਜਿਆ ਪਿਆ ਹੈ । ਬੱਚਿਆਂ ਨੂੰ ਸਖ਼ਤੀ ਨਾਲ ਨਹੀਂ, ਪਿਆਰ, ਸਤਿਕਾਰ ਅਤੇ ਨੇੜਤਾ ਬਣਾ ਕੇ ਉਹਨਾਂ ਨੂੰ ਸਮਝਾ ਕੇ ਉਹਨਾਂ ਨੂੰ ਹੱਲਾਸ਼ੇਰੀ ਦੇ ਕੇ ਇਸ ਦਲਦਲ ਵਿੱਚੋਂ ਕੱਢਣ ਦੀ ਲੋੜ ਹੈ । ਨਸ਼ਾ ਰਹਿਤ ਸਮਾਜ ਦੀ ਸਿਰਜਣਾ ਕੀਤੀ ਜਾ ਸਕਦੀ ਹੈ । ਅਸੀਂ ਆਪਣੇ ਨੌਜਵਾਨ ਬੱਚਿਆਂ ਨੂੰ ਬਚਾਉਣ ਲਈ ਸਫ਼ਲ ਹੋ ਜਾਵਾਂਗੇ । ਸਭ ਨੂੰ ਸਾਥ ਦੇਣਾ ਚਾਹੀਦਾ ਹੈ । ਨਸ਼ੱਈ ਦੀ ਸੋਚ ਅਤੇ ਜਰੂਰਤ ਬਣ ਜਾਂਦੀ ਹੈ ਜਿਸ ਕਰਕੇ ਉਹ ਚੋਰੀ ਜਬਰਜਨਾਹ ਅਤੇ ਕਤਲ ਵਰਗੀਆਂ ਘਟਨਾਵਾਂ ਦੇ ਜਨਮ ਦਿੰਦਾ ਹੈ । ਕੁੱਝ ਵੀ ਹੋਵੇ ਚੰਗਿਆਈ ਨਹੀਂ ਛੱਡਣੀ ਚਾਹੀਦੀ ਭਲਾ ਕਰਨ ਅੱਗੇ ਆਉਣ ਦੀ ਲੋੜ ਹੈ । ਉਮੀਦ ਅਜੇ ਬਾਕੀ ਹੈ । ਮਰਨਾ ਨਹੀਂ ਜਿਉਣਾ ਹੈ । ਜ਼ਿੰਦਗੀ ਖ਼ੂਬਸੂਰਤ ਹੈ । ਉਂਗਲੀ ਫੜੋ । ਦਲ ਦਲ ਵਿਚੋਂ ਬਾਹਰ ਆ ਜਾਓ । ਮੈਂ ਪਲ ਪਲ ਜ਼ਿੰਦਗੀ ਜਿਉਣੀ ਹੈ । ਮੇਰੇ ਚੰਗੇ ਮਿੱਤਰ ਉਡੀਕਦੇ ਹਨ । ਮੈਂ ਆਪਣੇ ਮਾਂ ਬਾਪ ਦਾ ਧਿਆਨ ਰੱਖਣਾ ਹੈ । ਜਦੋਂ ਅਜਿਹੇ ਪ੍ਰਸ਼ਨ ਉਹਦੇ ਮਨ ਵਿਚ ਉਭਰਨਗੇ ਹਨ ਤਾਂ ਉਹਦੇ ਵਿਚ ਬਹੁਤ ਵੱਡਾ ਬਦਲਾ ਆ ਸਕਦਾ ਹੈ । ਨਸ਼ੇ ਦਾ ਸ਼ੌਂਕ ਕੰਡਿਆਂ ਦੀ ਸੇਜ ਹੈ । ਬੰਦਾ ਪਲ ਪਲ ਮਰਦਾ ਹੈ । ਗਰਕਦਾ ਗਰਕਦਾ ਸਦਾ ਲਈ ਗਰਕ ਜਾਂਦਾ ।

**ਪਤਾ: ਮਕਾਨ ਨੰਬਰ 166, ਗਲੀ ਹਜ਼ਾਰਾ ਸਿੰਘ, ਮੋਗਾ-142001**
**ਮੋਬਾਇਲ: 97-810-40140**

ਆਵਾਜ਼ਿ ਕੌਮ AWAZE QAUM International Newspaper & WEB TV

### ਸ੍ਰੀ ਕਰਤਾਰਪੁਰ ਸਾਹਿਬ ਕਾਰੀਡੋਰ ਖੋਲ੍ਹਣ ਲਈ

# ਸਿੱਖ ਜਥੇਬੰਦੀਆਂ ਵੱਲੋਂ ਅਰਦਾਸ



**ਡੇਰਾ ਬਾਬਾ ਨਾਨਕ, 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਕਰਤਾਰਪੁਰ ਸਾਹਿਬ ਕਾਰੀਡੋਰ ਮੁੜ ਖੋਲ੍ਹਣ ਅਤੇ ਸਿੱਖ ਸੰਗਤ ਨੂੰ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਖੁੱਲ੍ਹੇ ਦਰਸ਼ਨ-ਦੀਦਾਰ ਦੀ ਸਹੂਲਤ ਦੇਣ ਲਈ ਅੱਜ ਕਾਰੀਡੋਰ ਵਿਖੇ ਸਿੱਖ ਜਥੇਬੰਦੀਆਂ ਵੱਲੋਂ ਅਰਦਾਸ ਕੀਤੀ ਗਈ। ਇਸ ਮੌਕੇ ਸੰਗਤ ਵੱਲੋਂ ਹਿੰਦ - ਪਾਕਿ ਸਰਹੱਦ ਤੇ ਖੜੇ ਹੋ ਕਿ ਗੁਰੂ ਸਾਹਿਬ ਅੱਗੇ ਅਰਦਾਸ ਕੀਤੀ ਕਿ ਕਾਰੀਡੋਰ ਜਲਦ ਖੋਲ੍ਹਿਆ ਜਾਵੇ, ਤਾਂ ਜੋ ਸਿੱਖ ਸੰਗਤ ਬਿਨਾਂ ਕਿਸੇ ਰੁਕਾਵਟ ਦੇ ਗੁਰਧਾਮ ਦੇ ਦਰਸ਼ਨ ਕਰ ਸਕੇ ।ਸਿੱਖ ਸੰਗਤ ਦੀਆਂ ਧਾਰਮਿਕ ਭਾਵਨਾਵਾਂ ਨਾਲ ਜੁੜੇ ਇਸ ਅਹਿਮ ਮਸਲੇ ’ਤੇ ਕਾਰੀਡੋਰ ਮੁੜ ਖੋਲ੍ਹਣ ਦੀ ਮੰਗ ਨੂੰ ਉਭਾਰਦਿਆਂ ਹਾਜ਼ਰ ਸੰਗਤ ਨੇ ਆਸ ਪ੍ਰਗਟਾਈ ਕਿ ਸਬੰਧਤ ਸਰਕਾਰਾਂ ਇਸ ਦਿਸ਼ਾ ਵਿੱਚ ਜਲਦ ਠੋਸ ਕਦਮ ਚੁੱਕਣਗੀਆਂ, ਤਾਂ ਜੋ ਗੁਰੂ ਨਾਨਕ ਦੇਵ ਜੀ ਦੀ ਚਰਨਛੋਹ ਪ੍ਰਾਪਤ ਪਵਿੱਤਰ ਧਰਤੀ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਲਈ ਸੰਗਤ ਦੀ ਤਾਂਘ ਪੂਰੀ ਹੋ ਸਕੇ। ਇਸ ਮੌਕੇ ਭਾਈ ਮਨਜੀਤ ਸਿੰਘ ਭੋਮਾ, ਚੇਅਰਮੈਨ ਧਰਮ ਪ੍ਰਚਾਰ ਕਮੇਟੀ, ਭਾਈ ਸੁਰਿੰਦਰ ਪਾਲ ਸਿੰਘ ਤਾਲਬਪੁਰਾ, ਕੋ-ਆਰਡੀਨੇਟਰ ਸ੍ਰੀ ਕਰਤਾਰਪੁਰ ਸਾਹਿਬ ਕਾਰੀਡੋਰ ਲਾਂਘਾ ਸੰਘਰਸ਼ ਕਮੇਟੀ, ਸ. ਹਰਵਿੰਦਰ ਸਿੰਘ ਕੈਨੇਡਾ, ਭਾਈ ਬਲਵਿੰਦਰ ਸਿੰਘ ਦਿੱਲੀ, ਸਰਨਜੀਤ ਸਿੰਘ, ਫੌਜੀ ਕੁਲਵਿੰਦਰ ਸਿੰਘ ਰਮਦਾਸ, ਨਿਸ਼ਾਨ ਸਿੰਘ ਬਾਠ, ਜਸਪਾਲ ਸਿੰਘ ਪੱਸ਼ੀਆ, ਮੰਨੂ ਢਿੱਲੋਂ, ਗੁਰਪ੍ਰੀਤ ਬਾਠ, ਆਜ਼ਾਦ ਸਰਪੰਚ ਵੀਰਮ ਅਤੇ ਭਾਈ ਸੁੱਚਾ ਸਿੰਘ ਜੱਟਾ, ਭਾਈ ਮੰਗਲ ਸਿੰਘ ਮਾਛੀਵਾਲਾ, ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਅਰਦਾਸ ਬਾਬਾ ਹਰਜੋਤ ਸਿੰਘ ਜੀ ਵੱਲੋਂ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

# ਨਸ਼ਿਆਂ ਵਿਰੁਧ ਆਵਾਜ਼ ਉਠਾਉਣ ਵਾਲੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ : ਅਮਰੀਕ ਸਿੰਘ ਕਾਤਰੋਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪਿਛਲੇ ਲੰਮੇ ਸਮੇਂ ਤੋਂ ਨਸ਼ਿਆਂ ਦੇ ਖਿਲਾਫ ਲੜਾਈ ਲੜਦੇ ਆ ਰਹੀ ਸ, ਪਰਮਿੰਦਰ ਸਿੰਘ ਝੋਟਾ ਨੂੰ ਇੱਕ ਮੈਡੀਕਲ ਨਸਾ ਵੇਚਣ ਵਾਲੇ ਦੁਕਾਨਦਾਰ ਅਸਵਨੀ ਕੁਮਾਰ ਨੇ ਦਿਨ ਦਿਹਾੜੇ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ। ਜਿਸ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਸ੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਅਮਰੀਕ ਸਿੰਘ ਕਾਤਰੋਂ ਨੇ ਕਿਹਾ ਕਿ ਪੰਜਾਬ ਸਰਕਾਰ ਇੱਕ ਪਾਸੇ ਨਸ਼ਿਆਂ ਵਿਰੁੱਧ ਜੰਗ ਲੜਨ ਅਤੇ ਸੂਬੇ ਵਿੱਚੋਂ ਨਸ਼ਿਆਂ ਨੂੰ ਖ਼ਤਮ ਕਰਨ ਦੇ ਦਾਅਵੇ ਕਰ ਰਹੀ ਹੈ, ਪਰ ਦੂਜੇ ਪਾਸੇ ਨਸ਼ਾ ਤਸਕਰੀ ਦੀਆਂ ਘਟਨਾਵਾਂ ਅਤੇ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਦੀ ਸੁਰੱਖਿਆ ਨੂੰ ਲੈ ਕੇ ਗੰਭੀਰ ਵਾਲ ਖੜ੍ਹੇ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਨਸ਼ਿਆਂ ਵਿਰੁੱਧ ਲੜਨ ਵਾਲੇ ਨੌਜਵਾਨਾਂ ਨੂੰ ਹੀ ਆਪਣੀ ਸੁਰੱਖਿਆ ਦੀ ਚਿੰਤਾ ਕਰਨੀ ਪਵੇ, ਤਾਂ ਸਰਕਾਰ ਦੇ ਦਾਅਵਿਆਂ ਦੀ ਜ਼ਮੀਨੀ ਹਕੀਕਤ ’ਤੇ ਸਵਾਲ ਉੱਠਣੇ ਸੁਭਾਵਿਕ ਹਨ। ਉਨ੍ਹਾਂ ਕਿਹਾ ਕਿ ਪਰਮਿੰਦਰ ਸਿੰਘ ਝੋਟਾ ਲੰਮੇ ਸਮੇਂ ਤੋਂ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਦਾ ਆ ਰਿਹਾ ਸੀ ਅਤੇ ਪਹਿਲਾਂ ਵੀ ਉਸ ਨੂੰ ਕਥਿਤ ਤੌਰ ’ਤੇ ਪੁਲਿਸ ਕਾਰਵਾਈ ਦਾ ਸਾਹਮਣਾ ਕਰਨਾ ਪਿਆ ਸੀ। ਅਜਿਹੇ ਨੌਜਵਾਨ ਦਾ ਕਤਲ ਹੋਣਾ ਬੇਹੱਦ ਮੰਦਭਾਗਾ ਹੈ। ਇਸ ਘਟਨਾ ਨੇ ਪੰਜਾਬ ਵਿੱਚ ਮਾੜੇ ਅਨਸਰਾਂ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕਾਂ ਦੀ ਸੁਰੱਖਿਆ ਨੂੰ ਲੈ ਕੇ ਗੰਭੀਰ ਚਿੰਤਾਵਾਂ ਪੈਦਾ ਕੀਤੀਆਂ ਹਨ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਇਸ ਮਾਮਲੇ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਕਤਲ ਦੇ ਦੋਸ਼ੀਆਂ ਨੂੰ ਕਾਨੂੰਨ ਅਨੁਸਾਰ ਸਖ਼ਤ ਸਜ਼ਾ ਦਿਵਾਈ ਜਾਵੇ। ਇਸ ਦੇ ਨਾਲ ਹੀ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਸਿਰਫ਼ ਬਿਆਨਾਂ ਅਤੇ ਦਾਅਵਿਆਂ ਤੱਕ ਸੀਮਤ ਰਹਿਣ ਦੀ ਬਜਾਏ ਜ਼ਮੀਨੀ ਪੱਧਰ ’ਤੇ ਨਸ਼ਿਆਂ ਵਿਰੁੱਧ ਠੋਸ ਕਾਰਵਾਈ ਕਰਨੀ ਚਾਹੀਦੀ ਹੈ, ਤਾਂ ਜੋ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਇਆ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

# ਚੌਥੇ ਗੁਰਮਤਿ ਮੁਕਾਬਲਿਆਂ ’ਚ ਕਲਗੀਧਰ ਪਬਲਿਕ ਸਕੂਲ ਭਿੱਖੀਵਿੰਡ ਦੀ ਸ਼ਾਨਦਾਰ ਜਿੱਤ

### ਗੁਰੂ ਕੀ ਰਸੋਈ ਵੱਲੋਂ ਕਲਗੀਧਰ ਪਬਲਿਕ ਸਕੂਲ ਪੱਖੀਵਿੰਡ ਦੇ ਵਿਦਿਆਰਥੀਆਂ ਨੂੰ ਕੀਤਾ ਗਿਆ ਸਨਮਾਨਿਤ





ਭਿੱਖੀਵਿੰਡ (ਖਾਲੜਾ), 14 ਅਕਤੂਬਰ (ਆਵਾਜ਼ਿ ਕੌਮ ਬਿਊਰੋ)- ਗੁਰੂ ਕੀ ਰਸੋਈ, ਅੱਛਰਵਾਲ (ਹੁਸ਼ਿਆਰਪੁਰ) ਵੱਲੋਂ ਕਰਵਾਏ ਗਏ ਚੌਥੇ ਗੁਰਮਤਿ ਮੁਕਾਬਲਿਆਂ ਵਿੱਚ ਕਲਗੀਧਰ ਪਬਲਿਕ ਸਕੂਲ, ਭਿੱਖੀਵਿੰਡ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ। ਵਿਦਿਆਰਥੀਆਂ ਨੇ ਕਵੀਸ਼ਰੀ ਅਤੇ ਗੁਰਬਾਣੀ ਕੀਰਤਨ ਦੀਆਂ ਤਿੰਨੋਂ ਪ੍ਰਤੀਯੋਗਤਾਵਾਂ ਵਿੱਚ ਮਾਣਮੱਤੀਆਂ ਪ੍ਰਾਪਤੀਆਂ ਹਾਸਲ ਕੀਤੀਆਂ । ਕਵੀਸ਼ਰੀ ਮੁਕਾਬਲੇ ਦੇ ਸੀਨੀਅਰ ਵਰਗ ਵਿੱਚ ਸਕੂਲ ਦੇ ਵਿਦਿਆਰਥੀਆਂ ਗੁਰਬਾਜ਼ ਸਿੰਘ ,ਸੁਖਬੀਰ ਸਿੰਘ ਅਤੇ ਪਵਨਦੀਪ ਸਿੰਘ ਨੇ ਪੂਰੇ ਪੰਜਾਬ ਵਿੱਚੋਂ ਦੂਜਾ ਸਥਾਨ ਹਾਸਲ ਕਰਕੇ 50,000 ਰੁਪਏ ਦਾ ਨਕਦ ਸਨਮਾਨ ਪ੍ਰਾਪਤ ਕੀਤਾ। ਇਸ ਪ੍ਰਾਪਤੀ ਤੇ ਸਕੂਲ ਮਾਣ ਮਹਿਸੂਸ ਕਰਦਾ ਹੈ। ਗੁਰਬਾਣੀ ਕੀਰਤਨ ਦੇ ਜੂਨੀਅਰ ਵਰਗ ਵਿੱਚ ਇਸ਼ਮੀਤ ਸਿੰਘ, ਅਵਨੀਤ ਕੌਰ, ਨਵਰੀਤ ਕੌਰ, ਗੁਰਨੂਰ ਸਿੰਘ ਅਤੇ ਪਵਨਦੀਪ ਸਿੰਘ ਨੇ ਸੱਤਵਾਂ ਸਥਾਨ ਹਾਸਲ ਕਰਕੇ 8,000 ਰੁਪਏ ਦੀ ਸਨਮਾਨ ਰਾਸ਼ੀ ਪ੍ਰਾਪਤ ਕੀਤੀ । ਇਸੇ ਤਰ੍ਹਾਂ ਗੁਰਬਾਣੀ ਕੀਰਤਨ ਦੇ ਸੀਨੀਅਰ ਗਰੁੱਪ ਵਿੱਚ ਐਸ਼ਮੀਤ ਕੌਰ, ਗੁਰਕਿਰਤ ਸਿੰਘ, ਨਵਜੋਤ ਕੌਰ, ਹਰਸਿਮਰਤ ਕੌਰ, ਜਰਨੈਲ ਸਿੰਘ ਅਤੇ ਸੁਖਮੀਤ ਕੌਰ ਨੇ ਨੌਵਾਂ ਸਥਾਨ ਪ੍ਰਾਪਤ ਕਰਕੇ 4,000 ਰੁਪਏ ਦੀ ਸਨਮਾਨ ਰਾਸ਼ੀ ਹਾਸਲ ਕੀਤੀ। ਕਲਗੀਧਰ ਪਬਲਿਕ ਸਕੂਲ ਭਿੱਖੀਵਿੰਡ ਦੇ ਚੀਫ਼ ਡਾਇਰੈਕਟਰ ਸ. ਬੁੱਢਾ ਸਿੰਘ ਜੀ ਨੇ ਇਸ ਸ਼ਾਨਦਾਰ ਸਫ਼ਲਤਾ ’ਤੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਗੁਰਮਤਿ ਅਤੇ ਗੁਰਬਾਣੀ ਨਾਲ ਬੱਚਿਆਂ ਨੂੰ ਜੋੜਨਾ ਬਹੁਤ ਜ਼ਰੂਰੀ ਹੈ। ਮੈਨੇਜਿੰਗ ਡਾਇਰੈਕਟਰ ਮਨਦੀਪ ਕੌਰ ਨੇ ਕਿਹਾ ਕਿ ਇਹ ਪ੍ਰਾਪਤੀ ਵਿਦਿਆਰਥੀਆਂ ਦੀ ਮਿਹਨਤ, ਲਗਨ ਅਤੇ ਅਧਿਆਪਕਾਂ ਦੀ ਸੁਚੱਜੀ ਅਗਵਾਈ ਦਾ ਨਤੀਜਾ ਹੈ। ਪ੍ਰਿੰਸੀਪਲ ਸ੍ਰੀਮਤੀ ਅਜੀਤ ਕੌਰ ਨੇ ਵਿਦਿਆਰਥੀਆਂ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਕਿਹਾ ਕਿ ਤਿੰਨੋਂ ਮੁਕਾਬਲਿਆਂ ਵਿੱਚ ਪ੍ਰਾਪਤ ਕੀਤੇ ਸਥਾਨ ਬੱਚਿਆਂ ਦੀ ਨਿਰੰਤਰ ਮਿਹਨਤ ਅਤੇ ਗੁਰਮਤਿ ਪ੍ਰਤੀ ਸਮਰਪਣ ਦਾ ਪ੍ਰਮਾਣ ਹਨ। ਇਸ ਸਫ਼ਲਤਾ ਵਿੱਚ ਸਕੂਲ ਦੇ ਸੰਗੀਤ ਅਧਿਆਪਕਾਂ ਅਰਸ਼ਪ੍ਰੀਤ ਸਿੰਘ, ਮਨਪ੍ਰੀਤ ਕੌਰ, ਗੁਰਜੀਤ ਸਿੰਘ ਅਤੇ ਜਸਵਿੰਦਰ ਸਿੰਘ ਦਾ ਵਿਸ਼ੇਸ਼ ਯੋਗਦਾਨ ਰਿਹਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਬ੍ਰਹਮ ਗਿਆਨੀ ਸੰਤ ਬਾਬਾ ਹਜ਼ਾਰਾ ਸਿੰਘ ਜੀ ਦੀ 78ਵੀਂ ਸਲਾਨਾ ਯਾਦ 'ਚ

# ਮਹਾਨ ਗੁਰਮਤਿ ਸਮਾਗਮ ਅਤੇ ਸੰਤ ਸਮਾਗਮ ਸੰਪੰਨ





**ਨਿੱਕੇ ਘੁੰਮਣਾ (ਗੁਰਦਾਸਪੁਰ), 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਨਿੱਕੇ ਘੁੰਮਣਾ ਦੇ ਪ੍ਰਸਿੱਧ ਧਾਰਮਿਕ ਅਸਥਾਨ ਗੁਰਦੁਆਰਾ ਅੰਗੀਠਾ ਸਾਹਿਬ ਵਿਖੇ ਬ੍ਰਹਮ ਗਿਆਨੀ ਸੰਤ ਬਾਬਾ ਹਜ਼ਾਰਾ ਸਿੰਘ ਜੀ ਦੀ 78ਵੀਂ ਸਲਾਨਾ ਯਾਦ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਅਤੇ ਸੰਤ ਸਮਾਗਮ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਇਹ ਸਮਾਗਮ ਇਸ ਅਸਥਾਨ ਦੇ ਮੌਜੂਦਾ ਮੁਖੀ ਸੰਤ ਬਾਬਾ ਬੁੱਧ ਸਿੰਘ ਜੀ ਅਤੇ ਉਨ੍ਹਾਂ ਦੇ ਯੋਗ ਸਪੁੱਤਰ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਐਡਵੋਕੇਟ ਸ. ਲੋਕਪਾਲ ਸਿੰਘ ਜੀ ਦੀ ਅਗਵਾਈ ਹੇਠ ਸਮੂਹ ਸੰਗਤ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਰਾਗੀ, ਢਾਡੀ ਅਤੇ ਕਥਾਵਾਚਕ ਜਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਨਾਲ ਨਿਹਾਲ ਕੀਤਾ ਅਤੇ ਵੱਡੀ ਗਿਣਤੀ 'ਚ ਸੰਤ-ਮਹਾਂਪੁਰਸ਼ਾਂ ਨੇ ਹਾਜ਼ਰੀ ਭਰੀ। ਸਟੇਜ ਦੀ ਸੇਵਾ ਵਿਸ਼ੇਸ਼ ਤੌਰ 'ਤੇ ਉੱਘੇ ਸਿੱਖ ਵਿਦਵਾਨ ਅਤੇ ਅੰਤਿਕ ਬੁਲਾਰੇ ਸ. ਭਗਵਾਨ ਸਿੰਘ ਜੌਹਲ ਜੀ ਨੇ ਬਾਖੂਬੀ ਨਿਭਾਈ। ਸਮਾਗਮ ਦੇ ਅੰਤ 'ਚ ਇਸ ਅਸਥਾਨ ਦੇ ਮੌਜੂਦਾ ਮੁਖੀ ਬਾਬਾ ਬੁੱਧ ਸਿੰਘ ਜੀ, ਬਾਬਾ ਬਲਵਿੰਦਰ ਸਿੰਘ ਜੀ ਅਤੇ ਬਾਬਾ ਜੀ ਦੇ ਸਪੁੱਤਰ ਐਡਵੋਕੇਟ ਸ. ਲੋਕਪਾਲ ਸਿੰਘ ਜੀ ਵੱਲੋਂ ਸ. ਭਗਵਾਨ ਸਿੰਘ ਜੌਹਲ ਜੀ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।

ਬੇਬੁਨਿਆਦ, ਝੂਠੇ ਤੇ ਗੁਮਰਾਹਕੁਨ ਅੰਕੜੇ ਪੇਸ਼ ਕਰਨ ਤੇ ਉੱਤਰੀ ਸਰਕਾਰ

# 21 ਅਤੇ 22 ਅਕਤੂਬਰ ਨੂੰ ਪੰਜਾਬ ਦੇ ਸਮੁੱਚੇ ਮੁਲਾਜ਼ਮ ਸਮੂਹਿਕ ਛੁੱਟੀ ਤੇ ਜਾਣਗੇ



## 17 ਜੁਲਾਈ 2020 ਤੋਂ ਭਰਤੀ ਮੁਲਾਜ਼ਮਾਂ ਦੀ ਮੁੱਖ ਮੰਗ ਮਹਿੰਗਾਈ ਭੱਤਾ ਨਹੀਂ, ਬਲਕਿ 17 ਜੁਲਾਈ 2020 ਦੇ ਪੱਤਰ ਰਾਹੀਂ ਜਬਰੀ ਥੋਪੇ ਕੇਂਦਰੀ ਤਨਖਾਹ ਸਕੇਲ ਰੱਦ ਕਰਾਉਣ ਦੀ ਹੈ - ਸਾਂਝੀ ਤਾਲਮੇਲ ਕਮੇਟੀ

**ਹੁਸ਼ਿਆਰਪੁਰ, 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਸਰਕਾਰ ਆਪਣੀਆਂ ਨਕਾਮੀਆਂ ਨੂੰ ਛੁਪਾਉਣ ਵਾਸਤੇ ਹੁਣ ਬੇਬੁਨਿਆਦ, ਝੂਠੇ ਤੇ ਗੁਮਰਾਹਕੁਨ ਅੰਕੜੇ ਪੇਸ਼ ਕਰਨ ਵਰਗੀਆਂ ਕੋਝੀਆਂ ਹਰਕਤਾਂ ਤੇ ਉਤਰ ਆਈ ਹੈ। ਇਨਾਂ ਸ਼ਬਦਾਂ ਦਾ ਪ੍ਰਗਟਾਵਾ "ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ" ਅਤੇ "ਸਾਂਝਾਂ ਮੁਲਾਜ਼ਮ ਮੰਚ, ਪੰਜਾਬ" ਤੇ ਅਧਾਰਤ ਬਣੀ ਸਾਂਝੀ ਤਾਲਮੇਲ ਕਮੇਟੀ ਦੇ ਪ੍ਰਮੁੱਖ ਆਗੂਆਂ ਸਰਵ ਸ਼੍ਰੀ ਸਤੀਸ਼ ਰਾਣਾ, ਗੁਰਨਾਮ ਸਿੰਘ ਵਿਰਕ, ਸੁਖਚੈਨ ਸਿੰਘ ਖਹਿਰਾ, ਰਣਜੀਤ ਸਿੰਘ ਰਾਣਵਾ, ਸੁਸ਼ੀਲ ਕੁਮਾਰ ਫੌਜੀ, ਕਰਮ ਸਿੰਘ ਧਨੋਆ, ਹਰਜਿੰਦਰ ਸਿੰਘ ਪੰਨੂ, ਜਰਮਨਜੀਤ ਸਿੰਘ, ਮਨਪ੍ਰੀਤ ਸਿੰਘ, ਰਕੇਸ਼ ਕੁਮਾਰ, ਭਜਨ ਸਿੰਘ ਗਿੱਲ, ਐਨ ਕੇ ਕਲਸੀ, ਮਨਜੀਤ ਸਿੰਘ ਬਾਸਰਕੇ, ਤਰਸੇਮ ਸਿੰਘ ਭੱਠਲ, ਕੁਲਵਿੰਦਰ ਸਿੰਘ ਢਿੱਲੋ, ਸੁਖਦੇਵ ਸਿੰਘ ਸੈਣੀ, ਗੁਰਸ਼ਰਨ ਸਿੰਘ ਹੁੰਦਲ, ਗਗਨਦੀਪ ਸਿੰਘ ਭੁੱਲਰ, ਦੀਦਾਰ ਸਿੰਘ ਚੋਕਰ, ਅਮਰੀਕ ਸਿੰਘ ਕੰਗ, ਦਿਲਪ੍ਰੀਤ ਸਿੰਘ, ਦਿਗਵਿਜੇ ਪਾਲ ਸ਼ਰਮਾ, ਹਰਨੇਕ ਸਿੰਘ, ਅਵਤਾਰ ਸਿੰਘ ਕੈਂਥ, ਰਘਵੀਰ ਸਿੰਘ ਬਡਵਾਲ , ਜਗਦੀਸ਼ ਸਿੰਘ ਚਾਹਲ, ਮਨਦੀਪ ਸਿੰਘ, ਰਾਧੇ ਸ਼ਾਮ, ਜਸਵੀਰ ਸਿੰਘ ਤਲਵਾੜਾ, ਕਰਮਜੀਤ ਸਿੰਘ ਬੀਹਲਾ ਅਤੇ ਬੋਬਿੰਦਰ ਸਿੰਘ ਨੇ ਸਾਂਝਾ ਪ੍ਰੈੱਸ ਬਿਆਨ ਜਾਰੀ ਕਰਦਿਆਂ ਕੀਤਾ। ਬੀਤੇ ਕੱਲ ਆਮ ਆਦਮੀ ਪਾਰਟੀ ਦੇ ਪ੍ਰਧਾਨ ਅਤੇ ਕੈਬਨਟ ਮੰਤਰੀ ਸ੍ਰੀ ਅਮਨ ਅਰੋੜਾ ਵੱਲੋਂ ਕੈਬਨਟ ਸਬ ਕਮੇਟੀ ਵੱਲੋਂ ਲਏ ਫੈਸਲੇ ਤਹਿਤ ਇੱਕ ਪ੍ਰੈਸ ਕਾਨਫਰੰਸ ਕੀਤੀ ਗਈ, ਜਿਸ ਵਿੱਚ ਉਹਨਾਂ ਆਖਿਆ ਕਿ 17 ਜੁਲਾਈ 2020 ਤੋਂ ਭਰਤੀ ਹੋਏ ਮੁਲਾਜ਼ਮਾਂ ਨੂੰ 60 ਪ੍ਰਤੀਸ਼ਤ ਮਹਿੰਗਾਈ ਭੱਤਾ ਦੇਣ ਸਬੰਧੀ ਸਿਫਾਰਿਸ਼ ਮੁੱਖ ਮੰਤਰੀ ਨੂੰ ਕੀਤੀ ਜਾਵੇਗੀ, ਜਿਸ ਤੇ ਆਪਣਾ ਪ੍ਰਤੀਕਰਮ ਕਰਦਿਆਂ ਸਾਂਝੀ ਤਾਲਮੇਲ ਕਮੇਟੀ ਦੇ ਉਕਤ ਆਗੂਆਂ ਆਖਿਆ ਕਿ ਇਹਨਾਂ ਮੁਲਾਜ਼ਮਾਂ ਦੀ ਮੁੱਖ ਮੰਗ 17.07.2020 ਦੇ ਪੱਤਰ ਰਾਹੀਂ ਜਬਰੀ ਥੋਪੇ ਕੇਂਦਰੀ ਤਨਖਾਹ ਸਕੇਲ ਰੱਦ ਕਰਕੇ ਪੰਜਾਬ ਸਕੇਲ ਕਰਨ ਦੀ ਹੈ ਨਾ ਕਿ ਮਹਿੰਗਾਈ ਭੱਤਾ। ਉਕਤ ਆਗੂਆਂ ਆਖਿਆ ਕਿ ਪੰਜਾਬ ਸਰਕਾਰ ਗੱਲ ਬਾਤ ਲਈ ਸੁਖਾਵਾਂ ਮਾਹੌਲ ਬਣਾਉਣ ਲਈ ਬਦਲਾ ਲੋਕ ਭਾਵਨਾ ਨਾਲ ਸਾਂਝੀ ਤਾਲਮੇਲ ਕਮੇਟੀ ਦੇ ਪ੍ਰਮੁੱਖ ਆਗੂ ਸਾਥੀ ਸੁਖਚੈਨ ਸਿੰਘ ਖਹਿਰਾ ਦੀ ਕੀਤੀ ਬਦਲੀ ਰੱਦ ਕਰੇ ਅਤੇ ਸਮੂਹਿਕ ਛੁੱਟੀ ਤੇ ਗਏ ਮੁਲਾਜ਼ਮਾਂ ਸਬੰਧੀ ਕੱਢੇ ਪੱਤਰ ਵਾਪਸ ਲਵੇ ਅਤੇ ਸਰਕਾਰ ਟਕਰਾਅ ਦੀ ਨੀਤੀ ਛੱਡ ਕੇ ਮੁਲਾਜ਼ਮਾ ਤੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਨਿਪਟਾਰਾ ਕਰੇ, ਜਿਸ ਦੇ ਤਹਿਤ ਮਹਿੰਗਾਈ ਭੱਤੇ ਅਤੇ ਤਨਖਾਹ ਕਮਿਸ਼ਨ ਦੇ ਬਕਾਇਆ ਸਬੰਧੀ ਪੰਜਾਬ ਸਰਕਾਰ ਮਾਨਯੋਗ ਹਾਈ ਕੋਰਟ ਦੇ ਫੈਸਲੇ ਦਾ ਸਤਿਕਾਰ ਕਰਦਿਆਂ ਸਮੁੱਚੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਭੁਗਤਾਨ ਕਰੇ , ਹਰ ਤਰ੍ਹਾਂ ਦੇ ਕੱਚੇ ਮੁਲਾਜ਼ਮ ਬਿਨਾਂ ਸ਼ਰਤ ਪੂਰੀਆਂ ਤਨਖਾਹਾਂ ਵਿੱਚ ਪੱਕੇ ਕੀਤੇ ਜਾਣ, ਆਪਣੇ ਵਾਅਦੇ ਅਨੁਸਾਰ ਮਿਡ ਡੇ ਮੀਲ ਵਰਕਰਾਂ, ਆਸ਼ਾ ਵਰਕਰਾਂ ਅਤੇ ਆਗਣਵਾੜੀ ਵਰਕਰਾਂ ਤੇ ਹੈਲਪਰਾਂ ਦੇ ਮਾਣ ਭੱਤੇ/ ਇਨਸੈਂਟਿਵ ਦੁਗਣੇ ਕੀਤੇ ਜਾਣ, ਆਪਣੇ ਵਾਅਦੇ ਅਨੁਸਾਰ ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਤਨਖਾਹ ਕਮਿਸ਼ਨ ਦੀ ਸਿਫਾਰਿਸ਼ ਅਨੁਸਾਰ ਪੈਨਸ਼ਨਰਾਂ ਦੀ ਪੈਨਸ਼ਨ ਦੋਹਰਾਈ 2.59 ਗੁਣਾਕ ਨਾਲ ਕੀਤੀ ਜਾਵੇ, ਪ੍ਰੋਵੇਸ਼ਨਲ ਪੀਰੀਅਡ ਸਬੰਧੀ 15.01.2015 ਦਾ ਅਤੇ ਜਬਰੀ ਥੋਪੇ ਕੇਂਦਰੀ ਤਨਖਾਹ ਸਕੇਲਾਂ ਸਬੰਧੀ 17.7.2020 ਦਾ ਪੱਤਰ ਵਾਪਸ ਲਿਆ ਜਾਵੇ, ਸਮੁੱਚੇ ਅਦਾਰਿਆਂ ਅੰਦਰ ਖਾਲੀ ਪਈਆਂ ਅਸਾਮੀਆਂ ਰੈਗੂਲਰ ਭਰਤੀ ਰਾਹੀਂ ਭਰੀਆਂ ਜਾਣ, ਏਸੀਪੀ ਸਕੀਮ ਮੁੜ ਚਾਲੂ ਕੀਤੀ ਜਾਵੇ, ਸੋਧਣ ਦੇ ਨਾਮ ਤੇ ਬੰਦ ਕੀਤੇ ਭੱਤੇ ਸੋਧ ਕੇ ਲਾਗੂ ਕੀਤੇ ਜਾਣ, ਡਿਵੈਲਪਮੈਂਟ ਦੇ ਨਾਂ ਤੇ ਲਿਆ ਜਾ ਰਿਹਾ 200 ਰੁਪਏ ਪ੍ਰਤੀ ਮਹੀਨਾ ਜਜੀਆ ਬੰਦ ਕੀਤਾ ਜਾਵੇ, ਮਾਨਯੋਗ ਅਦਾਲਤਾਂ ਦੇ ਫੈਸਲੇ ਜਨਰਲਲਾਈਜ਼ ਕੀਤੇ ਜਾਣ। ਨਹੀਂ ਤਾਂ ਸਾਂਝੀ ਤਾਲਮੇਲ ਕਮੇਟੀ ਅਗਲੇ ਤਿਖੇ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ ਜਿਸ ਦੇ ਤਹਿਤ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਵੱਲੋਂ 8 ਸਤੰਬਰ ਨੂੰ ਕੰਮ ਠੱਪ ਰੱਖਿਆ ਜਾਵੇਗਾ ਅਤੇ ਜਿਲਾ ਕੇਂਦਰਾਂ ਤੇ ਕੀਤੀਆਂ ਜਾਣ ਵਾਲੀਆਂ ਰੈਲੀਆਂ ਵਿੱਚ ਸਾਂਝੀ ਤਾਲਮੇਲ ਕਮੇਟੀ ਨਾਲ ਸਬੰਧਤ ਸਮੂਚੀਆਂ ਧਿਰਾਂ ਸ਼ਾਮਿਲ ਹੋਣਗੀਆਂ, 12-13 ਸਤੰਬਰ ਨੂੰ 07 ਮੰਤਰੀਆਂ ਦੀਆਂ ਕੋਠੀਆਂ ਦੇ ਘਰਾਓ ਕੀਤੇ ਜਾਣਗੇ ਅਤੇ 19-20 ਸਤੰਬਰ ਨੂੰ ਰਹਿੰਦੇ ਮੰਤਰੀਆਂ ਅਤੇ ਵਿਧਾਇਕਾਂ ਦੇ ਘਰਾਂ ਦਾ ਘਰਾਓ ਕੀਤਾ ਜਾਵੇਗਾ , 10 ਅਕਤੂਬਰ ਨੂੰ ਸੰਗਰੂਰ ਵਿਖੇ ਮਹਾਂ ਰੈਲੀ ਕੀਤੀ ਜਾਵੇਗੀ ਅਤੇ ਇਸ ਉਪਰੰਤ 21 ਤੇ 22 ਅਕਤੂਬਰ ਨੂੰ ਪੰਜਾਬ ਦੇ ਸਮੁੱਚੇ ਮੁਲਾਜ਼ਮ ਸਮੂਹਿਕ ਛੁੱਟੀ ਤੇ ਜਾਣਗੇ।

# ਸਮੂਹ ਰਾਜਨੀਤਕ ਪਾਰਟੀਆਂ ਦੇ ਆਗੂਆਂ ਵੱਲੋਂ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਨੂੰ ਇਨਸਾਫ ਦਿਵਾਉਣ ਲਈ ਪੰਜਾਬ ਬੰਦ ਦੇ ਸੱਦੇ ਦਾ ਸਮਰਥਨ, ਰੋਸ ਮਾਰਚ ਕੱਢਿਆ










**ਬਰਨਾਲਾ, 15 ਅਕਤੂਬਰ (ਆਵਾਜ਼ਿ ਕੌਮ ਬਿਊਰੋ)-**ਮਾਨਸਾ ਵਿਖੇ ਨਸ਼ਾ ਤਸਕਰ ਵੱਲੋਂ ਗੋਲੀ ਮਾਰ ਕੇ ਮਾਰੇ ਗਏ ਸੋਸ਼ਲ ਵਰਕਰ ਪਰਵਿੰਦਰ ਸਿੰਘ ਝੋਟਾ ਦੇ ਕਾਤਲਾਂ ਨੂੰ ਸਖਤ ਸਜ਼ਾ ਦਿਵਾਉਣ ਅਤੇ ਪਰਿਵਾਰ ਨੂੰ ਇਨਸਾਫ ਦਵਾਉਣ ਲਈ ਸਮੂਹ ਰਾਜਨੀਤਕ ਪਾਰਟੀ ਵੱਲੋਂ ਦਿੱਤੇ ਗਏ ਪੰਜਾਬ ਬੰਦ ਦੇ ਸੱਦੇ ਤਹਿਤ ਅੱਜ ਬਰਨਾਲਾ ਵਿਖੇ ਵੀ ਸ਼੍ਰੋਮਣੀ ਅਕਾਲੀ ਦਲ ਕਾਂਗਰਸ ਪਾਰਟੀ, ਭਾਰਤੀ ਜਨਤਾ ਪਾਰਟੀ ਅਤੇ ਵਾਰਸ ਪੰਜਾਬ ਦੇ ਪਾਰਟੀ ਵੱਲੋਂ ਇੱਕਜੁੱਟ ਹੋ ਕੇ ਰੇਲਵੇ ਸਟੇਸ਼ਨ ਤੇ ਇਕੱਠੇ ਹੋ ਕੇ ਸ਼ਹੀਦ ਭਗਤ ਸਿੰਘ ਚੌਕ ਤੱਕ ਰੋਸ ਮਾਰਚ ਕੱਢਿਆ। ਉਹਨਾਂ ਮੰਗ ਕੀਤੀ ਕਿ ਪਰਵਿੰਦਰ ਸਿੰਘ ਝੋਟੇ ਦੇ ਕਾਤਲਾਂ ਨੂੰ ਸਖਤ ਤੋਂ ਸਖਤ ਸਜ਼ਾਵਾਂ ਦਿੱਤੀਆਂ ਜਾਣ। ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਯਾਦਵਿੰਦਰ ਸਿੰਘ ਬਿੱਟੂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ ਨਸ਼ਾ ਵਿਰੋਧੀ ਮੁਹਿੰਮ ਚਲਾਈ ਗਈ ਹੈ ਜਦ ਤੱਕ ਨਸ਼ਾ ਪੰਜਾਬ ਵਿੱਚੋਂ ਪੂਰੀ ਤਰ੍ਹਾਂ ਖਤਮ ਨਹੀਂ ਹੋ ਜਾਂਦਾ ਸ਼੍ਰੋਮਣੀ ਅਕਾਲੀ ਦਲ ਦਾ ਸੰਘਰਸ਼ ਜਾਰੀ ਰਹੇਗਾ।। ਭਾਜਪਾ ਤੇ ਜ਼ਿਲ੍ਹਾ ਪ੍ਰਧਾਨ ਨਰਿੰਦਰ ਗਰਗ ਨੀਟਾ ਨੇ ਕਿਹਾ ਕਿ ਪੰਜਾਬ ਸਰਕਾਰ ਵੋਟਾਂ ਸਮੇਂ ਜੋ ਦਾਅਵੇ ਕਰਦੀ ਸੀ ਸਭ ਫੇਲ ਹੋ ਗਏ ਹਨ ਨਸ਼ਾ ਤਸਕਰਾਂ ਦੇ ਹੌਸਲੇ ਬੁਲੰਦ ਹੋ ਗਏ ਹਨ ਦਿਨੋ ਦਿਨ ਨਸ਼ਾ ਘਟਣ ਦੀ ਬਜਾਏ ਵਧ ਰਿਹਾ ਹੈ। ਕਿਉਂਕਿ ਨਸ਼ਾ ਤਸਕਰਾਂ ਵਿਰੁੱਧ ਆਵਾਜ਼ ਉਠਾਉਣ ਤੇ ਪਰਵਿੰਦਰ ਝੋਟਾ ਲਾਗੇ ਨੌਜਵਾਨਾਂ ਨੂੰ ਗੋਲੀ ਮਾਰ ਦਿੱਤੀ ਜਾਂਦੀ ਹੈ। ਰੋਸ ਮਾਰਚ ਦੌਰਾਨ ਕਾਂਗਰਸ ਪਾਰਟੀ ਦੇ ਹਲਕਾ ਬਰਨਾਲਾ ਦੇ ਵਿਧਾਇਕ ਕੁਲਦੀਪ ਸਿੰਘ ਕਾਲਾ ਢਿਲੋਂ, ਗਿਰਧਰ ਮਿੱਤਲ, ਬਿੱਟੂ ਸ਼ਰਮਾ, ਮਨਿੰਦਰ ਸਿੰਘ, ਵਰੁਣ ਬੱਤਾ, ਨਰਿੰਦਰ ਸ਼ਰਮਾ। ਸ਼੍ਰੋਮਣੀ ਅਕਾਲੀ ਦਲ ਦੇ ਜਿਲਾ ਪ੍ਰਧਾਨ ਯਾਦਵਿੰਦਰ ਸਿੰਘ ਬਿੱਟੂ, ਕੁਲਵੰਤ ਸਿੰਘ ਕੰਤਾ ਹਲਕਾ ਇੰਚਾਰਜ, ਸੁਰਜੀਤ ਸਿੰਘ ਠੀਕਰੀਵਾਲ ਮੈਨੇਜਰ, ਰੁਪਿੰਦਰ ਸੰਧੂ ਐਡਵੋਕੇਟ, ਤਰਨਜੀਤ ਸਿੰਘ ਦੁਗਲ, ਸੁਖਪਾਲ ਉਪਾਣਾ, ਸੰਜੀਵ ਸੋਰੀ। ਭਾਜਪਾ ਦੇ ਜਿਲਾ ਬਰਨਾਲਾ ਨਰਿੰਦਰ ਗਰਗ ਨੀਟਾ ਗੁਰਜਿੰਦਰ ਸਿੰਘ ਸਿੱਧੂ, ਸ਼ਿਵ ਕੁਮਾਰ ਸਿੰਗਲਾ ਰਾਜੂ ਚੌਧਰੀ ਐਮਸੀ, ਧਰਮ ਸਿੰਘ ਫੌਜੀ ਐਮਸੀ ਸਮੇਤ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਵੀ ਰੋਸ ਮਾਰਚ ਵਿੱਚ ਸ਼ਾਮਿਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243